ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ



ਮਾਸਿਕ

# ਸੇਵਾ ਸਰਗਰਮੀਆਂ

ਲੜੀ ਨੰਬਰ 22, ਦਸੰਬਰ 2019 (ਮੱਘਰ-ਪੋਹ ਸੰਮਤ ਨਾਨਕਸ਼ਾਹੀ 551) । ਮੁੱਖ ਸੰਪਾਦਕ : ਮਹਿੰਦਰ ਸਿੰਘ ਆਹਲੀ । ਪ੍ਰਕਾਸ਼ਕ : ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ । ਫੋਨ : 01832553956-60 । ਈਮੇਲ : sgpcsargarmiya@gmail.com

## ਭਾਈ ਗੋਬਿੰਦ ਸਿੰਘ ਲੌਂਗੋਵਾਲ ਲਗਾਤਾਰ ਤੀਜੀ ਵਾਰ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਬਣੇ

### ਭਾਈ ਰਜਿੰਦਰ ਸਿੰਘ ਮਹਿਤਾ ਸੀਨੀਅਰ ਮੀਤ ਪ੍ਰਧਾਨ, ਸ. ਗੁਰਬਖ਼ਸ਼ ਸਿੰਘ ਖ਼ਾਲਸਾ ਜੂਨੀਅਰ ਮੀਤ ਪ੍ਰਧਾਨ ਤੇ ਸ. ਹਰਜਿੰਦਰ ਸਿੰਘ ਧਾਮੀ ਨੂੰ ਜਨਰਲ ਸਕੱਤਰ ਚੁਣਿਆ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਦਫਤਰ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਹੋਏ ਸਾਲਾਨਾ ਜਨਰਲ ਇਜਲਾਸ ਦੌਰਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੂੰ ਸ਼੍ਰੋਮਣੀ ਕਮੇਟੀ ਦੇ ਲਗਾਤਾਰ ਤੀਸਰੀ ਵਾਰ ਪ੍ਰਧਾਨ ਚੁਣ ਲਿਆ ਗਿਆ। ਉਨ੍ਹਾਂ ਦੀ ਇਹ ਚੋਣ ਸਰਬਸੰਮਤੀ ਨਾਲ ਹੋਈ। ਭਾਈ ਲੌਂਗੋਵਾਲ ਦੀ ਚੋਣ ਨੂੰ ਸਮੁੱਚੇ ਹਾਊਸ ਵੱਲੋਂ ਜੈਕਾਰਿਆਂ ਦੀ ਗੂੰਜ ਵਿਚ ਪ੍ਰਵਾਨਗੀ ਦਿੱਤੀ ਗਈ। ਦੱਸਣਯੋਗ ਹੈ ਕਿ ਭਾਈ ਲੌਂਗੋਵਾਲ 29 ਨਵੰਬਰ 2017 ਨੂੰ ਪਹਿਲੀ ਵਾਰ ਅਤੇ ਫਿਰ 13 ਨਵੰਬਰ 2018 ਨੂੰ ਦੂਸਰੀ ਵਾਰ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਬਣੇ।

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿਚ ਹੋਏ ਜਨਰਲ ਇਜਲਾਸ ਦੌਰਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦਾ ਨਾਮ ਸ਼੍ਰੋਮਣੀ ਕਮੇਟੀ ਦੀ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ ਨੇ ਪੇਸ਼ ਕੀਤਾ, ਜਿਸ ਦੀ ਸ. ਅਲਵਿੰਦਰ ਸਿੰਘ ਪੱਖੋਕੇ ਨੇ ਤਾਈਦ ਅਤੇ ਸ. ਦਲਜੀਤ ਸਿੰਘ ਭਿੰਡਰ ਨੇ ਤਾਈਦ ਮਜੀਦ ਕੀਤੀ। ਇਸ ਮੌਕੇ ਭਾਈ ਰਾਜਿੰਦਰ ਸਿੰਘ ਮਹਿਤਾ ਨੂੰ ਸੀਨੀਅਰ ਮੀਤ ਪ੍ਰਧਾਨ ਚੁਣਿਆ ਗਿਆ। ਉਨ੍ਹਾਂ ਦਾ ਨਾਮ ਭਾਈ ਅਮਰਜੀਤ ਸਿੰਘ ਚਾਵਲਾ ਨੇ ਪੇਸ਼ ਕੀਤਾ, ਜਿਸ ਦੀ ਤਾਈਦ ਸ. ਭਗਵੰਤ ਸਿੰਘ ਸਿਆਲਕਾ ਅਤੇ ਮਜੀਦ ਸ. ਗੁਰਪ੍ਰੀਤ ਸਿੰਘ ਝੱਬਰ ਨੇ ਕੀਤੀ। ਜੂਨੀਅਰ ਮੀਤ ਪ੍ਰਧਾਨ ਲਈ ਸ. ਗੁਰਬਖ਼ਸ਼ ਸਿੰਘ ਨਵਾਂ ਸ਼ਹਿਰ ਚੁਣੇ ਗਏ ਹਨ। ਉਨ੍ਹਾਂ ਦਾ ਨਾਮ ਬਾਬਾ ਚਰਨਜੀਤ ਸਿੰਘ ਜੱਸੋਵਾਲ ਨੇ ਪੇਸ਼ ਕੀਤਾ, ਤਾਈਦ ਸ. ਬਲਦੇਵ ਸਿੰਘ ਚੂੰਘਾ ਤੇ ਮਜੀਦ ਸ. ਰਵਿੰਦਰ ਸਿੰਘ ਖ਼ਾਲਸਾ ਨੇ ਕੀਤੀ। ਇਸੇ ਤਰ੍ਹਾਂ ਸ. ਹਰਜਿੰਦਰ ਸਿੰਘ ਧਾਮੀ ਨੂੰ ਸਰਬਸੰਮਤੀ ਨਾਲ ਜਨਰਲ ਸਕੱਤਰ ਚੁਣ ਲਿਆ ਗਿਆ। ਸ. ਧਾਮੀ ਦਾ ਨਾਂ ਸ. ਸੁਰਜੀਤ ਸਿੰਘ ਭਿੱਟੇਵਡ ਨੇ ਪੇਸ਼ ਕੀਤਾ, ਤਾਈਦ ਸ. ਗੁਰਪ੍ਰੀਤ ਸਿੰਘ ਝੱਬਰ ਨੇ ਕੀਤੀ ਜਦਕਿ ਮਜੀਦ ਸ. ਸੁਖਹਰਪ੍ਰੀਤ ਸਿੰਘ ਰੋਡੇ ਵੱਲੋਂ ਕੀਤੀ ਗਈ। ਜਨਰਲ ਇਜਲਾਸ ਦੌਰਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਅੰਤ੍ਰਿੰਗ ਕਮੇਟੀ ਦੇ 11 ਮੈਂਬਰਾਂ ਦਾ ਨਾਂ ਪੇਸ਼ ਕੀਤਾ, ਜਿਨ੍ਹਾਂ ਨੂੰ ਹਾਜ਼ਰ ਮੈਂਬਰਾਂ ਨੇ ਜੈਕਾਰਿਆਂ ਦੀ ਗੂੰਜ ਵਿਚ ਪ੍ਰਵਾਨ ਕੀਤਾ। ਅੰਤ੍ਰਿੰਗ ਕਮੇਟੀ ਦੇ ਚੁਣੇ ਗਏ ਮੈਂਬਰਾਂ ਵਿਚ ਸ. ਭੁਪਿੰਦਰ ਸਿੰਘ ਅਸੰਧ, ਸ. ਜਗਸੀਰ ਸਿੰਘ ਮਾਂਗੇਆਣਾ (ਡੱਬਵਾਲੀ), ਸ. ਗੁਰਪਾਲ ਸਿੰਘ ਗੋਰਾ, ਸ. ਸ਼ੇਰ ਸਿੰਘ ਮੰਡਵਾਲਾ, ਬੀਬੀ ਪਰਮਜੀਤ ਕੌਰ ਲਹਿਰਾ, ਸ. ਜਸਮੇਰ ਸਿੰਘ ਲਾਛੜੂ, ਸ. ਅਮਰਜੀਤ ਸਿੰਘ ਭਲਾਈਪੁਰ, ਸ. ਸੁਰਜੀਤ ਸਿੰਘ ਕੰਗ ਰਾਜਿਸਥਾਨ, ਸ. ਇੰਦਰਮੋਹਨ ਸਿੰਘ ਲਖਮੀਰਵਾਲਾ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਬੀਬੀ ਕੁਲਦੀਪ ਕੌਰ ਟੌਹੜਾ ਨੂੰ ਚੁਣਿਆ ਗਿਆ। ਅੰਤ੍ਰਿੰਗ ਮੈਂਬਰ ਦੇ ਨਾਂ ਦੀ ਤਾਈਦ ਬੀਬੀ ਜਗੀਰ ਕੌਰ ਅਤੇ ਤਾਈਦ ਮਜੀਦ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਕੀਤੀ।

ਜਨਰਲ ਇਜਲਾਸ ਦੀ ਆਰੰਭਤਾ ਸਮੇਂ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਅਰਦਾਸ ਕੀਤੀ ਅਤੇ ਪਾਵਨ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਲਿਆ। ਇਸ ਮੌਕੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਅਤੇ ਤਖ਼ਤ ਸ੍ਰੀ ਪਟਨਾ ਸਾਹਿਬ ਦੇ ਜਥੇਦਾਰ ਗਿਆਨੀ ਰਣਜੀਤ ਸਿੰਘ ਗੌਹਰ ਵੀ ਮੌਜੂਦ ਸਨ। ਇਜਲਾਸ ਦੀ ਕਾਰਵਾਈ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਜਨਰਲ ਇਜਲਾਸ ਸਬੰਧੀ ਮੈਂਬਰ ਸਾਹਿਬਾਨ ਨੂੰ ਭੇਜਿਆ ਗਿਆ ਪੱਤਰ ਪੜ੍ਹ ਕੇ ਆਰੰਭ ਕੀਤੀ, ਜਿਸ ਤੋਂ ਬਾਅਦ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਬੀਤੇ ਸਮੇਂ ਚਲਾਣਾ ਕਰ ਗਏ ਸਿੰਘ ਸਾਹਿਬ ਗਿਆਨੀ ਪੂਰਨ ਸਿੰਘ ਸਾਬਕਾ ਜਥੇਦਾਰ, ਸ਼੍ਰੋਮਣੀ ਕਮੇਟੀ ਮੈਂਬਰ ਸ. ਸੁਖਦੇਵ ਸਿੰਘ ਬਾਠ, ਸ. ਲਖਬੀਰ ਸਿੰਘ ਅਰਾਈਆਂਵਾਲਾ, ਕੈਪਟਨ ਅਵਤਾਰ ਸਿੰਘ, ਸ. ਸ਼ਿੰਗਾਰਾ ਸਿੰਘ ਲੋਹੀਆ, ਸ. ਸੁਰਿੰਦਰਪਾਲ ਸਿੰਘ ਬੱਦੋਵਾਲ ਅਤੇ ਸਾਬਕਾ ਮੈਂਬਰ ਸ. ਸੁਖਦੇਵ ਸਿੰਘ ਲਿੱਬੜਾਂ ਸਬੰਧੀ ਸ਼ੋਕ ਮਤੇ ਪੜ੍ਹ ਕੇ ਮੂਲ ਮੰਤਰ ਦੇ ਜਾਪ ਨਾਲ ਵਿਛੜੀਆਂ ਰੂਹਾਂ ਨੂੰ ਸ਼ਰਧਾਜਲੀ ਭੇਟ ਕੀਤੀ ਗਈ।

### ਸਿੰਘ ਸਾਹਿਬਾਨ ਵੱਲੋਂ ਚੁਣੇ ਗਏ ਅਹੁਦੇਦਾਰਾਂ ਨੂੰ ਵਧਾਈ

ਇਸੇ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਤੇ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਜਥੇਦਾਰ ਗਿਆਨੀ ਰਣਜੀਤ ਸਿੰਘ ਗੌਹਰ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਸਮੇਤ ਹੋਰਸਾਰੇ ਅਹੁਦੇਦਾਰਾਂ ਨੂੰ ਵਧਾਈ ਦਿੱਤੀ ਹੈ। ਤਖ਼ਤ ਸ੍ਰੀ ਪਟਨਾ ਸਾਹਿਬ ਦੇ ਜਥੇਦਾਰ ਗਿਆਨੀ ਰਣਜੀਤ ਸਿੰਘ ਗੌਹਰ ਨੇ ਕਿਹਾ ਕਿ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਤੀਸਰੀ ਵਾਰ ਪ੍ਰਧਾਨ ਬਣਨ ਨਾਲ ਸਿੱਖੀ ਪ੍ਰਚਾਰ ਵਿਚ ਨਿਰੰਤਰਤਾ ਬਣੀ ਰਹੇਗੀ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦਾ 550ਵਾਂ ਪ੍ਰਕਾਸ਼ ਪੁਰਬ ਕੌਮਾਂਤਰੀ ਪੱਧਰ 'ਤੇ ਮਨਾਉਣ ਤੋਂ ਬਾਅਦ ਸਿੱਖ ਕੌਮ ਅੰਦਰ ਅਗਲੇ ਸਾਲ ਆ ਰਹੀਆਂ ਸ਼ਤਾਬਦੀਆਂ ਵੀ ਖ਼ਾਸ ਮੌਕਾ ਹਨ, ਜਿਨ੍ਹਾਂ ਨੂੰ ਸੇਧਿਤ ਹੁੰਦਿਆਂ ਭਾਈ ਲੌਂਗੋਵਾਲ ਦੀ ਅਗਵਾਈ ਵਿਚ ਨਵੇਂ ਅਹੁਦੇਦਾਰ ਅੱਗੇ ਵੱਧਣਗੇ।

### ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਨਰਲ ਇਜਲਾਸ ਵਿਚ ਚੁਣੇ ਗਏ ਅਹੁਦੇਦਾਰ ਤੇ ਅੰਤ੍ਰਿੰਗ ਮੈਂਬਰ ਸਾਹਿਬਾਨ



ਭਾਈ ਗੋਬਿੰਦ ਸਿੰਘ ਲੌਂਗੋਵਾਲ
ਪ੍ਰਧਾਨ



ਭਾਈ ਰਜਿੰਦਰ ਸਿੰਘ ਮਹਿਤਾ
ਸੀਨੀਅਰ ਮੀਤ ਪ੍ਰਧਾਨ



ਸ. ਗੁਰਬਖਸ਼ ਸਿੰਘ ਖ਼ਾਲਸਾ
ਜੂਨੀਅਰ ਮੀਤ ਪ੍ਰਧਾਨ



ਸ. ਹਰਜਿੰਦਰ ਸਿੰਘ ਧਾਮੀ
ਜਨਰਲ ਸਕੱਤਰ



ਸ. ਅਮਰਜੀਤ ਸਿੰਘ ਭਲਾਈਪੁਰ
ਅੰਤ੍ਰਿੰਗ ਮੈਂਬਰ



ਸ. ਗੁਰਪਾਲ ਸਿੰਘ ਗੋਰਾ
ਅੰਤ੍ਰਿੰਗ ਮੈਂਬਰ



ਸ. ਭੁਪਿੰਦਰ ਸਿੰਘ ਅਸੰਧ
ਅੰਤ੍ਰਿੰਗ ਮੈਂਬਰ



ਭਾਈ ਮੰਗਵਿੰਦਰ ਸਿੰਘ ਖਾਪੜਖੇੜੀ
ਅੰਤ੍ਰਿੰਗ ਮੈਂਬਰ



ਸ. ਜਗਸੀਰ ਸਿੰਘ ਮਾਂਗੇਆਣਾ
ਅੰਤ੍ਰਿੰਗ ਮੈਂਬਰ



ਬੀਬੀ ਕੁਲਦੀਪ ਕੌਰ ਟੌਹੜਾ
ਅੰਤ੍ਰਿੰਗ ਮੈਂਬਰ



ਸ. ਇੰਦਰਮੋਹਨ ਸਿੰਘ ਲਖਮੀਰਵਾਲਾ
ਅੰਤ੍ਰਿੰਗ ਮੈਂਬਰ



ਸ. ਸੁਰਜੀਤ ਸਿੰਘ ਕੰਗ
ਅੰਤ੍ਰਿੰਗ ਮੈਂਬਰ



ਸ. ਸ਼ੇਰ ਸਿੰਘ ਮੰਡਵਾਲਾ
ਅੰਤ੍ਰਿੰਗ ਮੈਂਬਰ



ਸ. ਜਸਮੇਰ ਸਿੰਘ ਲਾਛੜੂ
ਅੰਤ੍ਰਿੰਗ ਮੈਂਬਰ



ਸ. ਪਰਮਜੀਤ ਕੌਰ
ਅੰਤ੍ਰਿੰਗ ਮੈਂਬਰ

### ਧਰਮ ਪ੍ਰਚਾਰ ਲਹਿਰ ਨੂੰ ਹੋਰ ਸਰਗਰਮ ਕਰਨਾ ਹੋਵੇਗੀ ਪਹਿਲ -ਭਾਈ ਲੌਂਗੋਵਾਲ



ਸ਼੍ਰੋਮਣੀ ਕਮੇਟੀ ਦੇ ਮੁੜ ਪ੍ਰਧਾਨ ਚੁਣੇ ਜਾਣ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਉਨ੍ਹਾਂ ਨੂੰ ਇਹ ਸੇਵਾ ਗੁਰੂ ਸਾਹਿਬ ਦੀ ਬਖਸ਼ਿਸ਼ ਸਦਕਾ ਪ੍ਰਾਪਤ ਹੋਈ ਹੈ, ਜਿਸਨੂੰ ਉਹ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ। ਉਨ੍ਹਾਂ ਨੇ ਸ਼੍ਰੋਮਣੀ ਅਕਾਲੀ ਦਲ ਦੇ ਸਰਪ੍ਰਸਤ ਸ. ਪ੍ਰਕਾਸ਼ ਸਿੰਘ ਬਾਦਲ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਵੱਲੋਂ ਉਨ੍ਹਾਂ 'ਤੇ ਭਰੋਸਾ ਪ੍ਰਗਟ ਕਰਨ ਲਈ ਧੰਨਵਾਦ ਕਰਦਿਆਂ ਆਖਿਆ ਕਿ ਮੈਂ ਪੰਥ ਦੀ ਚੜ੍ਹਦੀ ਕਲਾ ਅਤੇ ਏਕਤਾ ਦੇ ਲਈ ਹਮੇਸ਼ਾ ਕਾਰਜਸ਼ੀਲ ਰਹਾਂਗਾ। ਭਾਈ ਲੌਂਗੋਵਾਲ ਨੇ ਸ਼੍ਰੋਮਣੀ ਕਮੇਟੀ ਦੇ ਸਮੁੱਚੇ ਮੈਂਬਰਾਂ ਦਾ ਧੰਨਵਾਦ ਕਰਦਿਆਂ ਨਵੇਂ ਚੁਣੇ ਗਏ ਅਹੁਦੇਦਾਰਾਂ ਦੇ ਸਹਿਯੋਗ ਨਾਲ ਪੰਥਕ ਕਾਰਜ ਕਰਨ ਦੀ ਵਚਨਬਧਤਾ ਵੀ ਪ੍ਰਗਟਾਈ। ਭਾਈ ਲੌਂਗੋਵਾਲ ਨੇ ਕਿਹਾ ਕਿ ਕੌਮ ਨੂੰ ਦਰਪੇਸ਼ ਚੁਣੌਤੀਆਂ ਨੂੰ ਰਲ਼-ਮਿਲ਼ ਕੇ ਨਜਿੱਠਿਆ ਜਾਵੇਗਾ ਅਤੇ ਧਰਮ ਪ੍ਰਚਾਰ ਦੀ ਲਹਿਰ ਨੂੰ ਹੋਰ ਪ੍ਰਚੰਡ ਕੀਤਾ ਜਾਵੇਗਾ। ਧਰਮ ਪ੍ਰਚਾਰ ਲਈ ਹਰ ਸਿੱਖ ਜਥੇਬੰਦੀ ਦਾ ਸਹਿਯੋਗ ਲਿਆ ਜਾਵੇਗਾ।

ਭਾਈ ਲੌਂਗੋਵਾਲ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦਾ ਅਗਲੇ ਸਾਲ ਆ ਰਿਹਾ 100 ਸਾਲਾ ਸਥਾਪਨਾ ਦਿਵਸ ਕੌਮੀ ਜਾਹੋ-ਜਲਾਲ ਨਾਲ ਮਨਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਉਨ੍ਹਾਂ ਦੀ ਖੁਸ਼ਕਿਸਮਤੀ ਹੈ ਜੋ ਸ਼ਤਾਬਦੀ ਦਿਹਾੜਾ ਉਨ੍ਹਾਂ ਦੇ ਕਾਰਜਕਾਲ ਵਿਚ ਆ ਰਿਹਾ ਹੈ। ਭਾਈ ਲੌਂਗੋਵਾਲ ਨੇ ਆਖਿਆ ਕਿ ਸ਼੍ਰੋਮਣੀ ਕਮੇਟੀ ਦੇ ਸਥਾਪਨਾ ਦਿਵਸ ਮੌਕੇ ਸੰਸਥਾ ਦੇ ਇਤਿਹਾਸ ਅਤੇ ਪ੍ਰਾਪਤੀਆਂ ਨੂੰ ਉਭਾਰਨ ਲਈ ਖੋਜ ਕਾਰਜ ਕਰਵਾਏ ਜਾਣਗੇ। ਉਨ੍ਹਾਂ ਕਿਹਾ ਕਿ ਇਸ ਸੰਸਥਾ ਦਾ ਇਤਿਹਾਸ ਬੇਹੱਦ ਸ਼ਾਨਾਮੱਤਾ ਹੈ। ਇਸ ਦੀ ਸਥਾਪਨਾ ਪਿੱਛੇ ਕੌਮ ਦੇ ਸ਼ਹੀਦਾਂ ਦਾ ਵੱਡਾ ਯੋਗਦਾਨ ਹੈ। ਇਸ ਵਿਲੱਖਣ ਅਤੇ ਗੌਰਵਮਈ ਇਤਿਹਾਸ ਨੂੰ ਵੱਧ ਤੋਂ ਵੱਧ ਸੰਗਤਾਂ ਤੱਕ ਪਹੁੰਚਾਉਣ ਲਈ ਯਤਨ ਕੀਤੇ ਜਾਣਗੇ ਅਤੇ ਖ਼ਾਸ ਸਮਾਗਮ ਵੀ ਉਲੀਕੇ ਜਾਣਗੇ। ਉਨ੍ਹਾਂ ਅਗਲੇ ਸਾਲ ਆ ਰਹੇ ਭਗਤ ਨਾਮਦੇਵ ਜੀ ਅਤੇ ਬੰਦੀ ਛੋੜ ਦਿਵਸ ਦੇ ਸ਼ਤਾਬਦੀ ਦਿਹਾੜਿਆਂ ਨੂੰ ਵੀ ਯਾਦਗਾਰੀ ਢੰਗ ਨਾਲ ਮਨਾਉਣ ਦੀ ਗੱਲ ਆਖੀ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਵਿਦਿਅਕ ਪਸਾਰ ਵੱਲ ਵੀ ਉਚੇਚਾ ਧਿਆਨ ਦੇਣ ਦੀ ਵਚਨਬਧਤਾ ਦੁਹਰਾਈ। ਭਾਈ ਲੌਂਗੋਵਾਲ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦੀਆਂ ਵਿਦਿਅਕ ਸੰਸਥਾਵਾਂ ਅਤੇ ਗੁਰਦੁਆਰਾ ਸਾਹਿਬ ਦੇ ਪ੍ਰਬੰਧ ਨੂੰ ਚੁਸਤ ਦਰੁਸਤ ਬਣਾਉਣ ਲਈ ਵੀ ਉਚੇਚੇ ਕਾਰਜ ਕੀਤੇ ਜਾਣਗੇ। ਇਸ ਤੋਂ ਬਾਅਦ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਚੁਣੇ ਗਏ ਹੋਰ ਅਹੁਦੇਦਾਰਾਂ ਸਮੇਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਤਮਸਤਕ ਹੋ ਕੇ ਗੁਰੂ ਸਾਹਿਬ ਦਾ ਸ਼ੁਕਰਾਨਾ ਕੀਤਾ ਜਿਥੇ ਉਨ੍ਹਾਂ ਨੂੰ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਗੁਰੂ ਬਖ਼ਸ਼ਿਸ਼ ਸਿਰੋਪਾਓ ਦਿੱਤੇ। ਉਹ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਵੀ ਗੁਰੂ ਸਾਹਿਬ ਦਾ ਸ਼ੁਕਰਾਨਾ ਕਰਨ ਲਈ ਗਏ।

### ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਗੁਰਦੁਆਰਾ ਸ੍ਰੀ ਹੱਟ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਲੈਬਾਰਟਰੀ ਦਾ ਉਦਘਾਟਨ



ਸੁਲਤਾਨਪੁਰ ਲੋਧੀ- ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸਬੰਧਤ ਇਥੇ ਸਥਿਤ ਇਤਿਹਾਸਕ ਅਸਥਾਨ ਗੁਰਦੁਆਰਾ ਸ੍ਰੀ ਹੱਟ ਸਾਹਿਬ ਵਿਖੇ ਲੋੜਵੰਦਾਂ ਦੀ ਸਹੂਲਤ ਲਈ ਬੇਬੇ ਨਾਨਕੀ ਕਲੀਨੀਕਲ ਲੈਬ ਅਤੇ ਡਾਇਗਨੋਸਟਿਕ ਸੈਂਟਰ ਦੀ ਸਥਾਪਨਾ ਕੀਤੀ ਗਈ ਹੈ, ਜਿਸ ਦਾ ਉਦਘਾਟਨ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕੀਤਾ। ਇਸ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਬੇਰ ਸਾਹਿਬ ਦੇ ਹੈੱਡ ਗ੍ਰੰਥੀ ਭਾਈ ਸੁਰਜੀਤ ਸਿੰਘ ਸਭਰਾਅ ਨੇ ਅਰਦਾਸ ਕੀਤੀ। ਗੁਰੂ ਸਾਹਿਬ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼ੁਰੂ ਕੀਤੀ ਗਈ ਇਸ ਲੈਬਾਰਟਰੀ ਵਿਚ ਬਹੁਤ ਘੱਟ ਰੇਟਾਂ 'ਤੇ ਵੱਖ-ਵੱਖ ਤਰ੍ਹਾਂ ਦੇ ਟੈਸਟਾਂ ਦੀ ਸੁਵਿਧਾ ਮੁਹੱਈਆ ਕਰਵਾਈ ਗਈ ਹੈ। ਸ਼੍ਰੋਮਣੀ ਕਮੇਟੀ ਦੇ ਸਹਿਯੋਗ ਨਾਲ ਲੈਬਾਰਟਰੀ ਦਾ ਪ੍ਰਬੰਧ ਪ੍ਰਸਿੱਧ ਸਮਾਜ ਸੇਵੀ ਸ. ਐਸ.ਪੀ.ਐਸ. ਓਬਰਾਏ ਦੀ ਅਗਵਾਈ ਵਿਚ ਮਨੁੱਖਤਾ ਦੇ ਭਲੇ ਲਈ ਕਾਰਜਸ਼ੀਲ 'ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ' ਵੱਲੋਂ ਕੀਤਾ ਗਿਆ ਹੈ। ਇਸ ਕਾਰਜ ਲਈ ਜਗ੍ਹਾ ਸ਼੍ਰੋਮਣੀ ਕਮੇਟੀ ਨੇ ਦਿੱਤੀ ਹੈ। ਉਦਘਾਟਨ ਸਮਾਰੋਹ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਮਨੁੱਖਤਾ ਦੀ ਸੇਵਾ ਸਭ ਤੋਂ ਵੱਡੀ ਸੇਵਾ ਹੈ ਅਤੇ ਇਸੇ ਤਹਿਤ ਸਥਾਪਤ ਕੀਤੀ ਗਈ ਲੈਬਾਰਟਰੀ ਤੋਂ ਲੋੜਵੰਦਾਂ ਨੂੰ ਸੇਵਾਵਾਂ ਦਿੱਤੀਆਂ ਜਾਣਗੀਆਂ। ਉਨ੍ਹਾਂ ਐਲਾਨ ਕੀਤਾ ਕਿ ਇਸ ਲੈਬਾਰਟਰੀ ਵਿਚ ਐਕਸ-ਰੇ ਅਤੇ ਅਲਟਰਾਸਾਊਂਡ ਦੀ ਸਹੂਲਤ ਲਈ ਵੀ ਸ਼੍ਰੋਮਣੀ ਕਮੇਟੀ ਹੋਰ ਜਗ੍ਹਾ ਦਾ ਪ੍ਰਬੰਧ ਕਰ ਕੇ ਦੇਵੇਗੀ, ਤਾਂ ਜੋ ਵੱਧ ਤੋਂ ਵੱਧ ਲੋੜਵੰਦ ਸੰਗਤਾਂ ਨੂੰ ਲਾਭ ਮਿਲ ਸਕੇ। ਉਨ੍ਹਾਂ ਸ. ਓਬਰਾਏ ਵੱਲੋਂ ਮਨੁੱਖਤਾ ਦੇ ਭਲੇ ਲਈ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਵੀ ਕੀਤੀ। ਇਸ ਦੌਰਾਨ ਇਕ ਸਵਾਲ ਦੇ ਜਵਾਬ ਵਿਚ ਭਾਈ ਲੌਂਗੋਵਾਲ ਨੇ ਕਿਹਾ ਕਿ ਸ੍ਰੀ ਕਰਤਾਰਪੁਰ ਸਾਹਿਬ ਦੇ ਲਾਂਘੇ 'ਤੇ ਸਿਆਸਤ ਨਹੀਂ ਹੋਣੀ ਚਾਹੀਦੀ। ਉਨ੍ਹਾਂ ਕਿਹਾ ਕਿ ਕਿਸੇ ਵੀ ਆਗੂ ਨੂੰ ਬਿਆਨਬਾਜ਼ੀ ਸਮੇਂ ਖਿਆਲ ਰੱਖਣਾ ਚਾਹੀਦਾ ਹੈ ਕਿ ਉਸ ਦਾ ਲਾਂਘੇ 'ਤੇ ਕਿਸੇ ਕਿਸਮ ਦਾ ਅਸਰ ਨਾ ਪਵੇ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਸਜ਼ਾ ਮੁਆਫ਼ੀ ਸਬੰਧੀ ਦੇਸ਼ ਦੇ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਦੇ ਬਿਆਨ 'ਤੇ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਉਹ ਇਸ ਮਾਮਲੇ ਨੂੰ ਲੈ ਕੇ ਜਲਦ ਹੀ ਗ੍ਰਹਿ ਮੰਤਰੀ ਨਾਲ ਮੁਲਾਕਾਤ ਕਰਨਗੇ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਸਿੱਖ ਮਸਲਿਆਂ ਦੀ ਪੈਰਵਾਈ ਲਈ ਵਚਨਬੱਧ ਹੈ ਅਤੇ ਇਸ 'ਤੇ ਦ੍ਰਿੜ੍ਹਤਾ ਨਾਲ ਪਹਿਰਾ ਦਿੰਦੀ ਰਹੇਗੀ।

ਇਸ ਮੌਕੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਮੈਨੇਜਿੰਗ ਟਰੱਸਟੀ ਸ. ਐਸ.ਪੀ.ਐਸ. ਓਬਰਾਏ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਨਾਲ ਮਿਲ ਕੇ ਆਰੰਭ ਕੀਤੀ ਗਈ ਇਹ ਲੈਬ ਲੋੜਵੰਦਾਂ ਲਈ ਵਰਦਾਨ ਸਾਬਤ ਹੋਵੇਗੀ। ਉਨ੍ਹਾਂ ਦੱਸਿਆ ਕਿ ਟੈਸਟਾਂ ਲਈ ਲਗਾਈ ਜਾਣ ਵਾਲੀ ਫੀਸ ਬਜ਼ਾਰ ਨਾਲੋਂ ਬਹੁਤ ਘੱਟ ਹੈ। ਉਨ੍ਹਾਂ ਦੱਸਿਆ ਕਿ ਇਸ ਲੈਬਾਰਟਰੀ ਵਿਚ 50 ਦੇ ਕਰੀਬ ਵੱਖ-ਵੱਖ ਤਰ੍ਹਾਂ ਦੇ ਟੈਸਟਾਂ ਦੀ ਸੁਵਿਧਾ ਦਿੱਤੀ ਗਈ ਹੈ ਅਤੇ ਆਉਣ ਵਾਲੇ ਸਮੇਂ ਵਿਚ ਇਸ ਦਾ ਹੋਰ ਵਿਸਥਾਰ ਕੀਤਾ ਜਾਵੇਗਾ। ਇਸ ਮੌਕੇ ਭਾਈ ਲੌਂਗੋਵਾਲ ਅਤੇ ਹੋਰ

ਬਾਕੀ ਸਫ਼ਾ 7 'ਤੇ

# ਸਾਹਿਬਜ਼ਾਦਿਆਂ ਦੀ ਸ਼ਹਾਦਤ ਧਾਰਮਿਕ ਅਡੋਲਤਾ ਦਾ ਉੱਚਤਮ ਆਦਰਸ਼

ਸਿੱਖ ਧਰਮ ਦੇ ਇਤਿਹਾਸ ਅੰਦਰ ਆਪਾ-ਸਮਰਪਣ ਦੇ ਅਮਲ ਦਾ ਸਿਖ਼ਰਲਾ ਰੂਪ ਸ਼ਹੀਦੀ ਜਾਂ ਸ਼ਹਾਦਤ ਹੈ। ਸ੍ਰੀ ਗੁਰੂ ਅਰਜਨ ਦੇਵ ਜੀ ਤੇ ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਧਰਮ ਦੀ ਰੱਖਿਆ ਅਤੇ ਅਜ਼ਾਦੀ ਲਈ ਸ਼ਹੀਦੀ ਪ੍ਰਾਪਤ ਕਰਕੇ ਇਤਿਹਾਸ ਵਿਚ ਨਵੀਆਂ ਪੈੜਾਂ ਸਿਰਜੀਆਂ। ਇਸੇ ਲੜੀ ਨੂੰ ਅੱਗੇ ਤੋਰਦਿਆਂ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਕੌਮ ਖ਼ਾਤਰ ਆਪਣਾ ਸਾਰਾ ਪਰਿਵਾਰ ਵਾਰ ਦਿੱਤਾ। ਦਸਮ ਪਾਤਸ਼ਾਹ ਜੀ ਦੇ ਸਪੁੱਤਰਾਂ ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਜੀ, ਸਾਹਿਬਜ਼ਾਦਾ ਬਾਬਾ ਜੁਝਾਰ ਸਿੰਘ ਜੀ, ਸਾਹਿਬਜ਼ਾਦਾ ਬਾਬਾ ਜੋਰਾਵਰ ਸਿੰਘ ਜੀ ਅਤੇ ਸਾਹਿਬਜ਼ਾਦਾ ਬਾਬਾ ਫਤਿਹ ਸਿੰਘ ਜੀ ਨੇ ਸ਼ਹਾਦਤ ਦੇ ਗੌਰਵਸ਼ਾਲੀ ਵਿਰਸੇ ਨੂੰ ਆਪਣੀਆਂ ਸ਼ਹੀਦੀਆਂ ਦੁਆਰਾ ਵਿਸਮਾਦੀ ਉਚਾਈਆਂ ਪ੍ਰਦਾਨ ਕੀਤੀਆਂ।

ਸਮੇਂ ਦੇ ਜ਼ਾਲਮ ਹਾਕਮਾਂ ਨੇ ਆਪਣੀ ਸਾਰੀ ਰਾਜਸੀ ਤਾਕਤ, ਹੱਕ-ਸੱਚ ਦੀ ਲੋਕ ਲਹਿਰ ਨੂੰ ਮਿਟਾਉਣ ਵਾਸਤੇ ਝੋਕੀ ਹੋਈ ਸੀ। ਦੂਜੇ ਪਾਸੇ ਖ਼ਾਲਸਾ ਪੰਥ ਦਾ ਜਬਰ-ਜ਼ੁਲਮ ਵਿਰੁੱਧ ਸੰਘਰਸ਼ ਵੀ ਸਿਖ਼ਰਲੇ ਪੜਾਅ 'ਤੇ ਪੁੱਜ ਚੁੱਕਾ ਸੀ। ਜ਼ੁਲਮੀ ਹਾਕਮਾਂ ਨਾਲ ਟੱਕਰ ਲੈਂਦਿਆਂ ਅਨੇਕਾਂ ਸਿੰਘਾਂ ਦੀਆਂ ਸ਼ਹੀਦੀਆਂ ਹੋਈਆਂ।

ਸ੍ਰੀ ਅਨੰਦਪੁਰ ਸਾਹਿਬ ਨੂੰ ਅਲਵਿਦਾ ਕਹਿ ਸਰਸਾ ਨਦੀ ਨੂੰ ਪਾਰ ਕਰਦਿਆਂ ਗੁਰੂ ਜੀ ਦਾ ਪਰਿਵਾਰ ਵਿਛੜ ਗਿਆ। ਗੁਰੂ ਜੀ ਨੇ ਦੋ ਵੱਡੇ ਸਾਹਿਬਜ਼ਾਦਿਆਂ ਅਤੇ ਚਾਲੀ ਕੁ ਸਿੰਘਾਂ ਸਮੇਤ ਚਮਕੌਰ ਦੀ ਕੱਚੀ ਗੜ੍ਹੀ ਵਿਚ ਡੇਰੇ ਲਾਏ। ਇਥੇ ਲੱਖਾਂ ਦੀ ਗਿਣਤੀ ਵਿਚ ਮੁਗ਼ਲ ਫ਼ੌਜ ਨੇ ਉਨ੍ਹਾਂ ਨੂੰ ਆਣ ਘੇਰਾ ਪਾਇਆ। ਇਸ ਮੌਕੇ ਸ੍ਰੀ ਚਮਕੌਰ ਸਾਹਿਬ ਦੀ ਧਰਤੀ 'ਤੇ ਲੜੀ ਗਈ ਜੰਗ ਸੰਸਾਰ ਦੀਆਂ ਜੰਗਾਂ ਵਿਚ ਸਭ ਤੋਂ ਅਸਾਂਵੀਂ ਜੰਗ ਮੰਨੀ ਗਈ ਹੈ।

ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਉਸ ਸਮੇਂ ਜਿਸ ਬੀਰ-ਰਸੀ ਭਾਵਨਾ ਅਤੇ ਚੜ੍ਹਦੀ ਕਲਾ ਵਿਚ ਦੋਵਾਂ ਸਾਹਿਬਜ਼ਾਦਿਆਂ ਨੂੰ ਹੱਥੀਂ ਤਿਆਰ ਕਰਕੇ ਮੈਦਾਨ-ਏ-ਜੰਗ ਵਿਚ ਲੱਖਾਂ ਦੀ ਗਿਣਤੀ ਵਿਚ ਆਏ ਵੈਰੀਆਂ ਦਾ ਟਾਕਰਾ ਕਰਨ ਲਈ ਥਾਪੜਾ ਦੇ ਕੇ ਘੱਲਿਆ ਇਹ ਆਪਣੇ-ਆਪ ਵਿਚ ਅਨੋਖਾ ਪਲ ਸੀ। ਸਾਹਿਬਜ਼ਾਦਿਆਂ ਨੇ ਜਿਸ ਬਹਾਦਰੀ ਨਾਲ ਯੁੱਧ ਲੜਦਿਆਂ ਸ਼ਹੀਦੀਆਂ ਪ੍ਰਾਪਤ ਕੀਤੀਆਂ, ਉਹ ਸੰਸਾਰ ਦੇ ਇਤਿਹਾਸ ਵਿਚ ਬੇਮਿਸਾਲ ਹੈ। ਜਿਸ ਨੂੰ 'ਸਾਕਾ ਸ੍ਰੀ ਚਮਕੌਰ ਸਾਹਿਬ' ਕਰਕੇ ਜਾਣਿਆ ਜਾਂਦਾ ਹੈ।

ਦੂਜੇ ਪਾਸੇ ਸਰਹਿੰਦ ਦੇ ਸੂਬੇਦਾਰ ਵਜ਼ੀਰ ਖਾਨ ਦੁਆਰਾ ਗ੍ਰਿਫਤਾਰ ਕੀਤੇ ਗਏ ਗੁਰੂ ਜੀ ਦੇ ਛੋਟੇ ਸਾਹਿਬਜ਼ਾਦਿਆਂ ਤੇ ਮਾਤਾ ਗੁਜ਼ਰੀ ਜੀ ਦੀ ਸ਼ਹਾਦਤ ਵੀ ਜ਼ੁਲਮ ਦਾ ਸਿਖ਼ਰ ਸੀ। ਛੋਟੀ ਉਮਰ ਦੇ ਮਾਸੂਮ ਗੁਰੂ ਲਾਲਾਂ ਨੂੰ ਧਰਮ ਤੋਂ ਥਿੜ੍ਹਕਾਉਣ ਵਾਸਤੇ ਹਕੂਮਤ ਨੇ ਆਪਣੀ ਸਾਰੀ ਤਾਕਤ ਲਗਾ ਦਿੱਤੀ ਪਰ ਉਹ ਰੰਚਿਕ ਮਾਤਰ ਵੀ ਆਪਣੇ ਧਰਮ ਤੋਂ ਨਾ ਡੋਲੇ। ਬਜ਼ੁਰਗ ਦਾਦੀ ਦੀ ਨਾਲੋ-ਨਾਲ ਮਿਲ ਰਹੀ ਸਿੱਖਿਆ ਗੁਰੂ ਲਾਲਾਂ ਨੂੰ ਚਟਾਨਾਂ ਵਾਂਗ ਮਜ਼ਬੂਤੀ ਪ੍ਰਦਾਨ ਕਰਦੀ ਰਹੀ। ਸੱਚ ਅਤੇ ਧਰਮ 'ਤੇ ਦ੍ਰਿੜ੍ਹ ਰਹਿਣ ਕਰਕੇ ਵਜ਼ੀਰ ਖਾਨ ਨੇ ਗੁਰੂ ਲਾਲਾਂ ਨੂੰ ਨੀਹਾਂ ਵਿਚ ਚਿਣਵਾ ਕੇ ਸ਼ਹੀਦ ਕਰਵਾ ਦਿੱਤਾ। ਇਉਂ ਜਬਰ ਜ਼ੁਲਮ ਦਾ ਟਾਕਰਾ ਕਰਦਿਆਂ ਨਿੱਕੀਆਂ ਜ਼ਿੰਦਾਂ ਵੱਡਾ ਸਾਕਾ ਕਰ ਗਈਆਂ।

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਲਾਲਾਂ ਦੀ ਸ਼ਹਾਦਤ ਸੰਸਾਰ ਦੇ ਇਤਿਹਾਸ ਵਿਚ ਆਪਣੀ ਮਿਸਾਲ ਆਪ ਹੈ। ਇਹ ਸ਼ਹਾਦਤ ਮਨੁੱਖਤਾ ਨੂੰ ਕਰੁਣਾ ਭਾਵਨਾ, ਦ੍ਰਿੜ੍ਹਤਾ ਅਤੇ ਉੱਚੇ ਸਾਹਸ ਦਾ ਗੌਰਵਮਈ ਅਹਿਸਾਸ ਕਰਵਾਉਂਦੀ ਹੈ। ਪਰ ਦੁੱਖ ਦੀ ਗੱਲ ਹੈ ਕਿ ਸਿੱਖਾਂ ਦਾ ਜ਼ਿਕਰਯੋਗ ਨੌਜਵਾਨ ਹਿੱਸਾ ਆਪਣੇ ਗੌਰਵਸ਼ਾਲੀ ਇਤਿਹਾਸ ਨੂੰ ਵਿਸਾਰ ਕੇ ਪਤਿਤਪੁਣੇ ਅਤੇ ਨਸ਼ਿਆਂ ਦੇ ਵਹਿਣ ਵਿਚ ਵਹਿੰਦਾ ਜਾ ਰਿਹਾ ਹੈ। ਅੱਜ ਦੀ ਸਿੱਖ ਨੌਜਵਾਨੀ ਨੂੰ ਇਹ ਸੋਚਣਾ ਚਾਹੀਦਾ ਹੈ ਕਿ ਕੀ ਅਸੀਂ ਸਾਹਿਬਜ਼ਾਦਿਆਂ ਵੱਲੋਂ ਦ੍ਰਿੜ੍ਹ ਕਰਵਾਏ ਗਏ ਧਰਮ ਦੇ ਪਾਠ ਨੂੰ ਅਮਲੀ ਰੂਪ ਵਿਚ ਗ੍ਰਹਿਣ ਕੀਤਾ ਹੋਇਆ ਹੈ? ਜੇ ਨਹੀਂ ਤਾਂ ਕਿਉਂ? ਸਾਹਿਬਜ਼ਾਦਿਆਂ ਦੀ ਸ਼ਹਾਦਤ ਦਾ ਦਿਹਾੜਾ ਹਰ ਸਾਲ ਸਾਨੂੰ ਅਜਿਹੇ ਸਵਾਲਾਂ ਦੇ ਰੂਬਰੂ ਕਰਵਾਉਂਦਾ ਹੈ। ਅੱਜ ਲੋੜ ਇਸ ਗੱਲ ਦੀ ਹੈ ਕਿ ਅਸੀਂ ਸ਼ਹਾਦਤਾਂ ਦੇ ਇਨ੍ਹਾਂ ਦਿਨਾਂ ਵਿਚ ਸਵੈ-ਮੰਥਨ ਕਰਦੇ ਹੋਏ ਸਾਹਿਬਜ਼ਾਦਿਆਂ ਦੀ ਸ਼ਹਾਦਤ ਤੋਂ ਪ੍ਰੇਰਣਾ ਲੈ ਕੇ ਆਪਣੇ ਬੱਚਿਆਂ ਨੂੰ ਸਿੱਖ ਵਿਰਸੇ ਨਾਲ ਜੋੜੀਏ। ਇਹੀ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਾਡਾ ਸਿੱਜਦਾ ਹੋਵੇਗਾ।



## ਜਨਰਲ ਹਾਊਸ ਦੌਰਾਨ ਹਾਜ਼ਰ ਰਹੇ ਮੈਂਬਰ ਸਾਹਿਬਾਨ

ਪ੍ਰਧਾਨ ਸਮੇਤ ਹੋਰ ਅਹੁਦੇਦਾਰਾਂ ਦੀ ਚੋਣ ਸਮੇਂ ਇਜਲਾਸ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ 154 ਮੈਂਬਰ ਸਾਹਿਬਾਨ ਹਾਜ਼ਰ ਸਨ। ਇਨ੍ਹਾਂ ਵਿਚ ਜਥੇਦਾਰ ਤੋਤਾ ਸਿੰਘ, ਬੀਬੀ ਜਗੀਰ ਕੌਰ, ਪ੍ਰੋ. ਕਿਰਪਾਲ ਸਿੰਘ ਬਡੂੰਗਰ, ਸ. ਰਘੂਜੀਤ ਸਿੰਘ ਵਿਰਕ, ਸ. ਬਲਦੇਵ ਸਿੰਘ ਘੁੰਨਸ, ਸ. ਗੁਰਬਚਨ ਸਿੰਘ ਕਰਮੂੰਵਾਲਾ, ਭਾਈ ਰਾਜਿੰਦਰ ਸਿੰਘ ਮਹਿਤਾ, ਸ. ਬਿੱਕਰ ਸਿੰਘ ਚੰਨੂ, ਭਾਈ ਮਨਜੀਤ ਸਿੰਘ, ਭਾਈ ਅਮਰਜੀਤ ਸਿੰਘ ਚਾਵਲਾ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਸ. ਦਿਆਲ ਸਿੰਘ ਕੋਲਿਆਂਵਾਲੀ, ਸ. ਅਲਵਿੰਦਰਪਾਲ ਸਿੰਘ ਪੱਖੋਕੇ, ਸ. ਸੁਰਜੀਤ ਸਿੰਘ ਭਿੱਟੇਵੱਡ, ਭਾਈ ਰਾਮ ਸਿੰਘ, ਭਾਈ ਗੁਰਬਚਨ ਸਿੰਘ ਗਰੇਵਾਲ, ਸ. ਬਲਜੀਤ ਸਿੰਘ ਜਲਾਲਉਸਮਾ, ਸ. ਬਲਵਿੰਦਰ ਸਿੰਘ ਵਈਂਪੂਈਂ, ਸ. ਖੁਸ਼ਵਿੰਦਰ ਸਿੰਘ ਭਾਟੀਆ, ਬੀਬੀ ਹਰਜਿੰਦਰ ਕੌਰ, ਸ. ਨਿਰਮਲ ਸਿੰਘ ਨੌਸ਼ਹਿਰਾ ਢਾਲਾ, ਸ. ਗੁਰਿੰਦਰਪਾਲ ਸਿੰਘ ਰਣੀਕੇ, ਸ. ਭਗਵੰਤ ਸਿੰਘ ਸਿਆਲਕਾ, ਸ. ਹਰਜਾਪ ਸਿੰਘ ਸੁਲਤਾਨਵਿੰਡ, ਸ. ਬਾਵਾ ਸਿੰਘ ਗੁਮਾਨਪੁਰਾ, ਬੀਬੀ ਕਿਰਨਜੋਤ ਕੌਰ, ਬੀਬੀ ਬਲਵਿੰਦਰ ਕੌਰ ਲੋਪੋਕੇ, ਸ. ਅਮਰਜੀਤ ਸਿੰਘ ਭਲਾਈਪੁਰ, ਸ. ਜੋਧ ਸਿੰਘ ਸਮਰਾ, ਬੀਬੀ ਸਰਵਨ ਕੌਰ ਤੇੜਾ, ਸ. ਅਮਰਜੀਤ ਸਿੰਘ ਬੰਡਾਲਾ, ਸ. ਬਿਕਰਮਜੀਤ ਸਿੰਘ ਕੋਟਲਾ, ਸ. ਦਲਜੀਤ ਸਿੰਘ ਭਿੰਡਰ, ਬੀਬੀ ਹਰਜਿੰਦਰ ਕੌਰ, ਸ. ਅਮਰੀਕ ਸਿੰਘ ਜਨੈਤਪੁਰ, ਸ. ਹਰਪਾਲ ਸਿੰਘ ਪਾਲੀ, ਸ. ਬਲਦੇਵ ਸਿੰਘ ਕਾਇਮਪੁਰ, ਬੀਬੀ ਮਨਜੀਤ ਕੌਰ ਕੰਧੋਲਾ, ਸ. ਹਰਭਜਨ ਸਿੰਘ ਮਸਾਣਾਂ, ਸ. ਅਮੀਰ ਸਿੰਘ ਵਿਰਕ, ਬੀਬੀ ਅਮਰਜੀਤ ਕੌਰ, ਬਾਬਾ ਗੁਰਮੀਤ ਸਿੰਘ ਤ੍ਰਿਲੋਕੇਵਾਲਾ, ਬੀਬੀ ਕਿਰਨਵੀਰ ਕੌਰ, ਸ. ਨਵਤੇਜ ਸਿੰਘ ਕਾਉਣੀ, ਸ. ਕੌਰ ਸਿੰਘ, ਬੀਬੀ ਪ੍ਰਮਿੰਦਰ ਕੌਰ, ਸ. ਸੂਬਾ ਸਿੰਘ ਡੱਬਵਾਲਾ, ਸ. ਦਰਸ਼ਨ ਸਿੰਘ ਬਰਾੜ, ਸ. ਪ੍ਰੀਤਮ ਸਿੰਘ ਮਨਸੀਹਾਂ, ਸ. ਦਰਸ਼ਨ ਸਿੰਘ ਸ਼ੇਰਖਾ, ਸ. ਬਲਵਿੰਦਰ ਸਿੰਘ ਭੰਮਾਂ ਲੰਡਾ, ਸ. ਸਤਪਾਲ ਸਿੰਘ ਤਲਵੰਡੀ ਭਾਈ, ਬੀਬੀ ਜਸਵਿੰਦਰ ਕੌਰ ਜੀਰਾ, ਸ. ਗੁਰਮੀਤ ਸਿੰਘ ਬੂਹ, ਸ. ਜੁਗਰਾਜ ਸਿੰਘ ਦੋਧਰ, ਬੀਬੀ ਨਰਿੰਦਰ ਕੌਰ, ਸ. ਗੁਰਮੇਲ ਸਿੰਘ ਸੰਗਤਪੁਰਾ, ਸ. ਸੁਖਹਰਪ੍ਰੀਤ ਸਿੰਘ ਰੋਡੇ, ਸ. ਤਰਸੇਮ ਸਿੰਘ ਰੱਤੀਆ, ਬੀਬੀ ਗੁਰਿੰਦਰ ਕੌਰ, ਸ. ਮੇਜਰ ਸਿੰਘ ਮਹਿਰਾਜ, ਬੀਬੀ ਜਸਪਾਲ ਕੌਰ, ਸ. ਅਮਰੀਕ ਸਿੰਘ ਕੋਟਸ਼ਮੀਰ, ਬੀਬੀ ਜੋਗਿੰਦਰ ਕੌਰ, ਸ. ਮੋਹਨ ਸਿੰਘ ਬੰਗੀ, ਸ. ਸੁਰਜੀਤ ਸਿੰਘ, ਮਾਸਟਰ ਮਿੱਠੂ ਸਿੰਘ, ਬਾਬਾ ਬੂਟਾ ਸਿੰਘ, ਸ. ਗੁਰਪ੍ਰੀਤ ਸਿੰਘ ਝੱਬਰ, ਬੀਬੀ ਜਸਵੀਰ ਕੌਰ, ਬੀਬੀ ਜਸਪਾਲ ਕੌਰ, ਸ. ਮਲਕੀਤ ਸਿੰਘ ਚੰਗਾਲ, ਸ. ਬਲਦੇਵ ਸਿੰਘ ਚੂੰਘਾ, ਸ. ਇੰਦਰਮੋਹਨ ਸਿੰਘ, ਸ. ਦਲਵਾਰ ਸਿੰਘ ਛੀਨੀਵਾਲ, ਬੀਬੀ ਸ਼ਰਨਜੀਤ ਕੌਰ, ਸ. ਜੈਪਾਲ ਸਿੰਘ ਮੰਡੀਆ, ਸ. ਭੁਪਿੰਦਰ ਸਿੰਘ ਭਲਵਾਨ, ਸ. ਹਰਦੇਵ ਸਿੰਘ ਰੋਗਲਾ, ਬੀਬੀ ਮਲਕੀਤ ਕੌਰ ਕਮਾਲਪੁਰ, ਸ. ਨਿਰਮਲ ਸਿੰਘ ਹਰਿਆਓ, ਸ. ਕੁਲਦੀਪ ਸਿੰਘ ਨੱਸੂਪੁਰ, ਸ. ਸਤਵਿੰਦਰ ਸਿੰਘ ਟੌਹੜਾ, ਸ. ਜਰਨੈਲ ਸਿੰਘ, ਸ. ਸਵਿੰਦਰ ਸਿੰਘ ਸਭਰਵਾਲ, ਸ. ਨਿਰਮੈਲ ਸਿੰਘ ਜੌਲਾਂ ਸ. ਜਸਮੇਲ ਸਿੰਘ ਲਾਛੜੂ, ਬੀਬੀ ਕੁਲਦੀਪ ਕੌਰ ਟੌਹੜਾ, ਸ. ਸੁਰਜੀਤ ਸਿੰਘ ਗੜ੍ਹੀ, ਸ. ਗੁਰਪ੍ਰੀਤ ਸਿੰਘ, ਸ. ਰਣਧੀਰ ਸਿੰਘ, ਸ. ਰਣਧੀਰ ਸਿੰਘ ਚੀਮਾਂ, ਸ. ਅਵਤਾਰ ਸਿੰਘ ਰਿਆ, ਸ. ਰਵਿੰਦਰ ਸਿੰਘ ਖ਼ਾਲਸਾ, ਸ. ਦਵਿੰਦਰ ਸਿੰਘ ਖੱਟੜਾ, ਸ. ਰਘਬੀਰ ਸਿੰਘ ਸਹਾਰਨਮਾਜਰਾ, ਸ. ਚਰਨ ਸਿੰਘ ਆਲਮਗੀਰ, ਸ. ਹਰਪਾਲ ਸਿੰਘ ਜੱਲਾ, ਸ. ਹਰਪ੍ਰੀਤ ਸਿੰਘ ਗਰਚਾ, ਸ. ਜਗਜੀਤ ਸਿੰਘ ਤਲਵੰਡੀ, ਸ. ਜਸਵੰਤ ਸਿੰਘ ਪੁੜੈਣ, ਸ. ਬਲਵਿੰਦਰ ਸਿੰਘ ਬੈਂਸ, ਬੀਬੀ ਰਜਿੰਦਰ ਕੌਰ, ਸ. ਕੰਵਲਇੰਦਰ ਸਿੰਘ ਠੇਕੇਦਾਰ, ਸ. ਰਣਜੀਤ ਸਿੰਘ ਮੰਗਲੀ, ਸ. ਸਰਬੰਸ ਸਿੰਘ ਮਾਣਕੀ, ਬੀਬੀ ਹਰਜਿੰਦਰ ਕੌਰ, ਸ. ਮਹਿੰਦਰ ਸਿੰਘ, ਸ. ਗੁਰਬਖ਼ਸ਼ ਸਿੰਘ ਖ਼ਾਲਸਾ, ਸ. ਭੁਪਿੰਦਰ ਸਿੰਘ ਅਸੰਧ, ਸ. ਜਗਸੀਰ ਸਿੰਘ ਮਾਂਗੇਆਣਾ, ਸ. ਗੁਰਪਾਲ ਸਿੰਘ ਗੋਰਾ, ਸ. ਸ਼ੇਰ ਸਿੰਘ ਮੰਡਵਾਲਾ, ਬੀਬੀ ਪਰਮਜੀਤ ਕੌਰ ਲਹਿਰਾ, ਸ. ਜਸਮੇਰ ਸਿੰਘ, ਸ. ਸੁਖਦੇਵ ਸਿੰਘ ਭੌਰ, ਸ. ਬਲਦੇਵ ਸਿੰਘ ਕਲਿਆਣ, ਬੀਬੀ ਦਵਿੰਦਰ ਕੌਰ ਕਾਲੜਾ, ਸ. ਕੁਲਵੰਤ ਸਿੰਘ ਮੰਨਣ, ਸ. ਰਣਜੀਤ ਸਿੰਘ ਕਾਹਲੋਂ, ਬੀਬੀ ਗੁਰਮੀਤ ਕੌਰ ਭੂੰਗਾ ਲੰਬਾਣਾ, ਸ. ਸਰਵਣ ਸਿੰਘ ਕੁਲਾਰ, ਬੀਬੀ ਗੁਰਪ੍ਰੀਤ ਕੌਰ, ਸ. ਜਰਨੈਲ ਸਿੰਘ ਡੋਗਰਾਂਵਾਲ, ਸ. ਸੁਰਜੀਤ ਸਿੰਘ ਤੁਗਲਵਾਲਾ, ਸ. ਗੁਰਿੰਦਰਪਾਲ ਸਿੰਘ ਗੋਰਾ, ਸ. ਗੁਰਨਾਮ ਸਿੰਘ, ਸ. ਸਜਣ ਸਿੰਘ ਬੱਜੂਮਾਨ, ਸ. ਅਮਰੀਕ ਸਿੰਘ ਸ਼ਾਹਪੁਰ, ਬੀਬੀ ਜੋਗਿੰਦਰ ਕੌਰ, ਬੀਬੀ ਜਸਵੀਰ ਕੌਰ ਜੱਫਰਵਾਲ, ਸ. ਰਵਿੰਦਰ ਸਿੰਘ ਚੱਕ, ਸ. ਤਾਰਾ ਸਿੰਘ ਤਲਵੰਡੀ, ਸ. ਹਰਜਿੰਦਰ ਸਿੰਘ ਧਾਮੀ, ਸ. ਸੁਰਿੰਦਰ ਸਿੰਘ ਠੇਕੇਦਾਰ, ਬੀਬੀ ਰਣਜੀਤ ਕੌਰ, ਪ੍ਰਿੰਸੀਪਲ ਸੁਰਿੰਦਰ ਸਿੰਘ, ਸ. ਪਰਮਜੀਤ ਸਿੰਘ ਲੱਖੇਵਾਲ, ਸ. ਅਜਮੇਰ ਸਿੰਘ ਖੇੜਾ, ਸ. ਚਰਨਜੀਤ ਸਿੰਘ ਕਾਲੇਵਾਲ, ਬੀਬੀ ਪਰਮਜੀਤ ਕੌਰ ਲਾਂਡਰਾਂ, ਸ. ਕਰਨੈਲ ਸਿੰਘ ਪੰਜੋਲੀ, ਸ. ਜਗਤਾਰ ਸਿੰਘ, ਸ. ਸੁਰਜੀਤ ਸਿੰਘ ਕੰਗ, ਸ. ਹਰਭਜਨ ਸਿੰਘ ਚੀਮਾ, ਸ. ਚਰਨਜੀਤ ਸਿੰਘ ਜੱਸੋਵਾਲ, ਸ. ਸੁਖਮੀਤ ਸਿੰਘ, ਸ. ਭੁਪਿੰਦਰ ਸਿੰਘ ਅਨੰਦ, ਸ. ਗੁਰਮਿੰਦਰ ਸਿੰਘ ਮਠਾਰੂ, ਸ. ਗੁਰਿੰਦਰ ਸਿੰਘ ਬਾਵਾ, ਬੀਬੀ ਸੁਖਮਿੰਦਰ ਕੌਰ ਮੌਜੂਦ ਸਨ। ਇਸ ਤੋਂ ਇਲਾਵਾ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਸ. ਅਵਤਾਰ ਸਿੰਘ ਵਣਵਾਲਾ, ਭਾਈ ਅਜਾਇਬ ਸਿੰਘ ਅਭਿਆਸੀ, ਸ. ਪ੍ਰਿਤਪਾਲ ਸਿੰਘ ਲੁਧਿਆਣਾ ਅਤੇ ਸ. ਸੁਖਵਰਸ਼ ਸਿੰਘ ਪੰਨੂ ਵੀ ਇਸ ਜਨਰਲ ਇਜਲਾਸ ਦੌਰਾਨ ਹਾਜ਼ਰ ਰਹੇ।

## ਗੁਰਦੁਆਰਾ ਪਾਤਸ਼ਾਹੀ ਪੰਜਵੀਂ ਉਠੀਆਂ ਵਿਖੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ



ਕਾਲਾ ਅਫਗਾਨਾ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਸੱਜਣ ਸਿੰਘ ਬੱਜੂਮਾਨ ਦੇ ਉਪਰਾਲੇ ਨਾਲ ਗੁਰਦੁਆਰਾ ਪਾਤਸ਼ਾਹੀ ਪੰਜਵੀਂ ਉਠੀਆਂ ਵਿਖੇ ਗੁਰਮਤਿ ਸਮਾਗਮ ਤੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ। ਇਸ ਗੁਰਮਤਿ ਸਮਾਗਮ ਸਮੇਂ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਰਣਜੀਤ ਸਿੰਘ ਵੜੈਚ, ਭਾਈ ਕੁਲਬੀਰ ਸਿੰਘ, ਕਵੀਸ਼ਰ ਭਾਈ ਰਣਜੋਧ ਸਿੰਘ, ਭਾਈ ਅੰਗਰੇਜ ਸਿੰਘ ਤੇ ਢਾਡੀ ਭਾਈ ਸ਼ਮਸੇਰ ਸਿੰਘ ਦੇ ਜਥੇ ਨੇ ਸੰਗਤਾਂ ਨਾਲ ਸਿੱਖ ਇਤਿਹਾਸ ਤੇ ਗੁਰਮਤਿ ਸਿਧਾਂਤਾਂ ਦੀ ਸਾਂਝ ਪਾਈ।

ਇਸ ਮੌਕੇ ਹੋਏ ਅੰਮ੍ਰਿਤ ਸੰਚਾਰ ਸਮੇਂ 136 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। ਅੰਮ੍ਰਿਤ ਸੰਚਾਰ ਦੀ ਸੇਵਾ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪਹੁੰਚੇ ਪੰਜ ਪਿਆਰੇ ਸਾਹਿਬਾਨ ਨੇ ਨਿਭਾਈ। ਅੰਮ੍ਰਿਤ ਅਭਿਲਾਖੀਆਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ। ਜਥੇਦਾਰ ਸੱਜਣ ਸਿੰਘ ਬੱਜੂਮਾਨ ਨੇ ਅੰਮ੍ਰਿਤ ਅਭਿਲਾਖੀਆਂ ਖ਼ਾਲਸਾ ਪੰਥ ਵਿਚ ਸ਼ਾਮਲ ਹੋਣ ਦੀ ਵਧਾਈ ਦਿੰਦਿਆਂ ਸਿੱਖ ਰਹਿਤ ਮਰਿਯਾਦਾ ਵਿਚ ਦ੍ਰਿੜ ਰਹਿਣ ਦੀ ਪ੍ਰੇਰਨਾ ਵੀ ਕੀਤੀ। ਜਥੇਦਾਰ ਬੱਜੂਮਾਨ ਵੱਲੋਂ ਪੰਜ ਪਿਆਰੇ ਸਾਹਿਬਾਨ ਤੇ ਪ੍ਰਚਾਰਕ ਸਿੰਘਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਮੈਨੇਜਰ ਸ. ਮਨਜੀਤ ਸਿੰਘ, ਸ. ਦਵਿੰਦਰ ਸਿੰਘ, ਭਾਈ ਸੁਖਪਾਲ ਸਿੰਘ ਗ੍ਰੰਥੀ, ਸ. ਗੁਰਦਿਆਲ ਸਿੰਘ ਸਮੇਤ ਹੋਰ ਹਾਜ਼ਰ ਸਨ।

## ਫਿਰੋਜ਼ਪੁਰ ਦੇ ਖੜੂਰ ਵਿਖੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ



ਜੀਰਾ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਾਰਪਿਤ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਅਤੇ ਗੁਰ ਫਤਿਹ ਗੁਰਮਤਿ ਪ੍ਰਚਾਰ ਵੈਲਫੇਅਰ ਸੁਸਾਇਟੀ ਦੇ ਸਾਂਝੇ ਉਪਰਾਲੇ ਸਦਕਾ ਗੁਰਦੁਆਰਾ ਸਾਹਿਬ ਪਿੰਡ ਖੜੂਰ (ਭੱਠੇ ਵਾਲਾ) ਤਹਿ ਜੀਰਾ ਜ਼ਿਲ੍ਹਾ ਫਿਰੋਜ਼ਪੁਰ ਵਿਖੇ ਗੁਰਮਤਿ ਸਮਾਗਮ ਤੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਸੁਖਬੀਰ ਸਿੰਘ ਨੇ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਜੀਵਨ ਤੋਂ ਜਾਣੂ ਕਰਵਾਇਆ। ਉਨ੍ਹਾਂ ਸੰਗਤਾਂ ਨੂੰ ਸਿੱਖ ਰਹਿਤ ਮਰਿਯਾਦਾ ਦੀ ਜਾਣਕਾਰੀ ਦਿੰਦਿਆਂ ਅੰਮ੍ਰਿਤ ਛੱਕਣ ਦੀ ਪ੍ਰੇਰਨਾ ਕੀਤੀ। ਇਸ ਮੌਕੇ ਹੋਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 29 ਪ੍ਰਾਣੀ ਅੰਮ੍ਰਿਤ ਦੀ ਦਾਤ ਪ੍ਰਾਪਤ ਕਰ ਗੁਰੂ ਵਾਲੇ ਬਣੇ। ਅੰਮ੍ਰਿਤ ਅੰਮ੍ਰਿਤ ਅਭਿਲਾਖੀ ਸੰਗਤਾਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ। ਪਿੰਡ ਦੀਆਂ ਸੰਗਤਾਂ ਵੱਲੋਂ ਪੰਜ ਪਿਆਰੇ ਸਾਹਿਬਾਨ ਤੇ ਪ੍ਰਚਾਰਕ ਸਿੰਘਾਂ ਦਾ ਸਨਮਾਨ ਵੀ ਕੀਤਾ ਗਿਆ।

## ਪਿੰਡ ਔਲਖ ਵਿਖੇ ਬੱਚਿਆਂ ਦੇ ਦਸਤਾਰ ਅਤੇ ਦੁਮਾਲਾ ਸਜਾਉਣ ਦੇ ਮੁਕਾਬਲੇ ਕਰਵਾਏ




ਜੈਤੋ- ਜਗਤ ਗੁਰੂ ਸ੍ਰੀ ਗੁਰੂ ਨਾਨਕ ਸਾਹਿਬ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਮਾਨਯੋਗ ਜਥੇਦਾਰ ਸ੍ਰੀ ਅਕਾਲ ਤਖਤ ਸਹਿਬ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਆਦੇਸ਼ਾਂ ਅਨੁਸਾਰ ਸ. ਪਰਮਜੀਤ ਸਿੰਘ ਸਰੋਆ ਵਧੀਕ ਸਕੱਤਰ ਧਰਮ ਪ੍ਰਚਾਰ ਕਮੇਟੀ ਦੇ ਸਹਿਯੋਗ ਨਾਲ ਸੰਤ ਬਾਬਾ ਗੰਡਾ ਸਿੰਘ ਮੈਮੋਰੀਅਲ ਸੀਨੀਅਰ ਸੈਕੰਡਰੀ ਸਕੂਲ ਪਿੰਡ ਔਲਖ ਵਿਖੇ ਬੱਚਿਆਂ ਦੇ ਦਸਤਾਰ ਅਤੇ ਦੁਮਾਲਾ ਸਜਾਉਣ ਦੇ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਲਈ ਸਬ ਆਫਿਸ ਧਰਮ ਪ੍ਰਚਾਰ ਕਮੇਟੀ ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਦੇ ਇੰਚਾਰਜ ਸ. ਭੋਲਾ ਸਿੰਘ ਦਾ ਵਿਸ਼ੇਸ ਸਹਿਯੋਗ ਰਿਹਾ।

ਇਸ ਮੌਕੇ ਜਥੇਦਾਰ ਸ਼ੇਰ ਸਿੰਘ ਮੰਡਵਾਲਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸ. ਜਗਜੀਤ ਸਿੰਘ ਮੈਨੇਜਰ ਗੁਰਦੁਆਰਾ ਚੁੱਲਾ ਸਾਹਿਬ ਕੋਟਕਪੂਰਾ ਵਿਸ਼ੇਸ਼ ਤੌਰ ਤੇ ਪਹੁੰਚੇ, ਜਿਨ੍ਹਾਂ ਨੇ ਧਰਮ ਪ੍ਰਚਾਰ ਕਮੇਟੀ ਵੱਲੋਂ ਲਈ ਜਾਂਦੀ ਧਾਰਮਿਕ ਪ੍ਰੀਖਿਆ ਵਿਚ ਅਵਲ ਆਉਣ ਵਾਲੇ ਬੱਚਿਆਂ ਨੂੰ 2100 ਰੁਪਏ ਵਜ਼ੀਫ਼ਾ ਅਤੇ ਬਾਕੀ ਬੱਚਿਆਂ ਨੂੰ ਸਰਟੀਫਿਕੇਟ ਤੇ ਮੈਡਲ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਬਾਬਾ ਹਰਿੰਦਰ ਸਿੰਘ, ਪ੍ਰਿੰਸੀਪਲ ਰਾਜਵਿੰਦਰ ਸਿੰਘ, ਪ੍ਰਚਾਰਕ ਭਾਈ ਅਵਤਾਰ ਸਿੰਘ ਘਰਿਆਲਾ ਅਤੇ ਸਕੂਲ ਦਾ ਸਮੁੱਚਾ ਸਟਾਫ ਹਾਜ਼ਰ ਸੀ।

## ਭਾਈ ਲੌਂਗੋਵਾਲ ਵੱਲੋਂ ਕੈਨੇਡਾ ਦੇ ਮੰਤਰੀ ਮੰਡਲ 'ਚ ਸ਼ਾਮਲ ਹੋਣ 'ਤੇ ਸ. ਸੱਜਣ ਤੇ ਸ. ਬੈਂਸ ਨੂੰ ਵਧਾਈ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕੈਨੇਡਾ ਸਰਕਾਰ ਅੰਦਰ ਮੰਤਰੀ ਬਣਨ 'ਤੇ ਸ. ਹਰਜੀਤ ਸਿੰਘ ਸੱਜਣ ਤੇ ਸ. ਨਵਦੀਪ ਸਿੰਘ ਬੈਂਸ ਸਮੇਤ ਚਾਰ ਪੰਜਾਬੀ ਮੰਤਰੀਆਂ ਨੂੰ ਵਧਾਈ ਦਿੱਤੀ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਪੰਜਾਬੀਆਂ ਦਾ ਵਿਦੇਸ਼ਾਂ ਅੰਦਰ ਮਾਣ ਹੋਰ ਵਧਿਆ ਹੈ। ਭਾਈ ਲੌਂਗੋਵਾਲ ਨੇ ਸ. ਸੱਜਣ ਅਤੇ ਸ. ਬੈਂਸ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਦੀਆਂ ਇਹ ਪ੍ਰਾਪਤੀਆਂ ਸਿੱਖਾਂ ਲਈ ਮਾਣਮੱਤੀਆਂ ਹਨ। ਸਿੱਖ ਕੌਮ ਨੂੰ ਉਨ੍ਹਾਂ 'ਤੇ ਮਾਣ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਕੈਨੇਡਾ ਅੰਦਰ ਸਾਬਤ ਸੂਰਤ ਦਸਤਾਰਧਾਰੀ ਗੁਰਸਿੱਖਾਂ ਦੇ ਮੰਤਰੀ ਬਣਨ ਨਾਲ ਵਿਦੇਸ਼ਾਂ ਅੰਦਰ ਸਿੱਖ ਪਛਾਣ ਨੂੰ ਹੋਰ ਬਲ ਮਿਲੇਗਾ। ਉਨ੍ਹਾਂ ਕਿਹਾ ਕਿ ਅੱਜ ਜਦੋਂ ਸਿੱਖਾਂ ਨੂੰ ਵਿਦੇਸ਼ਾਂ ਅੰਦਰ ਪਛਾਣ ਦੀ ਸਮੱਸਿਆ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਤਾਂ ਉਸ ਸਮੇਂ ਸਿੱਖਾਂ ਦਾ ਵਿਕਸਿਤ ਦੇਸ਼ ਵਿਚ ਮੰਤਰੀ ਪਦ 'ਤੇ ਹੋਣਾ ਖਾਸ ਮਹੱਤਵ ਰੱਖਦਾ ਹੈ। ਉਨ੍ਹਾਂ ਕੈਨੇਡਾ ਦੇ ਪ੍ਰਧਾਨ ਮੰਤਰੀ ਸ੍ਰੀ ਜਸਟਿਨ ਟਰੂਡੋ ਨੂੰ ਵੀ ਮੁੜ ਸੱਤਾ ਹਾਸਲ ਕਰਨ 'ਤੇ ਵਧਾਈ ਦਿੱਤੀ। ਉਨ੍ਹਾਂ ਸ੍ਰੀ ਟਰੂਡੋ ਦਾ ਪੰਜਾਬੀਆਂ ਅਤੇ ਖ਼ਾਸਕਰ ਸਿੱਖਾਂ ਨੂੰ ਮੰਤਰੀ ਮੰਡਲ ਵਿਚ ਸ਼ਾਮਲ ਕਰਨ 'ਤੇ ਧੰਨਵਾਦ ਵੀ ਕੀਤਾ।

ਮੁੱਖ ਸੰਪਾਦਕ:
ਮਹਿੰਦਰ ਸਿੰਘ ਆਹਲੀ
ਸਹਾਇਕ:
ਜਗਤਾਰ ਸਿੰਘ ਖੋਦੇਬੇਟ
ਪ੍ਰਕਾਸ਼ਕ:
ਸਕੱਤਰ, ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ।
ਛਾਪਕ:
ਗੋਲਡਨ ਆਫਸੈੱਟ ਪ੍ਰੈਸ, ਗੁਰਦੁਆਰਾ ਰਾਮਸਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ।

## ਬਾਬਾ ਆਇਆ ਸਿਘ ਰਿਆੜਕੀ ਕਾਲਜ ਤੁਗਲਵਾਲ ਵਿਖੇ ਗੁਰਮਤਿ ਸਿਖਿਲਾਈ ਕੈਂਪ ਲਗਾਇਆ



ਕਾਦੀਆਂ- ਬਾਬਾ ਆਇਆ ਸਿੰਘ ਰਿਆੜਕੀ ਕਾਲਜ ਤੁਗਲਵਾਲ ਵਿਖੇ ਧਰਮ ਪ੍ਰਚਾਰ ਕਮੇਟੀ ਵੱਲੋਂ ਹਰ ਸਾਲ ਗੁਰਮਤਿ ਸਿਖਿਲਾਈ ਕੈਂਪ ਲਗਾਇਆ ਜਾਂਦਾ ਹੈ। ਇਸ ਸਾਲ ਗਿਆਨੀ ਮੇਵਾ ਸਿਘ ਜੀ ਦੀ ਯਾਦ ਵਿੱਚ ਲਗਾਏ ਗਏ ਪੰਜ ਦਿਨਾ ਗੁਰਮਤਿ ਸਿਖਲਾਈ ਕੈਂਪ ਵਿਚ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਜਸਵਿੰਦਰ ਸਿੰਘ ਸ਼ਹੂਰ, ਭਾਈ ਅਮਰੀਕ ਸਿੰਘ ਚਿੱਟੀ, ਭਾਈ ਗੁਰਭੇਜ ਸਿੰਘ, ਭਾਈ ਗੁਰਨਾਮ ਸਿਘ ਦੋਰਾਂਗਲਾ, ਬੀਬੀ ਰਾਜਬੀਰ ਕੌਰ ਤੇ ਬੀਬੀ ਰੁਪਿੰਦਰ ਕੌਰ ਨੇ ਬੱਚਿਆਂ ਨੂੰ ਸਿੱਖ ਇਤਿਹਾਸ ਤੇ ਸਿੱਖ ਰਹਿਤ ਮਰਿਯਾਦਾ ਬਾਰੇ ਜਾਣਕਾਰੀ ਦਿੱਤੀ।

ਇਸ ਕੈਂਪ ਦੌਰਾਨ ਬੱਚਿਆਂ ਵੱਲੋਂ ਵੀ ਗੁਰਬਾਣੀ ਕੀਰਤਨ, ਭਾਸ਼ਨ, ਕਵਿਤਾ ਤੇ ਕਵੀਸ਼ਰੀ ਰਾਹੀਂ ਹਾਜ਼ਰੀ ਭਰੀ ਗਈ। ਕੈਂਪ ਦੇ ਪੰਜਵੇਂ ਦਿਨ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਵਿਸ਼ੇਸ ਤੌਰ ਤੇ ਪਹੁੰਚੇ ਪੰਜ ਪਿਆਰੇ ਸਾਹਿਬਾਨ ਨੇ ਅੰਮ੍ਰਿਤ ਦਾ ਬਾਟਾ ਤਿਆਰ ਕੀਤਾ। ਇਸ ਸਮੇਂ 86 ਵਿਦਿਆਰਥੀ ਅੰਮ੍ਰਿਤ ਦੀ ਦਾਤ ਪ੍ਰਾਪਤ ਕਰ ਗੁਰੂ ਵਾਲੇ ਬਣੇ।

ਜ਼ਿਕਰਯੋਗ ਹੈ ਕਿ ਧਰਮ ਪ੍ਰਚਾਰ ਕਮੇਟੀ ਵੱਲੋਂ ਲਗਾਤਾਰ ਸਕੂਲਾਂ ਤੇ ਕਾਲਜਾਂ ਵਿਚ ਪੜ੍ਹਦੇ ਬੱਚਿਆਂ ਨੂੰ ਧਰਮ ਪ੍ਰਤੀ ਜਾਣਕਾਰੀ ਦੇਣ ਹਿਤ ਆਪਣੇ ਪ੍ਰਾਚਰਕਾਂ ਰਾਹੀਂ ਸਮਾਗਮ ਕਰਵਾਏ ਜਾਂਦੇ ਹਨ ਤਾਂ ਜੋ ਨਿਰੋਏ ਸਮਾਜ ਦੀ ਸਿਰਜਣਾ ਹੋ ਸਕੇ। ਇਸ ਮੌਕੇ ਕਾਲਜ ਦੇ ਪ੍ਰਬੰਧਕਾਂ ਵੱਲੋਂ ਪੰਜ ਪਿਆਰੇ ਸਾਹਿਬਾਨ ਤੇ ਪ੍ਰਚਾਰਕ ਸਿੰਘਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਅਤੇ ਧਰਮ ਪ੍ਰਚਾਰ ਕਮੇਟੀ ਦਾ ਧੰਨਵਾਦ ਵੀ ਕੀਤਾ ਗਿਆ।

## ਧਰਮ ਪ੍ਰਚਾਰ ਕਮੇਟੀ ਨੇ ਪਿੰਡ ਢੱਡੇ ਵਿਖੇ ਕਰਵਾਇਆ ਗੁਰਮਤਿ ਸਮਾਗਮ



ਤਲਵੰਡੀ ਸਾਬੋ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਧਰਮ ਪ੍ਰਚਾਰ ਕਮੇਟੀ ਵੱਲੋਂ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਜਥੇਦਾਰ ਗੁਰੇਤਜ ਸਿੰਘ ਢੱਡੇ ਦੇ ਉੱਦਮ ਸਦਕਾ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਅਤੇ ਨਗਰ ਪੰਚਾਇਤ ਦੇ ਸਹਿਯੋਗ ਨਾਲ ਪਿੰਡ ਢੱਡੇ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਗੁਰਮਤਿ ਸਮਾਗਮ ਸਮੇਂ ਭਾਈ ਕੁਲਦੀਪ ਸਿੰਘ ਹਜ਼ੂਰੀ ਰਾਗੀ ਜਥਾ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਅਤੇ ਭਾਈ ਨਿਰਭੈ ਸਿੰਘ ਹਜ਼ੂਰੀ ਰਾਗੀ ਜਥਾ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀਂ ਨਿਹਾਲ ਕੀਤਾ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ ਤੇ ਭਾਈ ਨਿਰਭੈ ਸਿੰਘ ਜਿਊਂਦ ਨੇ ਸੰਗਤਾਂ ਨੂੰ ਗੁਰ-ਇਤਿਹਾਸ ਤੋਂ ਜਾਣੂੰ ਕਰਵਾਇਆ। ਸਮਾਗਮ ਵਿਚ ਇਲਾਕੇ ਭਰ ਤੋਂ ਸੰਗਤਾਂ ਵੱਡੀ ਗਿਣਤੀ ਵਿਚ ਸ਼ਾਮਲ ਹੋਈਆਂ। ਇਸ ਮੌਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਤੋਂ ਵਿਸ਼ੇਸ਼ ਤੌਰ ’ਤੇ ਪੁੱਜੇ ਪੰਜ ਪਿਆਰਿਆਂ ਵੱਲੋਂ ਅੰਮ੍ਰਿਤ ਦਾ ਬਾਟਾ ਤਿਆਰ ਕੀਤਾ ਗਿਆ ਅਤੇ 26 ਪ੍ਰਾਣੀ ਗੁਰੂ ਵਾਲੇ ਬਣੇ। ਇਸ ਸਮੇਂ ਜਥੇ. ਗੁਰਤੇਜ ਸਿੰਘ ਢੱਡੇ ਨੇ ਅੰਮ੍ਰਿਤਪਾਨ ਕਰਨ ਵਾਲੀਆਂ ਸੰਗਤਾਂ ਨੂੰ ਵਧਾਈ ਦਿੰਦਿਆਂ ਸਿੱਖ ਰਹਿਤ ਮਰਯਾਦਾ ਅਨੁਸਾਰ ਦ੍ਰਿੜ੍ਹ ਰਹਿਣ ਦੀ ਪ੍ਰੇਰਣਾ ਕੀਤੀ। ਇਸੇ ਦੌਰਾਨ ਵੱਖ-ਵੱਖ ਪਿੰਡਾਂ ਵਿਚ ਬੱਚਿਆਂ ਦੇ ਗੁਰਮਤਿ ਕੈਂਪਾਂ ਵਿਚ ਸਹਿਯੋਗ ਕਰਨ ਵਾਲੇ 43 ਪਿੰਡਾਂ ਦੇ ਗ੍ਰੰਥੀ ਸਿੰਘਾਂ ਦਾ ਸਨਮਾਨ ਕੀਤਾ ਗਿਆ। ਇਸ ਸਮੇਂ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ 150 ਛਾਂ-ਦਾਰ ਬੂਟੇ ਲਗਾਏ ਗਏ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਇੰਜੀ. ਸੁਖਮਿੰਦਰ ਸਿੰਘ, ਮੈਨੇਜਰ ਭਾਈ ਪਰਮਜੀਤ ਸਿੰਘ ਤੇ ਭਾਈ ਗੁਰਜੰਟ ਸਿੰਘ ਮੁੱਖ ਗ੍ਰੰਥੀ ਵੀ ਮੌਜੂਦ ਸਨ।

## ਰਤੀਆ (ਹਰਿਆਣਾ) ਵਿਖੇ ਪੰਜ ਰੋਜ਼ਾ ਦਸਤਾਰ ਸਿਖਲਾਈ ਕੈਂਪ ਲਗਾਇਆ



ਰਤੀਆ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਭਾਈ ਗੋਬਿੰਦ ਸਿੰਘ ਲੌਂਗੋਵਾਲ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜਥੇਦਾਰ ਰਾਮਪਾਲ ਸਿੰਘ ਬਹਿਣੀਵਾਲ ਮੈਂਬਰ ਧਰਮ ਪ੍ਰਚਾਰ ਕਮੇਟੀ ਦੀ ਅਗਵਾਹੀ ਹੇਠ ਸ੍ਰੀ ਗੁਰੂ ਰਾਮ ਦਾਸ ਸਾਹਿਬ ਸੇਵਾ ਸੁਸਾਇਟੀ ਰਤੀਆ ਦੇ ਸਹਿਯੋਗ ਨਾਲ ਰਤੀਆ ਦੇ ਗੁਰਦੁਆਰਾ ਸਾਹਿਬ ਪੁਰਾਣਾ ਬਾਜ਼ਾਰ ਵਿਖੇ ਪੰਜ ਰੋਜ਼ਾ ਦਸਤਾਰ ਸਿਖਲਾਈ ਕੈਂਪ ਲਗਾਇਆ ਗਿਆ। ਜਿਸ ਵਿੱਚ 85 ਨੌਜਵਾਨਾ ਤੇ ਬੱਚਿਆਂ ਨੇ ਭਾਗ ਲਿਆ। ਇਸ ਕੈਂਪ ਵਿੱਚ ਪ੍ਰਚਾਰਕ ਭਾਈ ਗੁਰਸੇਵ ਸਿੰਘ ਘਰਾਚੋਂ ਨੇ ਬੱਚਿਆਂ ਨੂੰ ਦਸਤਾਰ ਦੀ ਮਹਾਨਤਾ ਤੋ ਜਾਣੂ ਕਰਵਾਇਆ ਤੇ ਭਾਈ ਅਮਰਜੀਤ ਸਿੰਘ ਗੁਰਦੁਆਰਾ ਧਮਤਾਨ ਸਾਹਿਬ ਨੇ ਦਸਤਾਰ ਦੀ ਸਿਖਲਾਈ ਦਿੱਤੀ।

ਕੈਂਪ ਦੀ ਸੰਪੂਰਨਤਾ ਤੇ ਸੋਹਣੀਆਂ ਦਸਤਾਰਾਂ ਸਜਾਉਣ ਵਾਲੇ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਜਥੇਦਾਰ ਰਾਮਪਾਲ ਸਿੰਘ ਬਹਿਣੀਵਾਲ ਨੇ ਵਿਸ਼ੇਸ਼ ਇਨਾਮ ਤੇ ਦਸਤਾਰਾ ਦੇ ਕੇ ਸਨਮਾਨਿਤ ਕੀਤਾ। ਉਨ੍ਹਾਂ ਕੈਂਪ ਵਿਚ ਸ਼ਾਮਲ ਹੋਣ ਵਾਲੇ ਬੱਚਿਆਂ ਦੇ ਮਾਤਾ ਪਿਤਾ ਦਾ ਧੰਨਵਾਦ ਕਰਦਿਆਂ ਸੰਗਤਾਂ ਨੂੰ ਗੁਰਮਤਿ ਦੇ ਧਾਰਨੀ ਹੋਣ ਦੀ ਪ੍ਰੇਰਨਾ ਕੀਤੀ। ਇਸ ਮੌਕੇ ਭਾਈ ਰਣਜੀਤ ਸਿੰਘ ਭਾਨੀਖੇੜਾ ਪ੍ਰਧਾਨ, ਭਾਈ ਤਰਸੇਮ ਸਿੰਘ ਢਾਡੀ, ਭਾਈ ਸਤਨਾਮ ਸਿੰਘ, ਸਮੂਹ ਪ੍ਰਬੰਧਕ ਸਹਿਬਾਨ ਅਤੇ ਸ੍ਰੀ ਗੁਰੂ ਰਾਮ ਦਾਸ ਸਾਹਿਬ ਸੇਵਾ ਸੁਸਾਇਟੀ ਦੇ ਮੈਂਬਰ ਸਾਹਿਬਾਨ ਹਾਜ਼ਰ ਸਨ।

## ਫਰੀਦਕੋਟ ਦੇ ਪਿੰਡ ਨਾਨਕਸਰ ਵਿਖੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ



ਫਰੀਦਕੋਟ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਧਰਮ ਪ੍ਰਚਾਰ ਕਮੇਟੀ ਵੱਲੋਂ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਸ਼ੇਰ ਸਿੰਘ ਮੰਡਵਾਲਾ ਅਤੇ ਸਬ ਆਫਿਸ ਧਰਮ ਪ੍ਰਚਾਰ ਕਮੇਟੀ ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਦੇ ਇੰਚਾਰਜ ਸ. ਭੋਲਾ ਸਿੰਘ ਦੇ ਸਹਿਯੋਗ ਸਦਕਾ ਗੁਰਦੁਆਰਾ ਸਾਹਿਬ ਪਿੰਡ ਨਾਨਕਸਰ (ਫਰੀਦਕੋਟ) ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਸਮੇਂ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਅਵਤਾਰ ਸਿੰਘ ਘਰਿਆਲਾ ਨੇ ਸੰਗਤਾਂ ਨੂੰ ਗੁਰੂ ਇਤਿਹਾਸ ਤੋਂ ਜਾਣੂ ਕਰਵਾਇਆ। ਇਸ ਮੌਕੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ ਤਖ਼ਤ ਸ੍ਰੀ ਦਮਦਮਾ ਸਾਹਿਬ ਤੋਂ ਪਹੁੰਚੇ ਪੰਜ ਪਿਆਰੇ ਸਾਹਿਬਾਨ ਨੇ ਅੰਮ੍ਰਿਤ ਦਾ ਬਾਟਾ ਤਿਆਰ ਕੀਤਾ। ਇਸ ਸਮੇਂ 50 ਪ੍ਰਾਣੀ ਅੰਮ੍ਰਿਤ ਦੀ ਦਾਤ ਪ੍ਰਾਪਤ ਕਰ ਗੁਰੂ ਵਾਲੇ ਬਣੇ। ਅੰਮ੍ਰਿਤ ਅਭਿਲਾਖੀ ਸੰਗਤਾਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ। ਇਸ ਸਮਾਗਮ ਲਈ ਪਿੰਡ ਨਾਨਕਸਰ ਦੀਆਂ ਸੰਗਤਾਂ ਅਤੇ ਹਲਕਾ ਕੋਟਕਪੂਰਾ ਦੇ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦਾ ਵਿਸ਼ੇਸ਼ ਸਹਿਯੋਗ ਰਿਹਾ।

## ਹਲਕਾ ਸੁਨਾਮ ਦੇ ਪਿੰਡ ਝਾੜੋ ਵਿਖੇ ਪੰਜ ਰੋਜ਼ਾ ਗੁਰਮਤਿ ਸਿਖਲਾਈ ਕੈਂਪ ਦੀ ਸੰਪੂਰਨਤਾ



ਸੁਨਾਮ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਭਾਈ ਗੋਬਿੰਦ ਸਿੰਘ ਲੌਂਗੋਵਾਲ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜਥੇਦਾਰ ਰਾਮਪਾਲ ਸਿੰਘ ਬਹਿਣੀਵਾਲ ਮੈਂਬਰ ਧਰਮ ਪ੍ਰਚਾਰ ਕਮੇਟੀ ਦੀ ਅਗਵਾਹੀ ਹੇਠ ਭਾਈ ਮੱਘਰ ਸਿੰਘ ਮੋਨੀ ਵੱਲੋਂ ਬਾਬਾ ਹਰਦਮ ਸਿੰਘ ਜੀ ਦੀ ਖੂਹੀ ਪਿੰਡ ਝਾੜੋ ਵਿਖੇ ਪੰਜ ਰੋਜ਼ਾ ਗੁਰਮਤਿ ਸਿਖਲਾਈ ਕੈਂਪ ਲਗਾਇਆ ਗਿਆ ਜਿਸ ਵਿੱਚ ਨੌਜਵਾਨਾ ਤੇ ਬੱਚੀਆਂ ਨੇ ਭਾਗ ਲਿਆ। ਭਾਈ ਗੁਰਸੇਵ ਸਿੰਘ ਘਰਾਚੋਂ ਪ੍ਰਚਾਰਕ ਧਰਮ ਪ੍ਰਚਾਰ ਕਮੇਟੀ ਨੇ ਬੱਚਿਆਂ ਨੂੰ ਦੀ ਗੁਰਬਾਣੀ ਦੀ ਸੰਥਿਆ ਕਰਵਾਈ। ਕੈਂਪ ਦੀ ਸੰਪੂਰਨਤਾ ਤੇ ਜਿਹੜੇ ਜਿਹੜੇ ਬੱਚਿਆਂ ਨੇ ਗੁਰਬਾਣੀ ਸੁਣਾਈ ਉਨ੍ਹਾਂ ਨੂੰ ਵਿਸ਼ੇਸ਼ ਇਨਾਮ ਦਿੱਤੇ।



ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਸਥਿਤ ਗੁਰਦੁਆਰਾ ਬਾਬਾ ਬੀਰ ਸਿੰਘ ਜੀ ਬਾਬਾ ਧੀਰ ਸਿੰਘ ਜੀ ਵਿਖੇ 10 ਨਵੰਬਰ 2019 ਨੂੰ ਹੋਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 128 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।

## ਸ਼੍ਰੋਮਣੀ ਕਮੇਟੀ ਵੱਲੋਂ ਗੁਰਬਾਣੀ ਸ਼ਬਦ-ਗਾਇਨ ਜੇਤੂ ਵਿਦਿਆਰਥਣਾਂ ਦਾ ਸਨਮਾਨ



ਮਲੇਰਕੋਟਲਾ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮਲੇਰਕੋਟਲਾ ਦੇ ਵੱਖ-ਵੱਖ ਪਿੰਡਾਂ ਅੰਦਰ ਸ਼੍ਰੋਮਣੀ ਕਮੇਟੀ ਮੈਂਬਰ ਜਥੇ. ਜੈਪਾਲ ਸਿੰਘ ਮੰਡੀਆਂ ਦੀ ਅਗਵਾਈ ਹੇਠ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਗਏ। ਇਨ੍ਹਾਂ ਗੁਰਮਤਿ ਸਮਾਗਮਾਂ ਸਮੇਂ ਵੱਡੀ ਗਿਣਤੀ ਵਿਚ ਸੰਗਤਾਂ ਨੂੰ ਪੰਥਕ ਵਿਦਵਾਨਾਂ, ਰਾਗੀਆਂ, ਢਾਡੀਆਂ ਤੇ ਕਵੀਸ਼ਰਾਂ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅਧਿਆਤਮਵਾਦੀ ਫਲਸਫੇ ਤੇ ਕੁਰਬਾਨੀਆਂ ਭਰੇ ਸਿੱਖ ਇਤਿਹਾਸ ਤੋਂ ਸੰਗਤਾਂ ਨੂੰ ਜਾਣੂੰ ਕਰਵਾਇਆ। ਇਸਦੇ ਨਾਲ ਹੀ ਵੱਖ-ਵੱਖ ਥਾਈਂ ਗੁਰਬਾਣੀ ਸ਼ਬਦ ਕੀਰਤਨ ਦੇ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿਚ ਜੇਤੂ ਵਿਦਿਆਰਥਣਾਂ ਬੀਬਾ ਸੁਖਮਨਦੀਪ ਕੌਰ ਪੁੱਤਰੀ ਰੁਪਿੰਦਰ ਸਿੰਘ ਮੰਡੀਆਂ ਅਤੇ ਸੁਮਨਦੀਪ ਕੌਰ ਪੁੱਤਰ ਛਿੰਦਰਪਾਲ ਸਿੰਘ ਮੰਡੀਆਂ ਨੂੰ ਯਾਦਗਾਰੀ ਚਿੰਨ੍ਹ, ਧਾਰਮਿਕ ਲਿਟਰੇਚਰ ਤੇ ਸਿਰੋਪਾਓ ਦੇ ਕੇ ਸਨਮਾਨ ਕੀਤਾ ਗਿਆ। ਸਮਾਗਮ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਜਥੇ. ਜੈਪਾਲ ਸਿੰਘ ਮੰਡੀਆਂ ਨੇ ਸੰਗਤਾਂ ਨੂੰ ਗੁਰਬਾਣੀ ਅਨੁਸਾਰੀ ਜੀਵਨ ਬਸਰ ਕਰਨ ਦੀ ਪ੍ਰੇਰਨਾ ਕੀਤੀ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਸੁਖਵੀਰ ਸਿੰਘ, ਭਾਈ ਜਸਬੀਰ ਸਿੰਘ ਧੂਰਾ, ਭਾਈ ਚਰਨਪ੍ਰੀਤ ਸਿੰਘ ਤੇ ਭਾਈ ਅਵਤਾਰ ਸਿੰਘ ਨੇ ਸੰਗਤਾਂ ਨੂੰ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਾਬਕਾ ਮੈਂਬਰ ਬੀਬੀ ਕਰਮਜੀਤ ਕੌਰ ਮੰਡੀਆਂ, ਭਾਈ ਜਗਦੀਸ਼ ਸਿੰਘ, ਸ. ਕੁਲਜਿੰਦਰ ਸਿੰਘ ਸਰਪੰਚ, ਭਾਈ ਸੰਤੋਖ ਸਿੰਘ, ਭਾਈ ਏਕਮ ਸਿੰਘ ਆਦਿ ਮੌਜੂਦ ਸਨ।



ਧਰਮ ਪ੍ਰਚਾਰ ਕਮੇਟੀ ਵੱਲੋਂ ਲਈ ਜਾਂਦੀ ਧਾਰਮਿਕ ਪ੍ਰੀਖਿਆਂ ਵਿਚੋਂ ਸ੍ਰੀ ਗੁਰੂ ਨਾਨਕ ਗਰਲਜ਼ ਸੀਨੀ:ਸੈਕੰ: ਸਕੂਲ ਸ੍ਰੀ ਅੰਮ੍ਰਿਤਸਰ ਦੀਆਂ ਵਿਦਿਆਰਥਣਾਂ ਨੂੰ ਵਜ਼ੀਫੇ ਦੇਣ ਸਮੇਂ ਹੈਡ ਪ੍ਰਚਾਰਕ ਭਾਈ ਜਗੇਦਵ ਸਿੰਘ, ਪ੍ਰਚਾਰਕ ਭਾਈ ਤਰਸੇਮ ਸਿੰਘ, ਪ੍ਰਿੰ. ਮਨਿੰਦਰਪਾਲ ਕੌਰ।

# ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਵੱਲੋਂ 13 ਰਾਸ਼ਟਰੀ ਅਤੇ ਅੰਤਰਰਾਸ਼ਟਰੀ ਸੈਮੀਨਾਰ ਸਮੇਤ ਕੁੱਲ 51 ਵਿਚਾਰ ਗੋਸ਼ਟੀਆਂ ਆਯੋਜਿਤ



ਸ੍ਰੀ ਫ਼ਤਹਿਗੜ੍ਹ ਸਾਹਿਬ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦੁਨੀਆਂ ਦੇ ਹਰ ਕੋਨੇ ਵਿਚ ਗੁਰੂ ਸਾਹਿਬ ਜੀ ਦੇ ਸਿਧਾਂਤਾਂ ਦੇ ਪ੍ਰਚਾਰ-ਪਸਾਰ ਨੂੰ ਮੱਦੇਨਜ਼ਰ ਵਿਸ਼ਾਲ ਸਮਾਗਮ ਉਲੀਕੇ ਗਏ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਗੁਰੂ ਨਾਨਕ ਦੇਵ ਜੀ ਦੇ ਫਲਸਫੇ ਦੇ ਆਧਾਰਿਤ ਵਿਚਾਰ ਗੋਸ਼ਟੀਆਂ ਸੰਬੰਧੀ ਇੱਕ ਵਿਸ਼ੇਸ਼ ਸੈਮੀਨਾਰ ਕਮੇਟੀ ਦਾ ਗਠਨ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਦੀ ਅਗਵਾਈ ਵਿਚ ਕੀਤਾ ਗਿਆ। ਉਸ ਸੈਮੀਨਾਰ ਕਮੇਟੀ ਦੀ ਲੇਖਾ ਜੋਖਾ ਇਕੱਤਤਰਤਾ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਕੀਤੀ ਗਈ। ਪ੍ਰੋ. ਕਿਰਪਾਲ ਸਿੰਘ ਬਡੂੰਗਰ ਦੀ ਅਗਵਾਈ ਵਿਚ ਹੋਈ ਇਸ ਮੀਟਿੰਗ ਵਿਚ ਸੈਮੀਨਾਰ ਕਮੇਟੀ ਵੱਲੋਂ ਆਯੋਜਿਤ 13 ਰਾਸ਼ਟਰੀ ਅਤੇ ਅੰਤਰਰਾਸ਼ਟਰੀ ਸੈਮੀਨਾਰਾਂ ਤੋਂ ਇਲਾਵਾ 51 ਵਿਚਾਰ ਗੋਸ਼ਟੀਆਂ ਦਾ ਲੇਖਾ ਜੋਖਾ ਪੇਸ਼ ਕੀਤਾ ਗਿਆ। ਇੱਥੇ ਜ਼ਿਕਰਯੋਗ ਹੈ ਕਿ 13 ਰਾਸ਼ਟਰੀ ਅਤੇ ਅੰਤਰਰਾਸ਼ਟਰੀ ਸੈਮੀਨਾਰ ਨੇਪਾਲ, ਮੁੰਬਈ, ਹਿੰਦੂ ਯੂਨੀਵਰਸਿਟੀ ਬਨਾਰਸ, ਜੇ.ਆਈ.ਐੱਸ. ਯੂਨੀਵਰਸਿਟੀ ਕਲਕੱਤਾ, ਨੈਸ਼ਨਲ ਯੂਨੀਵਰਸਿਟੀ, ਜੈਪੁਰ, ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਹਿਗੜ੍ਹ ਸਾਹਿਬ, ਗੁਰੂ ਨਾਨਕ ਇੰਜੀਨੀਅਰਿੰਗ ਕਾਲਜ, ਲੁਧਿਆਣਾ, ਗੁਰਦੁਆਰਾ ਪੰਜੋਖਰਾ ਸਾਹਿਬ (ਹਰਿਆਣਾ), ਸ੍ਰੀ ਅੰਮ੍ਰਿਤਸਰ ਸਾਹਿਬ, ਸ੍ਰੀ ਅਨੰਦਪੁਰ ਸਾਹਿਬ, ਸਾਬੋ ਕੀ ਤਲਵੰਡੀ, ਤਖ਼ਤ ਸ੍ਰੀ ਦਮਦਮਾ ਸਾਹਿਬ, ਗੁਰੂ ਨਾਨਕ ਗਰਲਜ਼ ਕਾਲਜ, ਮੁਕਤਸਰ ਸਾਹਿਬ, ਖ਼ਾਲਸਾ ਕਾਲਜ, ਪਟਿਆਲਾ ਵਿਖੇ ਆਯੋਜਿਤ ਕੀਤੇ ਗਏ। ਜਿਨ੍ਹਾਂ ਵਿਚ ਦੇਸ਼ ਅਤੇ ਵਿਦੇਸ਼ ਵਿਚੋਂ ਵੱਖ ਵੱਖ ਧਰਮਾਂ ਦੇ ਬੁੱਧੀਜੀਵੀ, ਇਤਿਹਾਸਕਾਰ ਅਤੇ ਧਾਰਮਿਕ ਆਗੂਆਂ ਨੇ ਵੱਡੀ ਸ਼ਮੂਲੀਅਤ ਕਰਕੇ ਗੁਰੂ ਨਾਨਕ ਦੇਵ ਜੀ ਦੇ ਜੀਵਨ, ਬਾਣੀ, ਯਾਤਰਾਵਾਂ, ਵਾਤਾਵਰਣ, ਸਿਧਾਂਤ, ਵੱਖ ਵੱਖ ਭਾਸ਼ਾਵਾਂ, ਔਰਤ ਜਾਤ, ਜੋਤਿ ਅਤੇ ਜੁਗਤ, ਮਨੁੱਖੀ ਬਰਾਬਰਤਾ ਆਦਿ ਵਿਸ਼ਿਆਂ 'ਤੇ ਆਧਾਰਿਤ ਵਿਚਾਰ ਚਰਚਾਵਾਂ ਕੀਤੀਆਂ। ਇਨ੍ਹਾਂ ਸਮਾਗਮਾਂ ਦੀ ਵਿਸ਼ੇਸ਼ ਵਿਲੱਖਣਤਾ ਇਸ ਤਰ੍ਹਾਂ ਦੇਖਣ ਵਿਚ ਆਈ ਕਿ ਇਹ ਸਾਰੇ ਸਮਾਗਮ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਾਜ਼ਰੀ ਅੰਦਰ ਕੀਤੇ ਗਏ, ਜਿਸਦੀ ਸਮੁੱਚੇ ਰੂਪ ਵਿਚ ਸ਼ਲਾਘਾ ਕੀਤੀ ਗਈ। ਇਸ ਸੈਮੀਨਾਰ ਕਮੇਟੀ ਦੇ ਪ੍ਰੋਗਰਾਮ ਅਧੀਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨਾਲ ਸੰਬੰਧਤ ਸਮੁੱਚੇ ਕਾਲਜ ਅਤੇ ਸਕੂਲਾਂ ਵਿਚ ਵੀ ਵਿਚਾਰ ਗੋਸ਼ਟੀਆਂ ਅਤੇ ਧਾਰਮਿਕ ਸਮਾਗਮਾਂ ਦਾ ਆਯੋਜਨ ਕੀਤਾ ਗਿਆ। ਜਿਸ ਵਿਚ ਲਗਭਗ 35000 (ਪੈਂਤੀ ਹਜ਼ਾਰ) ਵਿਦਿਆਰਥੀਆਂ 2500 (ਪੱਚੀ ਸੌ) ਅਧਿਆਪਕਾਂ ਅਤੇ ਸਹਿਯੋਗੀਆਂ ਨੇ ਭਾਗ ਲਿਆ। ਇਹਨਾਂ ਸਮਾਗਮਾਂ ਨੂੰ 168 ਬੁਲਾਰਿਆਂ ਨੇ ਆਪਣੇ ਖੋਜ ਪੇਪਰਾਂ ਰਾਹੀਂ ਸੰਬੋਧਨ ਕੀਤਾ ਜਿਨ੍ਹਾਂ ਵਿਚੋਂ ਅੱਜ 104 ਖੋਜ ਪੇਪਰਾਂ ਦਾ ਇੱਕ ਸੰਗ੍ਰਹਿ ਡਾ. ਤੇਜਿੰਦਰ ਕੌਰ ਧਾਲੀਵਾਲ, ਡਾਇਰੈਕਟਰ (ਸਿੱਖਿਆ) ਐੱਸ.ਜੀ.ਪੀ.ਸੀ., ਡਾ. ਪਰਮਵੀਰ ਸਿੰਘ, ਮੁਖੀ ਇਨਸਾਈਕਲੋਪੀਡੀਆ ਵਿਭਾਗ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਅਤੇ ਡਾ. ਗੁਰਤੇਜ ਸਿੰਘ, ਟੌਹੜਾ ਇੰਸਟੀਚਿਊਟ, ਬਹਾਦਰਗੜ੍ਹ (ਪਟਿਆਲਾ) ਦੇ ਵਿਸ਼ੇਸ਼ ਸਹਿਯੋਗ ਸਦਕਾ ਇਕੱਤਰ ਕੀਤਾ ਗਿਆ। ਜਿਹੜਾ ਕਿ ਆਗਾਮੀ ਦਿਨਾਂ ਅੰਦਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਜੀ ਲੌਂਗੋਵਾਲ ਨੂੰ ਇੱਕ ਇਤਿਹਾਸਕ ਖੋਜ ਭਰਪੂਰ ਦਸਤਾਵੇਜ਼ ਦੇ ਤੌਰ ਤੇ ਸੌਂਪਿਆ ਜਾਵੇਗਾ। ਇਸ ਕਮੇਟੀ ਵੱਲੋਂ ਪੁੰਗਰ ਰਹੀ ਨੌਜਵਾਨ ਪੀੜ੍ਹੀ ਨੂੰ ਗੁਰੂ ਨਾਨਕ ਦੇਵ ਜੀ ਦੀ ਬਾਣੀ ਜਪੁਜੀ ਸਾਹਿਬ ਪੜ੍ਹਨ, ਦ੍ਰਿੜ ਕਰਵਾਉਣ ਅਤੇ ਕੰਠ ਕਰਵਾਉਣ ਦਾ ਵੱਡਾ ਉਪਰਾਲਾ ਕੀਤਾ ਗਿਆ। ਜਿਸ ਵਿਚ 22 ਅਕਤੂਬਰ ਨੂੰ ਤਿੰਨ ਤਖ਼ਤ ਸਾਹਿਬਾਨ ਦੇ ਸਨਮੁੱਖ 31000 (ਇਕੱਤੀ ਹਜ਼ਾਰ) ਸਕੂਲੀ ਬੱਚਿਆਂ ਨੇ ਜਪੁਜੀ ਸਾਹਿਬ ਪਾਠ ਦੇ ਸਮਾਗਮ ਵਿਚ ਹਿੱਸਾ ਲਿਆ। ਅੱਜ ਪ੍ਰੋ. ਕਿਰਪਾਲ ਸਿੰਘ ਬਡੂੰਗਰ ਵੱਲੋਂ ਕਮੇਟੀ ਦੇ ਸਹਿਯੋਗੀ ਮੈਂਬਰਾਂ ਅਤੇ ਸ਼੍ਰੋਮਣੀ ਕਮੇਟੀ ਦੇ ਅਧਿਕਾਰੀ ਸਾਹਿਬਾਨ ਦਾ ਵਿਸ਼ੇਸ਼ ਧੰਨਵਾਦ ਅਤੇ ਸਨਮਾਨ ਕੀਤਾ ਗਿਆ। ਇਸ ਮੀਟਿੰਗ ਵਿਚ ਭਾਈ ਗੁਰਚਰਨ ਸਿੰਘ ਗਰੇਵਾਲ, ਬੀਬੀ ਕੁਲਦੀਪ ਕੌਰ ਟੌਹੜਾ, ਬੀਬੀ ਹਰਜਿੰਦਰ ਕੌਰ ਚੰਡੀਗੜ੍ਹ, ਬੀਬੀ ਪਰਮਜੀਤ ਕੌਰ ਲਾਂਡਰਾਂ, ਜਥੇਦਾਰ ਜੈਪਾਲ ਸਿੰਘ ਮੰਡੀਆਂ, ਜਥੇਦਾਰ ਗੁਰਮੀਤ ਸਿੰਘ ਬੂਹ, ਜਥੇਦਾਰ ਚਰਨਜੀਤ ਸਿੰਘ ਕਾਲੇਵਾਲ, ਜਥੇਦਾਰ ਸੁੱਖਹਰਪ੍ਰੀਤ ਸਿੰਘ ਰੋਡੇ (ਸਾਰੇ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ), ਸ. ਸੁਖਦੇਵ ਸਿੰਘ ਭੂਰਾਕੋਹਨਾ, ਐਡੀਸ਼ਨਲ ਸਕੱਤਰ, ਕੋ-ਆਰਡੀਨੇਟਰ ਸੈਮੀਨਾਰ ਕਮੇਟੀ, ਭਗਵੰਤ ਸਿੰਘ ਧੰਗੇੜਾ, ਸਹਿ-ਕੋਆਰਡੀਨੇਟਰ ਅਤੇ ਡਾ. ਪ੍ਰਿਤਪਾਲ ਸਿੰਘ, ਵਾਈਸ ਚਾਂਸਲਰ, ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵੀ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ।

# ਸ੍ਰੀ ਗੁਰੂ ਰਾਮਦਾਸ ਲੰਗਰ ਲਈ ਘਿਓ ਦੇ ਟੈਂਡਰ ਸਬੰਧੀ ਦੋਸ਼ ਬੇਬੁਨਿਆਦ -ਸ. ਮਿੱਠੂ ਸਿੰਘ ਕਾਹਨੇਕੇ

ਅੰਮ੍ਰਿਤਸਰ- ਸ੍ਰੀ ਦਰਬਾਰ ਸਾਹਿਬ ਵਿਖੇ ਸ੍ਰੀ ਗੁਰੂ ਰਾਮਦਾਸ ਲੰਗਰ ਘਰ ਲਈ ਵਰਤੇ ਜਾਂਦੇ ਦੇਸੀ ਘਿਓ ਦੇ ਟੈਂਡਰ ਸਬੰਧੀ ਸ. ਮਨਦੀਪ ਸਿੰਘ ਮੰਨਾ ਦੇ ਦੋਸ਼ਾਂ ਨੂੰ ਨਕਾਰਦਿਆਂ ਸ਼੍ਰੋਮਣੀ ਕਮੇਟੀ ਅਤੇ ਖਰੀਦ ਸਬ-ਕਮੇਟੀ ਦੇ ਮੈਂਬਰ ਸ. ਮਿੱਠੂ ਸਿੰਘ ਕਾਹਨੇਕੇ ਨੇ ਕਿਹਾ ਕਿ ਸ. ਮੰਨਾ ਵੱਲੋਂ ਇਹ ਜਾਣਬੁਝ ਕੇ ਸੰਸਥਾ ਨੂੰ ਬਦਨਾਮ ਕਰਨ ਅਤੇ ਫੋਕੀ ਸ਼ੌਹਰਤ ਹਾਸਲ ਕਰਨ ਲਈ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਘਿਓ ਦਾ ਟੈਂਡਰ ਦੇਣ ਸਮੇਂ ਇਸ਼ਤਿਹਾਰ ਰਾਹੀਂ ਪੂਰੇ ਭਾਰਤ ਭਰ ਦੇ ਪ੍ਰਾਈਵੇਟ ਅਤੇ ਸਹਿਕਾਰੀ ਅਦਾਰਿਆਂ ਨੂੰ ਬੁਲਾਇਆ ਗਿਆ ਸੀ। ਦਿੱਲੀ, ਹਰਿਆਣਾ, ਮਹਾਰਾਸ਼ਟਰ ਸਮੇਤ ਕਈ ਸੂਬਿਆਂ ਤੋਂ ਸਹਿਕਾਰੀ ਅਦਾਰਿਆਂ ਵੱਲੋਂ ਰੇਟ ਦਿੱਤੇ ਗਏ, ਜਦਕਿ ਵੇਰਕਾ ਦਾ ਰੇਟ ਸਭ ਤੋਂ ਘੱਟ 319 ਰੁਪਏ 80 ਪੈਸੇ ਪ੍ਰਤੀ ਕਿਲੋ ਹੋਣ ਕਰਕੇ ਉਸ ਨੂੰ ਟੈਂਡਰ ਦਿੱਤਾ ਗਿਆ, ਜੋ ਜੀ.ਐਸ.ਟੀ. ਲੱਗਣ ਉਪਰੰਤ ਸ਼੍ਰੋਮਣੀ ਕਮੇਟੀ ਨੂੰ 357 ਰੁਪਏ ਪ੍ਰਤੀ ਕਿਲੋ ਪੈਂਦਾ ਹੈ। ਉਨ੍ਹਾਂ ਕਿਹਾ ਕਿ ਦੂਸਰੇ ਪਾਸੇ ਇਸ ਸਮੇਂ ਦੇਸੀ ਘਿਓ ਬਜ਼ਾਰੀ ਕੀਮਤ 440 ਰੁਪਏ ਦੇ ਕਰੀਬ ਹੈ।

ਸ. ਕਾਹਨੇਕੇ ਨੇ ਇਹ ਵੀ ਕਿਹਾ ਕਿ ਪ੍ਰਾਈਵੇਟ ਫਰਮ ਤੋਂ ਘਿਓ ਖਰੀਦਣ ਦੀ ਬਜਾਏ ਸਹਿਕਾਰੀ ਅਦਾਰਿਆਂ ਨੂੰ ਤਰਜ਼ੀਹ ਦਿੱਤੀ ਗਈ, ਕਿਉਂਕਿ ਸਹਿਕਾਰੀ ਅਦਾਰੇ ਲੋਕ ਪੱਖੀ ਹੋਣ ਕਰਕੇ ਵਧੀਆ ਕੁਆਲਟੀ ਦਾ ਘਿਓ ਮੁਹੱਈਆ ਕਰਵਾਉਂਦੇ ਹਨ। ਉਨ੍ਹਾਂ ਅੱਗੇ ਕਿਹਾ ਕਿ ਸ. ਮੰਨਾ ਵੱਲੋਂ ਟੈਂਡਰ ਸਬ-ਕਮੇਟੀ ਦੇ ਮੈਂਬਰਾਂ ਦੇ ਇਤਰਾਜ਼ ਦੀ ਗੱਲ ਵੀ ਨਿਰਅਧਾਰ ਹੈ। ਟੈਂਡਰ ਪਾਸ ਕਰਨ ਸਮੇਂ ਸਾਰੇ ਮੈਂਬਰ ਸਹਿਮਤ ਸਨ। ਉਨ੍ਹਾਂ ਕਿਹਾ ਕਿ ਸ. ਮੰਨਾ ਨੂੰ ਅਜਿਹੀ ਮਨਘੜਤ ਬਿਆਨਬਾਜ਼ੀ ਕਰਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਕਸ ਨੂੰ ਖਰਾਬ ਨਹੀਂ ਸੀ ਕਰਨਾ ਚਾਹੀਦਾ। ਉਨ੍ਹਾਂ ਕਿਹਾ ਕਿ ਖਰੀਦ ਸਬ-ਕਮੇਟੀ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਲੰਗਰ ਲਈ ਵਰਤੀਆਂ ਜਾਂਦੀਆਂ ਸਾਰੀਆਂ ਵਸਤੂਆਂ ਦੇ ਟੈਂਡਰ ਨਿਯਮਾਂ ਅਨੁਸਾਰ ਅਤੇ ਪਾਰਦਰਸ਼ੀ ਢੰਗ ਨਾਲ ਹੀ ਦਿੱਤੇ ਹਨ।

ਲੰਗਰ ਲਈ ਵਰਤੇ ਜਾਂਦੇ ਘਿਓ ਦੇ ਟੀਨਾਂ ਵਿੱਚੋਂ ਵਜ਼ਨ ਘੱਟ ਨਿਕਲਣ ਦੇ ਮਾਮਲੇ ਸਬੰਧੀ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ ਨੇ ਕਿਹਾ ਕਿ ਇਸ ਬਾਰੇ ਵੇਰਕਾ ਕੰਪਨੀ ਨੂੰ ਲਿਖਿਆ ਜਾ ਚੁੱਕਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਘਿਓ ਦੀ ਪਹੁੰਚ ਸਮੇਂ ਤੋਲ ਚੈੱਕ ਕਰਨ ਮਗਰੋਂ ਹੀ ਸਟੋਰ ਵਿਚ ਜਮ੍ਹਾਂ ਕੀਤਾ ਜਾਂਦਾ ਹੈ। ਸਾਰੀ ਕਾਰਵਾਈ ਮਗਰੋਂ ਹੀ ਵਜ਼ਨ ਅਨੁਸਾਰ ਅਦਾਇਗੀ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ 2 ਨਵੰਬਰ 2019 ਨੂੰ ਸ੍ਰੀ ਦਰਬਾਰ ਸਾਹਿਬ ਵਿਖੇ ਆਏ 600 ਟੀਨ ਘਿਓ ਵਿੱਚੋਂ 40 ਕਿਲੋ ਘਿਓ ਘੱਟ ਨਿਕਲਿਆ ਸੀ। ਇਸ ਅਨੁਸਾਰ ਹੀ ਸਟੋਰ ਵਿਚ ਦਰਜ਼ ਕੀਤਾ ਗਿਆ। ਇਸ ਦੀ ਅਦਾਇਗੀ ਵੀ ਅਜੇ ਤੀਕ ਨਹੀਂ ਕੀਤੀ ਗਈ। ਉਨ੍ਹਾਂ ਦੱਸਿਆ ਕਿ ਸ੍ਰੀ ਦਰਬਾਰ ਸਾਹਿਬ ਵਿਖੇ ਪੁੱਜਦੇ ਕਿਸੇ ਵੀ ਸਮਾਨ ਨੂੰ ਵਜ਼ਨ ਕਰਕੇ ਹੀ ਦਰਜ਼ ਕੀਤਾ ਜਾਂਦਾ ਹੈ। ਹਰ ਸਮਾਨ ਨੂੰ ਲੰਗਰ ਲਈ ਵਰਤਣ ਸਮੇਂ ਵੀ ਤੋਲ ਕੀਤਾ ਜਾਂਦਾ ਹੈ।

# ਕੈਨੇਡਾ ਤੋਂ ਬੱਸ ਰਾਹੀਂ ਵਿਸ਼ਵ ਯਾਤਰਾ 'ਤੇ ਨਿਕਲੇ ਸਿੱਖ ਯਾਤਰੀਆਂ ਦਾ ਸ਼੍ਰੋਮਣੀ ਕਮੇਟੀ ਵੱਲੋਂ ਸਨਮਾਨ



ਅੰਮ੍ਰਿਤਸਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਸਬੰਧੀ ਕੈਨੇਡਾ ਤੋਂ ਵਿਸ਼ਵ ਯਾਤਰਾ 'ਤੇ ਨਿਕਲੇ ਸਿੱਖ ਸ਼ਰਧਾਲੂਆਂ ਦਾ ਸ੍ਰੀ ਅੰਮ੍ਰਿਤਸਰ ਪੁੱਜਣ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਨਮਾਨ ਕੀਤਾ ਗਿਆ। ਕੈਨੇਡਾ ਦੇ ਟੌਰਾਂਟੋ ਤੋਂ ਕਰੀਬ ਦੋ ਮਹੀਨੇ ਪਹਿਲਾਂ ਸ਼ੁਰੂ ਹੋਈ ਇਹ ਯਾਤਰਾ ਵੱਖ-ਵੱਖ ਦੇਸ਼ਾਂ ਤੋਂ ਹੁੰਦੀ ਹੋਈ ਪਾਕਿਸਤਾਨ ਸਥਿਤ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਕਰਤਾਰਪੁਰ ਸਾਹਿਬ ਤੇ ਸ੍ਰੀ ਨਨਕਾਣਾ ਸਾਹਿਬ ਤੋਂ ਬਾਅਦ ਵਾਹਗਾ ਅਟਾਰੀ ਸਰਹੱਦ ਰਾਹੀਂ ਬੀਤੇ ਕੱਲ੍ਹ ਸ੍ਰੀ ਅੰਮ੍ਰਿਤਸਰ ਵਿਖੇ ਪੁੱਜੀ ਸੀ। ਯਾਤਰਾ 'ਚ ਸ਼ਾਮਲ ਇਹ ਸ਼ਰਧਾਲੂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਮਗਰੋਂ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਪੁੱਜੇ, ਜਿਥੇ ਉਨ੍ਹਾਂ ਦਾ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ ਤੇ ਹੋਰ ਅਧਿਕਾਰੀਆਂ ਨੇ ਸਨਮਾਨ ਕੀਤਾ। ਸ. ਗੁਰਚਰਨ ਸਿੰਘ ਬਨਵੈਤ ਦੀ ਅਗਵਾਈ ਵਿਚ ਸ੍ਰੀ ਗੁਰੂ ਨਾਨਕ ਦੇਵ ਜੀ ਨੂੰ ਅਕੀਦਤ ਭੇਟ ਕਰਨ ਨਿਕਲੇ ਇਸ ਜਥੇ ਵਿਚ 8 ਮੈਂਬਰ ਸ਼ਾਮਲ ਹਨ। ਸ. ਬਨਵੈਤ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਨ੍ਹਾਂ ਨੇ ਕਰੀਬ 2 ਮਹੀਨੇ ਦੇ ਸਫ਼ਰ ਦੌਰਾਨ 17 ਦੇਸ਼ਾਂ ਦੀ ਯਾਤਰਾ ਕੀਤੀ ਹੈ। ਇਸ ਦੌਰਾਨ ਉਨ੍ਹਾਂ ਨੇ ਪਹਿਲੇ ਪਾਤਸ਼ਾਹ ਜੀ ਦੇ ਜੀਵਨ ਇਤਿਹਾਸ ਤੇ ਸਿੱਖਿਆਵਾਂ ਸਬੰਧੀ ਵੱਖ-ਵੱਖ ਦੇਸ਼ਾਂ ਵਿਚ ਸਾਹਿਤ ਵੀ ਵੰਡਿਆ। ਉਨ੍ਹਾਂ ਦੱਸਿਆ ਕਿ ਯਾਤਰਾ ਦਾ ਮੰਤਵ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਵਿਚਾਰਧਾਰਾ ਦੀ ਰੌਸ਼ਨੀ ਵਿਚ ਵਿਸ਼ਵ ਸ਼ਾਂਤੀ ਦਾ ਸੁਨੇਹਾ ਫੈਲਾਉਣਾ ਸੀ। ਉਨ੍ਹਾਂ ਕਿਹਾ ਕਿ ਹਰ ਦੇਸ਼ ਵਿਚ ਉਨ੍ਹਾਂ ਦਾ ਭਰਵਾਂ ਸਵਾਗਤ ਹੋਇਆ ਹੈ। ਜਿਨ੍ਹਾਂ ਦੇਸ਼ਾਂ ਵਿਚ ਸਿੱਖਾਂ ਦੀ ਵੱਸੋਂ ਨਹੀਂ ਹੈ, ਉਥੇ ਵੀ ਲੋਕਾਂ ਵੱਲੋਂ ਭਰਪੂਰ ਪਿਆਰ ਦਿੱਤਾ ਗਿਆ। ਉਨ੍ਹਾਂ ਦੱਸਿਆ ਕਿ ਯਾਤਰਾ ਲਈ ਟੌਰਾਂਟੋ ਦੇ ਵਸਨੀਕ ਅਮੀਰ ਖਾਂ ਦਾ ਵਿਸ਼ੇਸ਼ ਯੋਗਦਾਨ ਰਿਹਾ ਹੈ, ਜੋ ਪਿੱਛੋਂ ਲਾਹੌਰ ਦੇ ਰਹਿਣ ਵਾਲੇ ਹਨ। ਸ. ਬਨਵੈਤ ਅਨੁਸਾਰ ਉਨ੍ਹਾਂ ਨੇ ਯਾਤਰਾ ਦੌਰਾਨ 21 ਹਜ਼ਾਰ ਕਿਲੋਮੀਟਰ ਦਾ ਸਫ਼ਰ ਤੈਅ ਕੀਤਾ। ਇਸ ਤਹਿਤ ਉਹ ਇੰਗਲੈਂਡ, ਪੈਰਸ, ਜਰਮਨ, ਸਵਿਟਰਜਰਲੈਂਡ, ਹਾਲੈਂਡ, ਬੈਲਜੀਅਮ, ਅਸਟ੍ਰੀਆ, ਹੰਗਰੀ, ਟਰਕੀ, ਇਰਾਨ, ਪਾਕਿਸਤਾਨ, ਭਾਰਤ ਆਦਿ ਦੇਸ਼ਾਂ ਵਿਚ ਗਏ। ਉਨ੍ਹਾਂ ਸ਼੍ਰੋਮਣੀ ਕਮੇਟੀ ਵੱਲੋਂ ਕੀਤੇ ਗਏ ਸਨਮਾਨ ਲਈ ਧੰਨਵਾਦ ਵੀ ਕੀਤਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਕਿਹਾ ਕਿ ਅਜਿਹੀਆਂ ਯਾਤਰਾਵਾਂ ਵਿਸ਼ਵ 'ਚ ਸਿੱਖ ਪਛਾਣ ਨੂੰ ਉਭਾਰਨ 'ਚ ਵੱਡੀ ਭੂਮਿਕਾ ਨਿਭਾਉਂਦੀਆਂ ਹਨ। ਸਿੱਖ ਕੌਮ ਨੂੰ ਮਾਣ ਹੈ ਕਿ ਗੁਰੂ ਦੇ ਅਜਿਹੇ ਸਿੱਖ ਗੁਰੂ ਸਾਹਿਬ ਜੀ ਦੀ ਵਿਚਾਰਧਾਰਾ ਨੂੰ ਪ੍ਰਚਾਰਨ 'ਚ ਲੱਗੇ ਹੋਏ ਹਨ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਮੌਕੇ ਵਿਸ਼ਵ ਭਰ ਵਿਚ ਵੱਸਦੇ ਸਿੱਖਾਂ ਨੇ ਆਪੋ-ਆਪਣੇ ਤਰੀਕੇ ਨਾਲ ਯੋਗਦਾਨ ਪਾਇਆ ਹੈ ਅਤੇ ਕੈਨੇਡਾ ਤੋਂ ਸ਼ੁਰੂ ਕੀਤੀ ਗਈ ਇਹ ਯਾਤਰਾ ਵੀ ਇਸੇ ਦਾ ਹੀ ਇਕ ਹਿੱਸਾ ਹੈ। ਦੱਸਣਯੋਗ ਹੈ ਕਿ ਪੰਜਾਬ ਅੰਦਰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਾਵਨ ਸਥਾਨ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸਮੇਤ ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨਾਂ ਮਗਰੋਂ ਇਹ ਯਾਤਰੀ ਮੁੰਬਈ ਤੋਂ ਵਾਪਸ ਕੈਨੇਡਾ ਲਈ ਰਵਾਨਾ ਹੋਣਗੇ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਕੁਲਵਿੰਦਰ ਸਿੰਘ ਰਮਦਾਸ, ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਨਿਸ਼ਾਨ ਸਿੰਘ, ਵਧੀਕ ਮੈਨੇਜਰ ਸ. ਰਾਜਿੰਦਰ ਸਿੰਘ ਰੂਬੀ, ਸ. ਮਲਕੀਤ ਸਿੰਘ ਬਹਿੜਵਾਲ ਅਤੇ ਹੋਰ ਮੌਜੂਦ ਸਨ।

# ਸ਼੍ਰੋਮਣੀ ਕਮੇਟੀ ਵੱਲੋਂ ਕੇਂਦਰੀ ਜ਼ੇਲ੍ਹ ਵਿਖੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਮਤਿ ਸਮਾਗਮ




ਅੰਮ੍ਰਿਤਸਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਥਾਨਕ ਕੇਂਦਰੀ ਜ਼ੇਲ੍ਹ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ। ਜਿਸ ਵਿਚ ਧਰਮ ਪ੍ਰਚਾਰ ਕਮੇਟੀ ਦੇ ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵਿਚਾਰਧਾਰਾ ਅਤੇ ਉਨ੍ਹਾਂ ਦੇ ਜੀਵਨ ਇਤਿਹਾਸ ਸਬੰਧੀ ਸੰਗਤਾਂ ਨੂੰ ਜਾਣੂ ਕਰਵਾਇਆ। ਜ਼ੇਲ੍ਹ ਅੰਦਰ ਸਥਿਤ ਗੁਰਦੁਆਰਾ ਸਾਹਿਬ ਵਿਖੇ ਹੋਏ ਇਸ ਗੁਰਮਤਿ ਸਮਾਗਮ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਗੁਰਜੀਤ ਸਿੰਘ ਨੇ ਗੁਰਬਾਣੀ ਕੀਰਤਨ ਨਾਲ ਸੰਗਤ ਨੂੰ ਜੋੜਿਆ। ਪ੍ਰਚਾਰਕ ਭਾਈ ਜਗਦੇਵ ਸਿੰਘ ਨੇ ਗੁਰਬਾਣੀ ਦੀ ਰੌਸ਼ਨੀ ਵਿਚ ਜੀਵਨ ਜਿਊਣ ਦੀ ਪ੍ਰੇਰਣਾ ਕਰਦਿਆਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮੁੱਚੀ ਮਾਨਵਤਾ ਲਈ ਪ੍ਰੇਰਣਾ ਦਾ ਸਮਾਂ ਦੱਸਿਆ। ਉਨ੍ਹਾਂ ਕਿਹਾ ਕਿ ਇਸ ਇਤਿਹਾਸਕ ਪੁਰਬ ਨੂੰ ਸਮਰਪਿਤ ਹੁੰਦਿਆਂ ਗੁਰੂ ਸਾਹਿਬ ਜੀ ਦੇ ਪਾਵਨ ਉਪਦੇਸ਼ਾਂ ਨੂੰ ਕਮਾਉਣਾ ਸਾਡੀ ਪਹਿਲ ਹੋਣੀ ਚਾਹੀਦੀ ਹੈ। ਇਹੀ ਗੁਰੂ ਸਾਹਿਬ ਨੂੰ ਸੱਚਾ ਸੁੱਚਾ ਸਤਿਕਾਰ ਹੈ। ਇਸ ਦੌਰਾਨ ਪ੍ਰਚਾਰਕ ਭਾਈ ਸੁਖਵੰਤ ਸਿੰਘ ਨੇ ਵੀ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ। ਇਸ ਮੌਕੇ ਜ਼ੇਲ੍ਹ ਪ੍ਰਸਾਸ਼ਨ ਵੱਲੋਂ ਡੀ.ਐਸ.ਪੀ. ਸ. ਬਲਵਿੰਦਰ ਸਿੰਘ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਮਹਿੰਦਰ ਸਿੰਘ ਆਹਲੀ ਦਾ ਸਮਾਗਮ ਵਿਚ ਭਰਵਾਂ ਸਹਿਯੋਗ ਦੇਣ ਲਈ ਧੰਨਵਾਦ ਕੀਤਾ। ਉਨ੍ਹਾਂ ਪ੍ਰਚਾਰਕਾਂ ਨੂੰ ਹਰ ਸੰਗਰਾਂਦ ਸਮੇਂ ਜ਼ੇਲ੍ਹ ਦੇ ਗੁਰਦੁਆਰਾ ਸਾਹਿਬ ਵਿਖੇ ਗੁਰਮਤਿ ਪ੍ਰਚਾਰ ਲਈ ਸੱਦਾ ਦਿੱਤਾ।

# ਭਾਈ ਲੌਂਗੋਵਾਲ ਨੇ ਅਮਰੀਕਾ 'ਚ ਸਿੱਖਾਂ 'ਤੇ ਵਧੇ ਨਸਲੀ ਹਮਲਿਆਂ 'ਤੇ ਗਹਿਰੀ ਚਿੰਤਾ ਪ੍ਰਗਟਾਈ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਅਮਰੀਕਾ ਅੰਦਰ ਸਿੱਖਾਂ ਉੱਤੇ ਵਧੇ ਨਸਲੀ ਹਮਲਿਆਂ 'ਤੇ ਗਹਿਰੀ ਚਿੰਤਾ ਪ੍ਰਗਟਾਈ ਹੈ। ਛਪੀਆਂ ਰਿਪੋਰਟਾਂ ਅਨੁਸਾਰ ਅਮਰੀਕਾ ਦੀ ਕੇਂਦਰੀ ਜਾਂਚ ਏਜੰਸੀ ਐਫ. ਬੀ. ਆਈ. ਵੱਲੋਂ ਜਾਰੀ ਅੰਕੜਿਆਂ ਅਨੁਸਾਰ 2017 ਦੇ ਮੁਕਾਬਲੇ 2018 ਵਿਚ ਸਿੱਖਾਂ ਖਿਲਾਫ ਅਪਰਾਧਾਂ ਦੀ ਗਿਣਤੀ ਵਿਚ ਵਾਧਾ ਹੋਇਆ ਹੈ। ਭਾਈ ਲੌਂਗੋਵਾਲ ਨੇ ਆਖਿਆ ਕਿ ਦੁੱਖ ਦੀ ਗੱਲ ਹੈ ਕਿ ਸਿੱਖਾਂ ਨੂੰ ਵਿਦੇਸ਼ਾਂ ਅੰਦਰ ਲਗਾਤਾਰ ਨਫਰਤ ਦਾ ਸ਼ਿਕਾਰ ਹੋਣਾ ਪੈ ਰਿਹਾ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਸਿੱਖ ਕੌਮ ਵਿਸ਼ਵ ਸ਼ਾਂਤੀ ਅਤੇ ਮਨੁੱਖਤਾ ਦੀ ਭਲਾਈ ਲਈ ਸਦਾ ਯਤਨਸ਼ੀਲ ਰਹੀ ਹੈ। ਵਿਦੇਸ਼ਾਂ ਵਿਚ ਸਿੱਖਾਂ ਨੇ ਆਪਣੀ ਮਿਹਨਤ ਸਦਕਾ ਉੱਚ ਮੁਕਾਮ ਹਾਸਲ ਕੀਤੇ ਹਨ ਅਤੇ ਸਬੰਧਤ ਦੇਸ਼ਾਂ ਦੇ ਵਿਕਾਸ ਵਿਚ ਵੱਡਾ ਯੋਗਦਾਨ ਪਾਇਆ ਹੈ। ਉਨ੍ਹਾਂ ਇਹ ਵੀ ਕਿਹਾ ਕਿ ਅੱਜ ਸਿੱਖ ਵਿਦੇਸ਼ਾਂ ਅੰਦਰ ਸਰਕਾਰਾਂ ਦਾ ਵੀ ਹਿੱਸਾ ਬਣੇ ਹੋਏ ਹਨ। ਭਾਈ ਲੌਂਗੋਵਾਲ ਨੇ ਸਿੱਖਾਂ 'ਤੇ ਹੁੰਦੇ ਨਸਲੀ ਹਮਲਿਆਂ ਨੂੰ ਰੋਕਣ ਲਈ ਭਾਰਤ ਸਰਕਾਰ ਨੂੰ ਲੋੜੀਂਦੀ ਕਾਰਵਾਈ ਕਰਨ ਦੀ ਅਪੀਲ ਵੀ ਕੀਤੀ।

# ਹੈਂਡਬਾਲ ਦੇ ਸੋਨ ਤਗਮਾ ਜੇਤੂ ਖਿਡਾਰੀ ਸ਼ਮਸ਼ੇਰ ਸਿੰਘ ਸ਼੍ਰੋਮਣੀ ਕਮੇਟੀ ਵੱਲੋਂ ਸਨਮਾਨਿਤ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਹੈਂਡਬਾਲ ਵਿਚ ਸੋਨ ਤਗਮਾ ਜੇਤੂ ਨੌਜੁਆਨ ਸ. ਸ਼ਮਸ਼ੇਰ ਸਿੰਘ ਨੂੰ 50 ਹਜ਼ਾਰ ਰੁਪਏ ਦੀ ਰਾਸ਼ੀ ਨਾਲ ਸਨਮਾਨਿਤ ਕੀਤਾ ਗਿਆ ਹੈ। ਦੱਸਣਯੋਗ ਹੈ ਕਿ ਸ਼੍ਰੋਮਣੀ ਕਮੇਟੀ ਨੇ ਸਿੱਖ ਖਿਡਾਰੀਆਂ ਨੂੰ ਵੱਖ-ਵੱਖ ਖੇਡਾਂ ਵਿਚ ਤਗਮੇ ਹਾਸਲ ਕਰਨ 'ਤੇ ਸਨਮਾਨਿਤ ਕਰਨ ਦਾ ਫੈਸਲਾ ਕੀਤਾ ਹੋਇਆ ਹੈ। ਇਸੇ ਤਹਿਤ ਹੀ ਤਰਨ ਤਾਰਨ ਜ਼ਿਲ੍ਹੇ ਦੇ ਪਿੰਡ ਕੈਰੋਂਵਾਲ ਦੇ ਵਾਸੀ ਸ. ਸ਼ਮਸ਼ੇਰ ਸਿੰਘ ਨੂੰ ਸਨਮਾਨਿਤ ਕੀਤਾ ਗਿਆ ਹੈ। ਉਸ ਨੂੰ ਇਹ ਸਨਮਾਨ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਖੁਸ਼ਵਿੰਦਰ ਸਿੰਘ ਭਾਟੀਆ, ਸਕੱਤਰ ਸ. ਮਨਜੀਤ ਸਿੰਘ ਬਾਠ, ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਹਰਜਿੰਦਰ ਕੌਰ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ ਤੇ ਸ. ਸਕੱਤਰ ਸਿੰਘ ਵੱਲੋਂ ਸਾਂਝੇ ਤੌਰ 'ਤੇ ਦਿੱਤਾ ਗਿਆ। ਸ਼ਮਸ਼ੇਰ ਸਿੰਘ ਨੇ ਖਾਲਸਾ ਕਾਲਜ ਅੰਮ੍ਰਿਤਸਰ ਦੇ ਹੈਂਡਬਾਲ ਸੈਂਟਰ ਵੱਲੋਂ ਵੱਖ-ਵੱਖ ਟੂਰਨਾਮੈਂਟਾਂ ਦੌਰਾਨ ਬਿਹਤਰ ਕਾਰਗੁਜ਼ਾਰੀ ਦਿਖਾਈ ਹੈ। ਉਸ ਨੇ ਮਾਰਚ 2018 ਵਿਚ ਪਾਕਿਸਤਾਨ ਵਿਚ ਅੰਡਰ-21 ਚੈਪੀਅਨਸ਼ਿਪ ਵਿਚ ਸੋਨੇ ਦਾ ਤਗਮਾ ਹਾਸਲ ਕੀਤਾ। ਇਸ ਤੋਂ ਇਲਾਵਾ ਨਵੰਬਰ 2018 ਵਿਚ ਥਾਈਂਲੈਂਡ ਵਿਖੇ ਹੋਈਆਂ ਖੇਡਾਂ ਦੌਰਾਨ ਉਸ ਨੇ ਤੀਸਰਾ ਸਥਾਨ ਹਾਸਲ ਕੀਤਾ। ਮਾਰਚ 2019 ਵਿਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿਖੇ ਆਲ ਇੰਡੀਆ ਚੈਪੀਅਨਸ਼ਿਪ ਸਮੇਂ ਸੋਨੇ ਦਾ ਤਗਮਾ ਹਾਸਲ ਕਰਕੇ ਸਿੱਖ ਕੌਮ ਦਾ ਨਾਮ ਚਮਕਾਇਆ। ਇਸੇ ਤਰ੍ਹਾਂ ਹੋਰ ਕਈ ਮੁਕਾਬਲਿਆਂ ਸਮੇਂ ਵੀ ਸ. ਸ਼ਮਸ਼ੇਰ ਸਿੰਘ ਨੇ ਬਿਹਤਰ ਕਾਰਗੁਜ਼ਾਰੀ ਦਿਖਾ ਕੇ ਜ਼ਿਕਰਯੋਗ ਪ੍ਰਾਪਤੀਆਂ ਕੀਤੀਆਂ। ਇਸ ਸਮੇਂ ਮੌਕੇ ਸਕੱਤਰ ਸ. ਮਨਜੀਤ ਸਿੰਘ ਬਾਠ ਨੇ ਕਿਹਾ ਕਿ ਸਿੱਖ ਨੌਜੁਆਨੀ ਨੂੰ ਉਤਸ਼ਾਹਿਤ ਕਰਨ ਲਈ ਸ਼੍ਰੋਮਣੀ ਕਮੇਟੀ ਵੱਲੋਂ ਵੱਖ-ਵੱਖ ਖੇਤਰਾਂ ਵਿਚ ਪ੍ਰਾਪਤੀਆਂ ਕਰਨ ਵਾਲੇ ਨੌਜੁਆਨਾਂ ਨੂੰ ਸਨਮਾਨਿਤ ਕੀਤਾ ਜਾਂਦਾ ਹੈ। ਇਸ ਮੌਕ ਇੰਚਾਰਜ ਸ. ਪਲਵਿੰਦਰ ਸਿੰਘ ਤੇ ਸ. ਹਰਭਜਨ ਸਿੰਘ ਆਦਿ ਮੌਜੂਦ ਸਨ।

# ਧਾਰਮਿਕ ਪ੍ਰੀਖਿਆ 'ਚੋਂ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀ ਸਨਮਾਨਿਤ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀਆਂ ਦੀ ਧਾਰਮਿਕ ਪ੍ਰੀਖਿਆ ਵਿੱਚੋਂ ਵਿਸ਼ੇਸ਼ ਸਥਾਨ ਪ੍ਰਾਪਤ ਕਰਨ ਵਾਲੇ 14 ਵਿਦਿਆਰਥੀਆਂ ਨੂੰ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਮਹਿੰਦਰ ਸਿੰਘ ਆਹਲੀ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਨਾਮੀ ਰਾਸ਼ੀ ਪ੍ਰਾਪਤ ਕਰਨ ਵਾਲੇ ਇਨ੍ਹਾਂ ਵਿਦਿਆਰਥੀਆਂ ਵਿਚ ਧਾਰਮਿਕ ਪ੍ਰੀਖਿਆ ਦੇ ਵੱਖ-ਵੱਖ ਦਰਜਿਆਂ ਵਿੱਚੋਂ ਪਹਿਲੇ ਤਿੰਨ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀ ਸ਼ਾਮਲ ਸਨ। ਪਹਿਲਾ ਸਥਾਨ ਪ੍ਰਾਪਤ ਕਰਨ ਵਾਲਿਆਂ ਨੂੰ 5100 ਰੁਪਏ, ਦੂਸਰੇ ਸਥਾਨ 'ਤੇ ਰਹਿਣ ਵਾਲਿਆਂ ਨੂੰ 4100 ਰੁਪਏ ਅਤੇ ਤੀਜੇ ਸਥਾਨ ਪ੍ਰਾਪਤ ਕਰਤਾ ਨੂੰ 3100 ਰੁਪਏ ਦੀ ਰਾਸ਼ੀ ਇਨਾਮ ਵਜੋਂ ਦਿੱਤੀ ਗਈ। ਇਸ ਤੋਂ ਇਲਾਵਾ ਦੋ ਸਾਲਾ ਸਿੱਖ ਧਰਮ ਅਧਿਐਨ ਪੱਤਰ ਵਿਹਾਰ ਕੋਰਸ ਦੇ ਪਹਿਲੇ ਤਿੰਨ ਸਥਾਨ ਪ੍ਰਾਪਤ ਕਰਨ ਵਾਲੇ ਚਾਰ ਸਿੱਖਿਆਰਥੀਆਂ ਨੂੰ ਵੀ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਕੱਤਰ ਸ. ਮਹਿੰਦਰ ਸਿੰਘ ਆਹਲੀ ਨੇ ਨੇ ਕਿਹਾ ਕਿ ਧਰਮ ਪ੍ਰਚਾਰ ਕਮੇਟੀ ਵੱਲੋਂ ਹਰ ਸਾਲ ਲਈ ਜਾਂਦੀ ਧਾਰਮਿਕ ਪ੍ਰੀਖਿਆ ਵਿਚ ਹਜ਼ਾਰਾਂ ਵਿਦਿਆਰਥੀ ਭਾਗ ਲੈਂਦੇ ਹਨ, ਜਿਨ੍ਹਾਂ ਵਿੱਚੋਂ ਮੈਰਿਟ ਵਿਚ ਆਉਣ ਵਾਲੇ ਵਿਦਿਆਰਥੀਆਂ ਤੋਂ ਇਲਾਵਾ ਪਹਿਲੇ ਤਿੰਨ ਸਥਾਨ ਗ੍ਰਹਿਣ ਕਰਨ ਵਾਲਿਆਂ ਨੂੰ ਵਿਸ਼ੇਸ਼ ਤੌਰ 'ਤੇ ਇਨਾਮੀ ਰਾਸ਼ੀ ਨਾਲ ਸਨਮਾਨਿਤ ਕੀਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਸਾਲ 2018 ਦੀ ਧਾਰਮਿਕ ਪ੍ਰੀਖਿਆ ਵਿਚ ਪੂਰੇ ਭਾਰਤ ਦੇ ਸਕੂਲਾਂ ਕਾਲਜਾਂ ਵਿੱਚੋਂ ਪੰਜਾਹ ਹਜ਼ਾਰ ਦੇ ਲਗਭਗ ਵਿਦਿਆਰਥੀਆਂ ਨੇ ਹਿੱਸਾ ਲਿਆ ਸੀ, ਜਿਨ੍ਹਾਂ ਵਿੱਚੋਂ 14 ਵਿਦਿਆਰਥੀਆਂ ਨੇ ਬਿਹਤਰ ਕਾਰਗੁਜਾਰੀ ਦਿਖਾ ਕੇ ਪਹਿਲੇ ਤਿੰਨ ਸਥਾਨ ਹਾਸਲ ਕੀਤੇ ਹਨ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਵਿਚ ਧਰਮ ਪ੍ਰਚਾਰ ਕਮੇਟੀ ਵਿਦਿਆਰਥੀਆਂ ਨੂੰ ਸਿੱਖ ਧਰਮ ਦੇ ਇਤਿਹਾਸ ਅਤੇ ਸਿਧਾਂਤਾਂ ਨਾਲ ਜੋੜਨ ਲਈ ਨਿਰੰਤਰ ਯਤਨਸ਼ੀਲ ਹੈ। ਵਿਦਿਆਰਥੀਆਂ ਨੂੰ ਸਨਮਾਨਿਤ ਕਰਨ ਮੌਕੇ ਮੀਤ ਸਕੱਤਰ ਸ. ਹਰਜਿੰਦਰ ਸਿੰਘ ਕੈਰੋਂਵਾਲ, ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਨਿਸ਼ਾਨ ਸਿੰਘ ਅਤੇ ਪ੍ਰੋ. ਸੁਖਦੇਵ ਸਿੰਘ ਇੰਚਾਰਜ ਧਾਰਮਿਕ ਪ੍ਰੀਖਿਆ ਸਮੇਤ ਹੋਰ ਹਾਜ਼ਰ ਸਨ।

**ਇਨ੍ਹਾਂ ਵਿਦਿਆਰਥੀਆਂ ਨੇ ਹਾਸਲ ਕੀਤੇ ਪਹਿਲੇ ਤਿੰਨ ਸਥਾਨ-**

ਵੱਖ-ਵੱਖ ਚਾਰ ਦਰਜ਼ਿਆਂ ਵਿੱਚੋਂ ਪਹਿਲਾ ਸਥਾਨਾਂ ਦਸਮੇਸ਼ ਪਬਲਿਕ ਸਕੂਲ ਫਰੀਦਕੋਟ ਦੇ ਅਰਸ਼ਦੀਪ ਸਿੰਘ, ਸ੍ਰੀ ਗੁਰੂ ਰਾਮਦਾਸ ਅਕੈਡਮੀ ਰਿਆਲੀ ਕਲਾ ਜ਼ਿਲ੍ਹਾ ਗੁਰਦਾਸਪੁਰ ਦੀ ਸਿਮਰਜੀਤ ਕੌਰ, ਗੁਰੂ ਨਾਨਕ ਕਾਲਜ ਮੋਗਾ ਦੀ ਕਮਲਪ੍ਰੀਤ ਕੌਰ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੀ ਮਨਪ੍ਰੀਤ ਕੌਰ ਨੇ ਪ੍ਰਾਪਤ ਕੀਤਾ ਹੈ। ਇਨ੍ਹਾਂ ਨੂੰ 5100-5100 ਰੁਪਏ ਦੀ ਇਨਾਮੀ ਰਾਸ਼ੀ ਦਿੱਤੀ ਗਈ। ਦੂਜਾ ਸਥਾਨ ਛੋਟਾ ਘੱਲੂਘਾਰਾ ਯਾਦਗਾਰੀ ਕਾਹਨੂੰਵਾਨ ਜ਼ਿਲ੍ਹਾ ਗੁਰਦਾਸਪੁਰ ਦੀ ਸਿਮਰਨਜੀਤ ਕੌਰ, ਗੁਰੂ ਨਾਨਕ ਸਕੂਲ ਮੁਰੀਦਕੇ ਜ਼ਿਲ੍ਹਾ ਗੁਰਦਾਸਪੁਰ ਦੀ ਨਵਪ੍ਰੀਤ ਕੌਰ, ਬਾਬਾ ਹਜ਼ਾਰਾ ਸਿੰਘ ਗਰਲਜ਼ ਕਾਲਜ ਨਿੱਕੇਘੁੰਮਣ ਜ਼ਿਲ੍ਹਾ ਗੁਰਦਾਸਪੁਰ ਦੀ ਸਾਹਿਬਦੀਪ ਕੌਰ ਅਤੇ ਸ਼ਾਂਤੀ ਦੇਵੀ ਆਰੀਆ ਮਹਿਲਾ ਕਾਲਜ ਦੀਨਾ ਨਗਰ ਗੁਰਦਾਸਪੁਰ ਦੀ ਵਿਦਿਆਰਥਣ ਸੰਦੀਪ ਕੌਰ ਨੇ ਪ੍ਰਾਪਤ ਕੀਤਾ। ਇਨ੍ਹਾਂ ਦੂਜੇ ਸਥਾਨ 'ਤੇ ਰਹਿਣ ਵਾਲੇ ਵਿਦਿਆਰਥੀਆਂ ਨੂੰ 4100-4100 ਰੁਪਏ ਦੀ ਵਿਸ਼ੇਸ਼ ਰਾਸ਼ੀ ਨਾਲ ਸਨਮਾਨਿਤ ਕੀਤਾ ਗਿਆ। ਇਸੇ ਤਰ੍ਹਾਂ ਬਾਬੇ ਕੇ ਸੀਨੀ: ਸੈਕੰ: ਸਕੂਲ ਵਾੜਾ ਜੋਧ ਸਿੰਘ ਜਲੰਧਰ ਦੀ ਵਿਦਿਆਰਥਣ ਜ਼ਸ਼ਨਪ੍ਰੀਤ ਕੌਰ, ਨਵਚੇਤਨ ਸਕੂਲ ਖਾਰਾ ਜ਼ਿਲ੍ਹਾ ਗੁਰਦਾਸਪੁਰ ਦੀ ਸ਼ਰਨਦੀਪ ਕੌਰ, ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਸਹਿੰਸਰਾ ਖੁਰਦ ਜ਼ਿਲ੍ਹਾ ਅੰਮ੍ਰਿਤਸਰ ਦੀ ਹਰਲੀਨ ਕੌਰ, ਦਸਮੇਸ਼ ਪਬਲਿਕ ਸਕੂਲ ਰਾਏਕੋਟ ਜ਼ਿਲ੍ਹਾ ਲੁਧਿਆਣਾ ਦੀ ਜਸ਼ਨਦੀਪ ਕੌਰ, ਗੁਰੂ ਨਾਨਕ ਕਾਲਜ ਮੋਗਾ ਦੀ ਰਵੀਨਾ ਰਾਣੀ ਅਤੇ ਸ਼ਾਂਤੀ ਦੇਵੀ ਆਰੀਆ ਮਹਿਲਾ ਕਾਲਜ ਦੀਨਾਨਗਰ ਦੀ ਮਨਦੀਪ ਕੌਰ ਤੀਜੇ ਸਥਾਨ 'ਤੇ ਰਹੇ। ਇਨ੍ਹਾਂ ਨੂੰ 3100-3100 ਰੁਪਏ ਨਾਲ ਸਨਮਾਨਿਤ ਕੀਤਾ ਗਿਆ।

# ਗੁਰਦੁਆਰਾ ਬਾਉਲੀ ਸਾਹਿਬ, ਨਡਾਲਾ ਵਿਖੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ



ਨਡਾਲਾ- ਗੁਰਦੁਆਰਾ ਬਾਉਲੀ ਸਾਹਿਬ, ਨਡਾਲਾ ਵਿਖੇ ਵਿਸ਼ਵ ਸਿੱਖ ਪ੍ਰਚਾਰਕ ਸੰਸਥਾ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ। ਇਸ ਅੰਮ੍ਰਿਤ ਸੰਚਾਰ ਸਮਾਗਮ ਸਮੇਂ ਸ੍ਰੀ ਅਕਾਲ ਤਖਤ ਸਾਹਿਬ ਤੋਂ ਵਿਸ਼ੇਸ ਤੌਰ ਤੇ ਪਹੁੰਚੇ ਪੰਜ ਪਿਆਰੇ ਸਾਹਿਬਾਨ ਨੇ ਅੰਮ੍ਰਿਤ ਦਾ ਬਾਟਾ ਤਿਆਰ ਕੀਤਾ। ਇਸ ਮੌਕੇ 28 ਪ੍ਰਾਣੀ ਅੰਮ੍ਰਿਤ ਦੀ ਦਾਤ ਪ੍ਰਾਪਤ ਕਰ ਕੇ ਗੁਰੂ ਵਾਲੇ ਬਣੇ। ਇਸ ਮੌਕੇ ਸੰਗਤਾਂ ਨੂੰ ਅੰਮ੍ਰਿਤ ਛੱਕਣ ਦੀ ਪ੍ਰੇਰਨਾ ਕਰਦਿਆਂ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਪ੍ਰੇਮਜੀਤ ਸਿੰਘ ਢੱਡੇ ਨੇ ਸਿੱਖ ਰਹਿਤ ਮਰਿਯਾਦਾ ਵੀ ਦ੍ਰਿੜ ਕਰਵਾਈ। ਅੰਮ੍ਰਿਤ ਦੀ ਦਾਤ ਪ੍ਰਾਪਤ ਕਰਨ ਵਾਲੇ ਪ੍ਰਾਣੀਆਂ ਨੂੰ ਕਕਾਰਾਂ ਦੀ ਸੇਵਾ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਕੀਤੀ ਗਈ।

ਇਸ ਮੌਕੇ ਭਾਈ ਰਵਿੰਦਰ ਸਿੰਘ ਪ੍ਰਚਾਰਕ, ਭਾਈ ਮਨਜੀਤ ਸਿੰਘ ਕਾਲਾ ਗੁਰਾਇਆ ਕਵੀਸ਼ਰ ਅਤੇ ਸਾਥੀ, ਸ. ਸੁਖਵਿੰਦਰ ਸਿੰਘ ਬੱਸੀ ਮੈਨੇਜਰ, ਸ. ਜਸਵਿੰਦਰ ਸਿੰਘ ਬੱਲੋਚੱਕ ਅਕਾਊਟੈਂਟ, ਗਿਆਨੀ ਜਸਵਿੰਦਰ ਸਿੰਘ ਦਰਦੀ ਪ੍ਰਧਾਨ ਵਿਸ਼ਵ ਸਿੱਖ ਪ੍ਰਚਾਰ ਸੰਸਥਾ, ਸ. ਭੁਪਿੰਦਰ ਸਿੰਘ ਸਰਪੰਚ, ਗਿਆਨੀ ਜੋਗਿੰਦਰ ਸਿੰਘ ਆਜਾਦ, ਗਿਆਨੀ ਸੁਖਵਿੰਦਰ ਸਿੰਘ ਦਰਦੀ ਅਤੇ ਭਾਈ ਬਲਵਿੰਦਰ ਸਿੰਘ ਨਿਰਾਲਾ ਸਮੇਤ ਸੰਗਤਾਂ ਹਾਜ਼ਰ ਸਨ।

# ਸ੍ਰੀ ਕਰਤਾਰਪੁਰ ਸਾਹਿਬ ਪਾਕਿਸਤਾਨ ਜਾਣ ਵਾਲੇ ਸ਼ਰਧਾਲੂਆਂ ਲਈ ਸ਼੍ਰੋਮਣੀ ਕਮੇਟੀ ਨੇ ਇਤਿਹਾਸਕ ਗੁਰਦੁਆਰਿਆਂ ਅੰਦਰ ਫਾਰਮ ਭਰਨ ਲਈ ਵਿਸ਼ੇਸ਼ ਕਾਊਂਟਰ ਬਣਾਏ

## ਡੇਰਾ ਬਾਬਾ ਨਾਨਕ ਤੋਂ ਟਰਮੀਨਲ ਤੱਕ ਮੁਫ਼ਤ ਬੱਸ ਸੇਵਾ ਵੀ ਕੀਤੀ ਸ਼ੁਰੂ

ਅੰਮ੍ਰਿਤਸਰ- ਪਾਕਿਸਤਾਨ ਸਥਿਤ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰਨ ਵਾਲੀ ਸੰਗਤ ਨੂੰ ਆਨਲਾਈਨ ਫਾਰਮ ਭਰਨ ਦੀ ਸਹੂਲਤ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੱਗੇ ਆਈ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਹੇਠਲੇ ਇਤਿਹਾਸਕ ਗੁਰਦੁਆਰਾ ਸਾਹਿਬਾਨ ਵਿਚ ਇਸ ਸਬੰਧੀ ਵਿਸ਼ੇਸ਼ ਕੇਂਦਰ ਖੋਲ੍ਹੇ ਗਏ ਹਨ। ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨਾਂ ਲਈ ਸੰਗਤ ਨੂੰ ਰਜਿਸਟ੍ਰੇਸ਼ਨ ਕਰਵਾਉਣ ਸਮੇਂ ਆਉਂਦੀਆਂ ਮੁਸ਼ਕਲਾਂ ਦੇ ਮੱਦੇਨਜ਼ਰ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਇਤਿਹਾਸਕ ਗੁਰਦੁਆਰਾ ਸਾਹਿਬਾਨ ਵਿਖੇ ਸੁਵਿਧਾ ਦੇਣ ਦਾ ਐਲਾਨ ਕੀਤਾ ਸੀ, ਜਿਸ ਤਹਿਤ ਵਿਸ਼ੇਸ਼ ਕਾਊਂਟਰ ਬਣਾਏ ਗਏ ਹਨ। ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਦੱਸਿਆ ਕਿ ਸ੍ਰੀ ਕਰਤਾਰਪੁਰ ਸਾਹਿਬ ਜਾਣ ਵਾਲੇ ਸ਼ਰਧਾਲੂਆਂ ਨੂੰ ਆਨਲਾਈਨ ਫਾਰਮ ਭਰਨ ਦੀ ਮੁਸ਼ਕਲ ਦੇ ਹੱਲ ਲਈ ਸ਼੍ਰੋਮਣੀ ਕਮੇਟੀ ਨੇ ਹਰ ਗੁਰਦੁਆਰਾ ਸਾਹਿਬ ਅੰਦਰ ਮੁਲਾਜ਼ਮ ਤਾਇਨਾਤ ਕੀਤੇ ਹਨ। ਉਨ੍ਹਾਂ ਦੱਸਿਆ ਕਿ ਹੁਣ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਅੰਮ੍ਰਿਤਸਰ ਵਿਖੇ ਪੁੱਜਦੀ ਸੰਗਤ ਵੀ ਰਜਿਸਟ੍ਰੇਸ਼ਨ ਲਈ ਸ਼੍ਰੋਮਣੀ ਕਮੇਟੀ ਪਾਸੋਂ ਸੁਵਿਧਾ ਪ੍ਰਾਪਤ ਕਰ ਸਕੇਗੀ। ਇਸ ਕਾਰਜ ਲਈ ਸ੍ਰੀ ਦਰਬਾਰ ਸਾਹਿਬ ਦੇ ਬਾਹਰ ਪਲਾਜ਼ਾ ਵਿਖੇ ਵਿਸ਼ੇਸ਼ ਕੇਂਦਰ ਖੋਲ੍ਹਿਆ ਗਿਆ ਹੈ। ਇਸ ਤੋਂ ਇਲਾਵਾ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਵਿਖੇ ਵੀ ਇਹ ਸੇਵਾਵਾਂ ਜਾਰੀ ਕੀਤੀਆਂ ਗਈਆਂ ਹਨ। ਡਾ. ਰੂਪ ਸਿੰਘ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਹੇਠਲੇ ਹਰ ਇਤਿਹਾਸਕ ਗੁਰਦੁਆਰਾ ਸਾਹਿਬ ਅੰਦਰ ਵੀ ਰਜਿਸਟ੍ਰੇਸ਼ਨ ਦੀਆਂ ਸੇਵਾਵਾਂ ਲਾਗਤਾਰ ਜਾਰੀ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਸ੍ਰੀ ਕਰਤਾਰਪੁਰ ਸਾਹਿਬ ਪਾਕਿਸਤਾਨ ਜਾਣ ਵਾਲੇ ਸ਼ਰਧਾਲੂਆਂ ਨੂੰ ਰਜਿਸਟ੍ਰੇਸ਼ਨ ਲਈ ਆਪਣੇ ਅਧਾਰ ਕਾਰਡ ਅਤੇ ਪਾਸਪੋਰਟ ਦੀਆਂ ਰੰਗਦਾਰ ਫੋਟੋ ਕਾਪੀਆਂ ਅਤੇ ਇਕ ਪਾਸਪੋਰਟ ਸਾਈਜ਼ ਦੀ ਰੰਗਦਾਰ ਫੋਟੋ ਦੇਣੀ ਪਵੇਗੀ।

ਡਾ. ਰੂਪ ਸਿੰਘ ਨੇ ਇਹ ਵੀ ਦੱਸਿਆ ਕਿ ਸੰਗਤ ਨੂੰ ਡੇਰਾ ਬਾਬਾ ਨਾਨਕ ਤੋਂ ਸ੍ਰੀ ਕਰਤਾਰਪੁਰ ਸਾਹਿਬ ਟਰਮੀਨਲ ਤੱਕ ਜਾਣ-ਆਉਣ ਲਈ ਆਉਂਦੀ ਮੁਸ਼ਕਲ ਦੇ ਹੱਲ ਲਈ ਵੀ ਭਲਕ ਤੋਂ ਬੱਸ ਸੇਵਾ ਸ਼ੁਰੂ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਆਦੇਸ਼ਾਂ ਅਨੁਸਾਰ ਇਹ ਸੇਵਾ ਆਰੰਭੀ ਗਈ ਹੈ। ਇਹ ਸੇਵਾ ਸ਼੍ਰੋਮਣੀ ਕਮੇਟੀ ਵੱਲੋਂ ਬਿਲਕੁਲ ਮੁਫ਼ਤ ਹੋਵੇਗੀ। ਇਹ ਬੱਸ ਸੇਵਾ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਤੋਂ ਸਰਹੱਦ ਤੱਕ ਹੋਵੇਗੀ ਜੋ ਟਰਮੀਨਲ ਤੋਂ ਵਾਪਸੀ ਡੇਰਾ ਬਾਬਾ ਨਾਨਕ ਤੱਕ ਵੀ ਸੰਗਤ ਨੂੰ ਲੈ ਕੇ ਆਵੇਗੀ। ਇਹ ਸੇਵਾ ਸਵੇਰ ਤੋਂ ਸ਼ਾਮ ਤੱਕ ਰੋਜ਼ਾਨਾ ਜਾਰੀ ਰਹੇਗੀ।

ਮੁੱਖ ਸਕੱਤਰ ਨੇ ਕਿਹਾ ਕਿ ਸਰਕਾਰਾਂ ਨੂੰ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨਾਂ ਸਬੰਧੀ ਪ੍ਰਕਿਰਿਆ ਸਰਲ ਬਣਾਉਣ ਵੱਲ ਧਿਆਨ ਦੇਣਾ ਚਾਹੀਦਾ ਹੈ। ਇਸ ਸਬੰਧ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਬੀਤੇ ਕੱਲ੍ਹ ਜਨਰਲ ਇਜਲਾਸ ਦੌਰਾਨ ਵੀ ਇਕ ਮਤੇ ਰਾਹੀਂ ਭਾਰਤ ਸਰਕਾਰ ਨੂੰ ਅਪੀਲ ਕੀਤੀ ਗਈ ਹੈ। ਡਾ. ਰੂਪ ਸਿੰਘ ਨੇ ਕਿਹਾ ਕਿ ਸਰਕਾਰ ਨੂੰ ਸੰਗਤ ਲਈ ਗਰੁੱਪ ਵੀਜੇ ਦੀ ਸਹੂਲਤ ਵੀ ਦੇਣੀ ਚਾਹੀਦੀ ਹੈ। ਇਸ ਤਹਿਤ ਰਜਿਸਟ੍ਰੇਸ਼ਨ ਕਰਵਾਉਣ ਵਾਲੇ ਵਿਅਕਤੀ ਨਾਲ ਉਸ ਵੱਲੋਂ ਇੱਕੋ ਫਾਰਮ ਵਿਚ ਦਿੱਤੇ ਗਏ ਵੇਰਵੇ ਅਨੁਸਾਰ ਸ਼ਰਧਾਲੂਆਂ ਨੂੰ ਜਾਣ ਦੀ ਖੁੱਲ੍ਹ ਹੋਣੀ ਚਾਹੀਦੀ ਹੈ। ਅਜਿਹਾ ਕਰਨ ਨਾਲ ਵੱਧ ਤੋਂ ਵੱਧ ਸੰਗਤਾਂ ਇਤਿਹਾਸਕ ਅਸਥਾਨ ਦੇ ਦਰਸ਼ਨ ਕਰਨ ਲਈ ਜਾ ਸਕਣਗੀਆਂ।

# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਗੁਰਬਾਣੀ ਦੀ ਪੰਕਤੀ ਲਿਖਿਆ ਬੋਰਡ ਸਜਾਇਆ




ਅੰਮ੍ਰਿਤਸਰ- ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਗੁਰਬਾਣੀ ਦੀ ਪਾਵਨ ਪੰਕਤੀ 'ਹਰਿ ਮੰਦਰੁ ਹਰਿ ਸਾਜਿਆ ਹਰਿ ਵਸੈ ਜਿਸੁ ਨਾਲਿ' ਲਿਖੇ ਇਕ ਖੂਬਸੂਰਤ ਬੋਰਡ ਦੀ ਗੁਰੂ ਘਰ ਦੇ ਸ਼ਰਧਾਲੂਆਂ ਵੱਲੋਂ ਸੇਵਾ ਕਰਵਾਈ ਗਈ ਹੈ। ਇਹ ਪੰਕਤੀ ਦਰਸ਼ਨੀ ਡਿਉੜੀ ਤੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੂੰ ਜਾਂਦੇ ਰਸਤੇ ਵਿਚ ਸਜਾਈ ਗਈ ਹੈ। ਵਿਸ਼ੇਸ਼ ਤੌਰ 'ਤੇ ਤਿਆਰ ਕੀਤੇ ਗਏ ਲੱਕੜ ਦੇ ਬੋਰਡ ਉੱਪਰ ਤਾਂਬੇ ਨਾਲ ਅੱਖਰ ਤਿਆਰ ਕੀਤੇ ਗਏ ਹਨ, ਜਿਨ੍ਹਾਂ 'ਤੇ ਸੋਨੇ ਦੇ ਵਰਕ ਹਨ। ਬੀਤੇ ਦਿਨੀਂ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਮੌਕੇ ਇਸ ਨੂੰ ਲਗਾਉਣ ਸਮੇਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਤੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਮੌਜੂਦ ਸਨ। ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਦੱਸਿਆ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੰਗਤਾਂ ਸ਼ਰਧਾ ਨਾਲ ਸੇਵਾ ਕਰਵਾਉਂਦੀਆਂ ਹਨ। ਉਨ੍ਹਾਂ ਦੱਸਿਆ ਕਿ ਪਿਛਲੇ ਦਿਨੀਂ ਗੁਰੂ ਘਰ ਦੇ ਸ਼ਰਧਾਲੂ ਭਾਈ ਗੁਰਬਚਨ ਸਿੰਘ ਵੱਲੋਂ ਭਾਈ ਸਵਿੰਦਰਪਾਲ ਸਿੰਘ ਦੇ ਸਹਿਯੋਗ ਨਾਲ ਗੁਰਬਾਣੀ ਦੀ ਪਾਵਨ ਪੰਕਤੀ ਨੂੰ ਸੁਨਹਿਰੀ ਦਿੱਖ ਵਿਚ ਤਿਆਰ ਕਰਵਾ ਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸਜਾਇਆ ਗਿਆ। ਇਸ ਦੀ ਕੀਮਤ ਲਗਭਗ 11 ਲੱਖ ਰੁਪਏ ਹੈ। ਇਹ ਦਰਸ਼ਨੀ ਡਿਉੜੀ ਤੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਰਸਤੇ ਪੁੱਲ 'ਤੇ ਸਜਾਈ ਗਈ ਹੈ। ਡਾ. ਰੂਪ ਸਿੰਘ ਨੇ ਇਹ ਵੀ ਦੱਸਿਆ ਕਿ ਭਾਈ ਪ੍ਰਭਜੋਤ ਸਿੰਘ ਦੇ ਪਰਿਵਾਰ ਭਾਈ ਸਵਿੰਦਰਪਾਲ ਸਿੰਘ ਤੇ ਭਾਈ ਇੰਦਰਪਾਲ ਸਿੰਘ ਵੱਲੋਂ ਚੌਥੇ ਪਾਤਸ਼ਾਹ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਦੋ ਹਾਰਮੋਨੀਅਮ ਵੀ ਭੇਟਾ ਕੀਤੇ ਗਏ ਹਨ। ਇਹ ਹਾਰਮੋਨੀਅਮ ਸੁਨਹਿਰੀ ਸ਼ੀਟ ਦੇ ਬਣੇ ਹੋਏ ਹਨ।

# ਭਾਈ ਲੌਂਗੋਵਾਲ ਨੇ ਦਿੱਲੀ 'ਚ ਸਿੱਖ ਬੱਚੀ ਨੂੰ ਕਕਾਰਾਂ ਸਮੇਤ ਪ੍ਰੀਖਿਆ 'ਚ ਬੈਠਣ ਤੋਂ ਰੋਕਣ ਦੀ ਕੀਤੀ ਨਿੰਦਾ

ਅੰਮ੍ਰਿਤਸਰ- ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਦਿੱਲੀ ਵਿਚ ਅੰਮ੍ਰਿਤਧਾਰੀ ਸਿੱਖ ਬੱਚੀ ਨੂੰ ਅਧੀਨ ਸੇਵਾਵਾਂ ਚੋਣ ਬੋਰਡ ਵੱਲੋਂ ਲਈ ਗਈ ਪ੍ਰੀਖਿਆ ਵਿਚ ਬੈਠਣ ਤੋਂ ਰੋਕਣ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕੀਤੀ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਦਿੱਲੀ ਦੀ ਸਰਕਾਰ ਨੂੰ ਇਸ ਮਾਮਲੇ ਦੀ ਜਾਂਚ ਕਰਵਾਉਣੀ ਚਾਹੀਦੀ ਹੈ ਅਤੇ ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਕਕਾਰ ਸਿੱਖ ਰਹਿਣੀ ਦਾ ਅਹਿਮ ਹਿੱਸਾ ਹਨ ਅਤੇ ਭਾਰਤ ਦੇਸ਼ ਅੰਦਰ ਸਿੱਖਾਂ ਨੂੰ ਸੰਵਿਧਾਨਕ ਤੌਰ 'ਤੇ ਇਸ ਦੀ ਅਜ਼ਾਦੀ ਹੈ। ਉਨ੍ਹਾਂ ਕਿਹਾ ਕਿ ਦੇਸ਼ ਅੰਦਰ ਵਿਦਿਆਰਥੀਆਂ ਨੂੰ ਮੁਕਾਬਲਾ ਪ੍ਰੀਖਿਆਵਾਂ ਦੌਰਾਨ ਅਜਿਹੀ ਪ੍ਰੇਸ਼ਾਨੀ ਦਾ ਅਕਸਰ ਸਾਹਮਣਾ ਕਰਨਾ ਪੈ ਰਿਹਾ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਇਸ ਸਬੰਧ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਕਈ ਵਾਰ ਭਾਰਤ ਅਤੇ ਵੱਖ-ਵੱਖ ਸੂਬਿਆਂ ਦੀ ਸਰਕਾਰਾਂ ਨੂੰ ਲਿਖਿਆ ਜਾ ਚੁੱਕਾ ਹੈ, ਪਰੰਤੂ ਹੈਰਾਨੀ ਦੀ ਗੱਲ ਹੈ ਕਿ ਫਿਰ ਵੀ ਜਾਣਬੁਝ ਕੇ ਸਿੱਖ ਵਿਦਿਆਰਥੀਆਂ ਨਾਲ ਇਹ ਧੱਕਾ ਕੀਤਾ ਜਾ ਰਿਹਾ ਹੈ।

# ਮਹੀਨਾ ਮੱਘਰ-ਪੋਹ (ਦਸੰਬਰ) ਦੇ ਇਤਿਹਾਸਕ ਦਿਹਾੜੇ

3 ਦਸੰਬਰ — ਭਾਈ ਮਹਾਰਾਜ ਸਿੰਘ ਨੇ ਜਲੰਧਰ ਤੇ ਹੁਸ਼ਿਆਰਪੁਰ ਦੀਆਂ ਫੌਜੀ ਛਾਉਣੀਆਂ 'ਤੇ ਹਮਲਾ ਕਰਨ ਦੀ ਸਕੀਮ ਬਣਾਈ। (3-12-1849)

4 ਦਸੰਬਰ — ਸਿੱਖਾਂ ਨੇ ਪੰਡਤ ਨਹਿਰੂ ਦੀ ਰਾਜਪੁਰਾ ਰੈਲੀ ਵਿਚ ਪੰਜਾਬੀ ਸੂਬੇ ਦੇ ਨਾਅਰੇ ਲਗਾਏ, ਜਿਸ ਕਾਰਨ 15 ਸਿੱਖ ਗ੍ਰਿਫਤਾਰ ਕਰ ਲਏ ਗਏ। (4-12-1960)

7 ਦਸੰਬਰ — ਬਾਬਾ ਬੰਦਾ ਸਿੰਘ ਬਹਾਦਰ ਨੂੰ ਉਨ੍ਹਾਂ ਦੇ 700 ਸਾਥੀਆਂ ਸਮੇਤ ਗ੍ਰਿਫਤਾਰ ਕਰ ਲਿਆ ਗਿਆ ਅਤੇ ਬੰਦੀ ਬਣਾ ਕੇ ਦਿੱਲੀ ਲਿਜਾਇਆ ਗਿਆ। (7-12-1715)

8 ਦਸੰਬਰ — ਸੈਂਟਰਲ ਸਿੱਖ ਲੀਗ ਲਾਹੌਰ ਵਿਖੇ ਸਥਾਪਤ ਕੀਤੀ ਗਈ। (8-12-1919)

11 ਦਸੰਬਰ — ਅਕਾਲੀ ਦਲ ਨੇ ਬਦਲੇ ਹੋਏ ਹਾਲਾਤਾਂ ਨੂੰ ਮੁਖ-ਰੱਖਦਿਆਂ 'ਦਲ' ਦੀਆਂ ਨੀਤੀਆਂ ਦਾ ਖਰੜਾ ਤਿਆਰ ਕਰਨ ਲਈ ਇਕ ਕਮੇਟੀ ਦਾ ਗਠਨ ਕੀਤਾ। ਇਸੇ ਕਮੇਟੀ ਨੇ ਇਤਿਹਾਸਕ ਮਤੇ 'ਅਨੰਦਪੁਰ ਸਾਹਿਬ ਦਾ ਮਤਾ' ਦਾ ਖਰੜਾ ਤਿਆਰ ਕੀਤਾ। (11-12-1972)

12 ਦਸੰਬਰ — (ੳ) ਸਿੱਖਾਂ ਤੋਂ ਬੁਰੀ ਤਰ੍ਹਾਂ ਹਾਰ ਜਾਣ 'ਤੇ ਅਹਿਮਦ ਸ਼ਾਹ ਅਬਦਾਲੀ ਆਪਣੇ ਵਤਨ ਵਾਪਸ ਚਲਾ ਗਿਆ। ਕਾਬਲੀ ਮੱਲ ਪੰਜਾਬ ਦਾ ਗਵਰਨਰ ਬਣਿਆ ਤੇ ਸਿੱਖ ਪੰਜਾਬ ਦੇ ਅਸਲੀ ਮਾਲਕ ਬਣ ਗਏ। (12-12-1762)
(ਅ) 53 ਮਹੰਤਾਂ ਨੇ ਅੰਮ੍ਰਿਤਸਰ ਵਿਖੇ ਇਕ ਇਕੱਠ ਕਰਕੇ ਗੁਰਦੁਆਰਾ ਸੁਧਾਰ ਲਹਿਰ ਦਾ ਵਿਰੋਧ ਕਰਨ ਦਾ ਫੈਸਲਾ ਕੀਤਾ। (12-12-1920)

16 ਦਸੰਬਰ — (ੳ) ਭਰੋਵਾਲ ਦੀ ਸੰਧੀ ਅੰਗਰੇਜ਼ਾਂ ਅਤੇ ਸਿੱਖ ਰਾਜ ਲਾਹੌਰ ਦਰਮਿਆਨ ਹੋਈ। ਜਿਸ ਅਨੁਸਾਰ ਗੁਲਾਬ ਸਿੰਘ ਨੂੰ ਜੰਮੂ-ਕਸ਼ਮੀਰ ਦੇ ਮਹਾਰਾਜੇ ਦੇ ਤੌਰ 'ਤੇ ਮਾਨਤਾ ਮਿਲੀ ਅਤੇ ਹੈਨਰੀ ਲਾਰੈਂਸ ਨੂੰ ਲਾਹੌਰ ਦਰਬਾਰ ਵਿਖੇ ਬਤੌਰ ਬਰਤਾਨਵੀਂ ਰੈਜ਼ੀਡੈਂਟ ਨਿਯੁਕਤ ਕੀਤਾ ਗਿਆ। (16-12-1846)
(ਅ) ਅੰਮ੍ਰਿਤਸਰ ਵਿਖੇ ਇਕ ਸਿੱਖ ਕਨਵੈਨਸ਼ਨ ਹੋਈ, ਜਿਸ ਵਿਚ ਪੰਜਾਬੀ ਸੂਬੇ ਦੀ ਮੰਗ ਪਹਿਲੀ ਵਾਰ ਕੀਤੀ ਗਈ। (16-12-1950)

17 ਦਸੰਬਰ — ਮਹਿਰਾਜ ਦੀ ਲੜਾਈ ਵਿਚ ਭਾਈ ਜੈਤਾ, ਭਾਈ ਸੁਖੀਆ ਮਾਂਡਨ ਤੇ ਸੈਂਕੜੇ ਹੋਰ ਸਿੰਘ ਸ਼ਹੀਦ ਹੋਏ। (17-12-1634)

18 ਦਸੰਬਰ — ਮੁਦਕੀ ਦੇ ਸਥਾਨ 'ਤੇ ਅੰਗਰੇਜ਼ਾਂ ਅਤੇ ਸਿੱਖਾਂ ਦਰਮਿਆਨ ਪਹਿਲੀ ਜੰਗ ਸ਼ੁਰੂ ਹੋਈ। (18-12-1845)

19 ਦਸੰਬਰ — ਪੰਜਾਬ ਅਸੈਂਬਲੀ ਨੇ ਪੰਜਾਬੀ ਬੋਲੀ ਨੂੰ ਸਰਕਾਰੀ ਬੋਲੀ ਹੋਣ ਦਾ ਬਿੱਲ ਪਾਸ ਕੀਤਾ। (19-12-1967)

22 ਦਸੰਬਰ — ਤੀਜੀ ਗੋਲਮੇਜ਼ ਕਾਨਫਰੰਸ ਲੰਡਨ ਵਿਚ ਹੋਈ ਸਿੱਖਾਂ ਨੇ ਇਸ ਦਾ ਮੁਕੰਮਲ ਬਾਈਕਾਟ ਕੀਤਾ। (22-12-1932)

23 ਦਸੰਬਰ — ਸਾਬਕਾ ਸਿੱਖ ਫ਼ੌਜੀਆਂ ਦੀ ਇਕ ਕਨਵੈਨਸ਼ਨ ਅੰਮ੍ਰਿਤਸਰ ਵਿਖੇ ਹੋਈ, ਇਸ ਵਿਚ ਹਜ਼ਾਰਾਂ ਦੀ ਗਿਣਤੀ ਵਿਚ ਸਾਬਕਾ ਸਿੱਖ ਫ਼ੌਜੀਆਂ ਨੇ ਧਰਮ ਯੁੱਧ ਮੋਰਚੇ ਦੀ ਹਮਾਇਤ ਕੀਤੀ। (23-12-1982)

24 ਦਸੰਬਰ — ਅਕਾਲੀ ਜਥਾ ਖਰਾ ਸੌਦਾ ਬਾਰ ਨੇ ਜਥੇਦਾਰ ਕਰਤਾਰ ਸਿੰਘ ਝੱਬਰ ਨੂੰ ਆਪਣਾ ਮੁਖੀ ਚੁਣ ਲਿਆ। (24-12-1920)

27 ਦਸੰਬਰ — ਸਿੱਖਾਂ ਨੇ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਦੀ ਸਟੇਜ ਤੋਂ ਉਸ ਸਮੇਂ ਦੇ ਪ੍ਰਧਾਨ ਮੰਤਰੀ ਜਵਾਹਰ ਲਾਲ ਨਹਿਰੂ ਨੂੰ ਸਪੀਚ ਨਾ ਕਰਨ ਦਿੱਤੀ। (27-12-1953)

28 ਦਸੰਬਰ — ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗੁਰਦੁਆਰਾ ਭਾਈ ਫੇਰੂ ਦਾ ਪ੍ਰਬੰਧ ਸੰਭਾਲਿਆ। (28-12-1922)

29 ਦਸੰਬਰ — ਸ. ਮਹਿਤਾਬ ਸਿੰਘ ਨੇ ਸਰਬ ਪਾਰਟੀ ਕਨਵੈਨਸ਼ਨ ਦੇ ਲੀਡਰਾਂ ਨੂੰ ਮੁਖ਼ਾਤਿਬ ਹੁੰਦਿਆਂ ਕਿਹਾ ਕਿ ਜੇਕਰ ਸਰਕਾਰ ਨੇ ਸਿੱਖਾਂ ਨੂੰ ਅਣਗੌਲਿਆਂ ਕੀਤਾ ਤਾਂ ਭਾਰਤ ਦੇ ਭਵਿੱਖ ਦਾ ਫੈਸਲਾ ਕਿਰਪਾਨ ਦੀ ਧਾਰ 'ਤੇ ਕੀਤਾ ਜਾਵੇਗਾ। (29-12-1928)

30 ਦਸੰਬਰ — ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕਿਰਪਾਨ ਧਾਰਨ ਕਰਨ ਦੇ ਹੱਕ ਲਈ ਐਜੀਟੇਸ਼ਨ ਦਾ ਐਲਾਨ ਕੀਤਾ। (30-12-1935)

31 ਦਸੰਬਰ — (ੳ)ਭਾਰਤ ਸਰਕਾਰ ਨੇ ਸਿੱਖਾਂ ਦੇ ਗੁਰਧਾਮਾਂ 'ਤੇ ਕਬਜ਼ਾ ਕਰਨ ਦੀ ਸਾਜ਼ਿਸ਼ ਵਜੋਂ ਗੁਰਦੁਆਰਾ ਬਿੱਲ ਵਿਚ ਸੋਧ ਕੀਤੀ। (31-12-1958)
(ਅ)ਪੰਜਾਬ ਸਰਕਾਰ ਨੇ ਇਹ ਮੰਨਿਆ ਕਿ ਸਾਲ 1987 ਵਿਚ 328 ਸਿੱਖ ਮਾਰੇ ਗਏ ਅਤੇ 3751 ਗ੍ਰਿਫ਼ਤਾਰ ਕੀਤੇ ਗਏ ਹਨ। (31-12-1987)

ਸਿੱਖ ਰਹਿਤ ਮਰਯਾਦਾ ਹਰੇਕ ਸਿੱਖ ਦੇ ਜੀਵਨ ਲਈ ਅਤੀ ਜ਼ਰੂਰੀ ਹੈ। ਸਿੱਖ ਰਹਿਤ ਮਰਯਾਦਾ ਅੰਦਰ ਸਾਡੇ ਜੀਵਨ ਦੇ ਹਰ ਕਾਰਜ ਨੂੰ ਕਰਨ ਲਈ ਨਿਯਮ ਬਣਾਏ ਗਏ ਹਨ। ਸਿੱਖ ਨੇ ਜਨਮ ਤੋਂ ਲੈ ਕੇ ਮੌਤ ਤਕ ਦੇ ਸਾਰੇ ਕਾਰ-ਵਿਹਾਰ ਇਸੇ ਅਨੁਸਾਰ ਹੀ ਕਰਨੇ ਹਨ। ਹਰ ਸਿੱਖ ਲਈ ਜ਼ਰੂਰੀ ਹੈ ਕਿ ਉਹ ਸਿੱਖ ਰਹਿਤ ਮਰਯਾਦਾ ਤੋਂ ਜਾਣੂੰ ਹੋਵੇ। ਅਸੀਂ 'ਸੇਵਾ ਸਰਗਰਮੀਆਂ' ਦੇ ਇਸ ਅੰਕ ਤੋਂ ਸਿੱਖ ਰਹਿਤ ਮਰਯਾਦਾ ਨੂੰ ਲੜੀਵਾਰ ਛਾਪ ਰਹੇ ਹਾਂ ਤਾਂ ਕਿ ਵੱਧ ਤੋਂ ਵੱਧ ਸੰਗਤਾਂ ਇਸ ਤੋਂ ਜਾਣੂੰ ਹੋ ਸਕਣ।

-ਮੁੱਖ ਸੰਪਾਦਕ

ਲੜੀ ਜੋੜਨ ਲਈ ਪਿਛਲਾ ਅੰਕ ਦੇਖੋ

ੴ ਸਤਿਗੁਰ ਪ੍ਰਸਾਦਿ॥

# ਸਿੱਖ ਰਹਿਤ ਮਰਯਾਦਾ

### ੨. ਅੰਮ੍ਰਿਤ ਸੰਸਕਾਰ

(ੳ) ਅੰਮ੍ਰਿਤ ਛਕਾਣ ਲਈ ਇਕ ਖਾਸ ਅਸਥਾਨ 'ਤੇ ਪ੍ਰਬੰਧ ਹੋਵੇ। ਉਥੇ ਆਮ ਲੋਕਾਂ ਦਾ ਲਾਂਘਾ ਨਾ ਹੋਵੇ।

(ਅ) ਉਥੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਰਕਾਸ਼ ਹੋਵੇ। ਘੱਟ ਤੋਂ ਘੱਟ ਛੇ ਤਿਆਰ-ਬਰ-ਤਿਆਰ ਸਿੰਘ ਹਾਜ਼ਰ ਹੋਣ, ਜਿਨ੍ਹਾਂ 'ਚੋਂ ਇਕ ਤਾਬਿਆ ਬੈਠੇ ਤੇ ਬਾਕੀ ਪੰਜ ਅੰਮ੍ਰਿਤ ਛਕਾਣ ਲਈ ਹੋਣ। ਇਨ੍ਹਾਂ ਵਿਚ ਸਿੰਘਣੀਆਂ ਭੀ ਹੋ ਸਕਦੀਆਂ ਹਨ। ਇਨ੍ਹਾਂ ਸਾਰਿਆਂ ਨੇ ਕੇਸੀਂ ਇਸ਼ਨਾਨ ਕੀਤਾ ਹੋਵੇ।

(ੲ) ਇੰਨ੍ਹਾਂ ਪੰਜਾਂ ਪਿਆਰਿਆਂ ਵਿਚ ਕੋਈ ਅੰਗ-ਹੀਣ (ਅੰਨ੍ਹਾਂ, ਕਾਣਾ, ਲੰਙਾ, ਲੂਲ੍ਹਾ ਜਾਂ ਦੀਰਘ ਰੋਗ ਵਾਲਾ) ਨਾ ਹੋਵੇ। ਕੋਈ ਤਨਖਾਹੀਆ ਨਾ ਹੋਵੇ। ਸਾਰੇ ਤਿਆਰ-ਬਰ-ਤਿਆਰ ਦਰਸ਼ਨੀ ਸਿੰਘ ਹੋਣ।

(ਸ) ਹਰ ਦੇਸ਼, ਹਰ ਮਜ਼੍ਹਬ ਤੇ ਜਾਤੀ ਦੇ ਹਰ ਇਸਤ੍ਰੀ ਪੁਰਸ਼ ਨੂੰ ਅੰਮ੍ਰਿਤ ਛਕਣ ਦਾ ਅਧਿਕਾਰ ਹੈ, ਜੋ ਸਿੱਖ ਧਰਮ ਗ੍ਰਹਿਣ ਕਰਨ 'ਤੇ ਉਸ ਦੇ ਅਸੂਲਾਂ ਉਪਰ ਚੱਲਣ ਦਾ ਪ੍ਰਣ ਕਰੇ। ਬਹੁਤ ਛੋਟੀ ਅਵਸਥਾ ਦਾ ਨਾ ਹੋਵੇ, ਹੋਸ਼ ਸੰਭਾਲੀ ਹੋਵੇ, ਅੰਮ੍ਰਿਤ ਛਕਣ ਵਾਲੇ ਹਰੇਕ ਪ੍ਰਾਣੀ ਨੇ ਕੇਸੀਂ ਇਸ਼ਨਾਨ ਕੀਤਾ ਹੋਵੇ ਅਤੇ ਹਰ ਇਕ ਪੰਜ ਕਕਾਰ (ਕੇਸ, ਕ੍ਰਿਪਾਨ ਗਾਤਰੇ ਵਾਲੀ, ਕਛਹਿਰਾ, ਕੰਘਾ, ਕੜਾ) ਦਾ ਧਾਰਨੀ ਹੋਵੇ। ਅਨਮਤ ਦਾ ਕੋਈ ਚਿੰਨ੍ਹ ਨਾ ਹੋਵੇ ਸਿਰ ਨੰਗਾ ਜਾਂ ਟੋਪੀ ਨਾ ਹੋਵੇ, ਛੇਦਕ ਗਹਿਣੇ ਕੋਈ ਨਾ ਹੋਣ। ਅਦਬ ਨਾਲ ਹੱਥ ਜੋੜ ਕੇ ਸ੍ਰੀ ਗੁਰੂ ਜੀ ਦੇ ਹਜ਼ੂਰ ਖੜ੍ਹੇ ਹੋਣ।

(ਹ) ਜੇ ਕਿਸੇ ਨੇ ਕੁਰਹਿਤ ਕਰਨ ਕਰਕੇ ਮੁੜ ਅੰਮ੍ਰਿਤ ਛਕਣਾ ਹੋਵੇ ਤਾਂ ਉਸ ਨੂੰ ਅੱਡ ਕਰ ਕੇ ਸੰਗਤ ਵਿਚ ਪੰਜ ਪਿਅਰੇ ਤਨਖਾਹ ਲਾ ਲੈਣ।

(ਕ) ਅੰਮ੍ਰਿਤ ਛਕਾਉਣ ਵਾਲੇ ਪੰਜ ਪਿਆਰਿਆਂ 'ਚੋਂ ਕੋਈ ਇਕ ਸੱਜਣ ਅੰਮ੍ਰਿਤ ਛਕਣ ਦੇ ਅਭਿਲਾਖੀਆਂ ਨੂੰ ਸਿੱਖ ਧਰਮ ਦੇ ਅਸੂਲ ਸਮਝਾਵੇ- ਸਿੱਖ ਧਰਮ ਵਿਚ ਕਿਰਤਮ ਦੀ ਪੂਜਾ ਤਿਆਗ ਕੇ ਇਕ ਕਰਤਾਰ ਦੀ ਪ੍ਰੇਮਾ-ਭਗਤੀ ਤੇ ਉਪਾਸ਼ਨਾ ਦੱਸੀ ਹੈ। ਇਸ ਦੀ ਪੂਰਨਤਾ ਲਈ ਗੁਰਬਾਣੀ ਦਾ ਅਭਿਆਸ, ਸਾਧ ਸੰਗਤ ਤੇ ਪੰਥ ਦੀ ਸੇਵਾ, ਉਪਕਾਰ, ਨਾਮ ਦਾ ਪ੍ਰੇਮ ਅਤੇ ਅੰਮ੍ਰਿਤ ਛਕ ਕੇ ਰਹਿਤ-ਬਹਿਤ ਰੱਖਣਾ ਮੁਖ ਸਾਧਨ ਹਨ, ਆਦਿ, ਕੀ ਤੁਸੀਂ ਇਸ ਧਰਮ ਨੂੰ ਖੁਸ਼ੀ ਨਾਲ ਕਬੂਲ ਕਰਦੇ ਹੋ ?

(ਖ) "ਹਾਂ" ਦਾ ਜਵਾਬ ਆਉਣ 'ਤੇ ਪਿਆਰਿਆਂ 'ਚੋ ਇਕ ਸੱਜਣ ਅੰਮ੍ਰਿਤ ਦੀ ਤਿਆਰੀ ਦਾ ਅਰਦਾਸਾ ਕਰ ਕੇ ਹੁਕਮ ਲਵੇ। ਪੰਜ ਪਿਆਰੇ ਅੰਮ੍ਰਿਤ ਤਿਆਰ ਕਰਨ ਲਈ ਬਾਟੇ ਪਾਸ ਆ ਬੈਠਣ।

(ਗ) ਬਾਟਾ ਸਰਬ-ਲੋਹ ਦਾ ਹੋਵੇ ਤੇ ਚੌਂਕੀ, ਸੁਨਹਿਰੇ ਆਦਿ ਕਿਸੇ ਸਵੱਛ ਚੀਜ਼ 'ਪੁਰ ਰਖਿਆ ਹੋਵੇ।

(ਘ) ਬਾਟੇ ਵਿਚ ਸਵੱਛ ਜਲ ਤੇ ਪਤਾਸੇ ਪਾਏ ਜਾਣ ਤੇ ਪੰਜ ਪਿਆਰੇ ਬਾਟੇ ਦੇ ਇਰਦ-ਗਿਰਦ ਬੀਰ ਆਸਨ[1] ਹੋ ਕੇ ਬੈਠ ਜਾਣ।

(ਙ) ਤੇ ਇਹਨਾਂ ਬਾਣੀਆਂ ਦਾ ਪਾਠ ਕਰਨ :- ਜਪੁ, ਜਾਪੁ, ੧੦ ਸਵੱਯੇ ('ਸ੍ਰਾਵਗ ਸੁਧ' ਵਾਲੇ), ਬੇਨਤੀ ਚੌਪਈ ('ਹਮਰੀ ਕਰੋ ਹਾਥ ਦੈ ਰੱਛਾ' ਤੋਂ ਲੈ ਕੇ 'ਦੁਸਟ ਦੋਖ ਤੇ ਲੇਹੁ ਬਚਾਈ' ਤਕ), ਅਨੰਦ ਸਾਹਿਬ।

(ਚ) ਹਰ ਇਕ ਬਾਣੀ ਪੜ੍ਹਨ ਵਾਲਾ ਖੱਬਾ ਹੱਥ ਬਾਟੇ ਦੇ ਕੰਢੇ 'ਤੇ ਧਰੇ ਤੇ ਸੱਜੇ ਹੱਥ ਨਾਲ ਖੰਡਾ ਜਲ ਵਿਚ ਫੇਰੀ ਜਾਵੇ। ਸੁਰਤ ਇਕਾਗਰ ਹੋਵੇ। ਬਾਕੀ ਦਿਆਂ ਦੇ ਦੋਵੇਂ ਹੱਥ ਬਾਟੇ ਦੇ ਕੰਢੇ 'ਤੇ ਅਤੇ ਧਿਆਨ ਅੰਮ੍ਰਿਤ ਵੱਲ ਟਿਕੇ।

(ਛ) ਪਾਠ ਹੋਣ ਮਗਰੋਂ ਪਿਆਰਿਆਂ ਵਿਚੋਂ ਕੋਈ ਇਕ ਅਰਦਾਸ ਕਰੇ।

(ਜ) ਜਿਸ ਅਭਿਲਾਖੀ ਨੇ ਅੰਮ੍ਰਿਤ ਦੀ ਤਿਆਰੀ ਵੇਲੇ ਸਾਰੇ ਸੰਸਕਾਰ 'ਚ ਹਿੱਸਾ ਲਿਆ ਹੈ, ਉਹੀ ਅੰਮ੍ਰਿਤ ਛਕਣ ਵਿਚ ਸ਼ਾਮਲ ਹੋ ਸਕਦਾ ਹੈ। ਅਧਵਾਟੇ ਆਉਣ ਵਾਲਾ ਨਹੀਂ ਹੋ ਸਕਦਾ।

(ਝ) ਹੁਣ ਸ੍ਰੀ ਕਲਗੀਧਰ ਦਸ਼ਮੇਸ਼ ਪਿਤਾ ਦਾ ਧਿਆਨ ਧਰ ਕੇ ਹਰ ਇਕ ਅੰਮ੍ਰਿਤ ਛਕਣ ਵਾਲੇ ਨੂੰ ਬੀਰ-ਆਸਨ ਕਰਾ ਕੇ ਉਸ ਦੇ ਖੱਬੇ ਹੱਥ ਉਪਰ ਸੱਜਾ ਹੱਥ ਰਖਾ ਕੇ ਪੰਜ ਚੁਲੇ ਅੰਮ੍ਰਿਤ ਦੇ ਛਕਾਏ ਜਾਣ ਅਤੇ ਹਰ ਚੁਲੇ ਨਾਲ ਇਹ ਕਿਹਾ ਜਾਵੇ :- ਬੋਲ 'ਵਾਹਿਗੁਰੂ ਜੀ ਕਾ ਖਾਲਸਾ, ਵਾਹਿਗੁਰੂ ਜੀ ਕੀ ਫ਼ਤਹ। 'ਛਕਣ ਵਾਲਾ ਛਕ ਕੇ ਕਹੇ: 'ਵਾਹਿਗੁਰੂ ਜੀ ਕਾ ਖਾਲਸਾ, ਵਾਹਿਗੁਰੂ ਜੀ ਕੀ ਫ਼ਤਹ'। ਫੇਰ ਪੰਜ ਛੱਟੇ ਅੰਮ੍ਰਿਤ ਦੇ ਨੇਤਰਾਂ 'ਪਰ ਲਾਏ ਜਾਣ। ਫੇਰ ਪੰਜ ਛੱਟੇ ਕੇਸਾਂ ਵਿਚ ਪਾਏ ਜਾਣ। ਹਰ ਇਕ ਛੱਟੇ ਨਾਲ ਛਕਣ ਵਾਲਾ ਛਕਾਉਣ ਵਾਲੇ ਦੇ ਪਿੱਛੇ ਪਿੱਛੇ 'ਵਾਹਿਗੁਰੂ ਜੀ ਕਾ ਖਾਲਸਾ, ਵਾਹਿਗੁਰੂ ਜੀ ਕੀ ਫ਼ਤਹ' ਗਜਾਈ ਜਾਵੇ। ਜੋ ਅੰਮ੍ਰਿਤ ਬਾਕੀ ਰਹੇ, ਉਸ ਨੂੰ ਸਾਰੇ ਅੰਮ੍ਰਿਤ ਛਕਣ ਵਾਲੇ (ਸਿੱਖ ਤੇ ਸਿੱਖਣੀਆਂ) ਰਲ ਕੇ ਛਕਣ।

(ਞ) ਉਪ੍ਰੰਤ ਪੰਜੇ ਪਿਆਰੇ ਰਲ ਕੇ ਇਕੋ ਅਵਾਜ਼ ਨਾਲ ਅੰਮ੍ਰਿਤ ਛਕਣ ਵਾਲਿਆਂ ਨੂੰ 'ਵਾਹਿਗੁਰੂ' ਦਾ ਨਾਮ ਦੱਸ ਕੇ ਮੂਲ ਮੰਤ੍ਰ ਸੁਨਾਉਣ ਤੇ ਉਹਨਾਂ ਪਾਸੋਂ ਇਸ ਦਾ ਰਟਨ ਕਰਾਉਣ :- ੧ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥

(ਟ) ਫਿਰ ਪੰਜਾਂ ਪਿਆਰਿਆਂ 'ਚੋਂ ਕੋਈ ਸੱਜਣ ਰਹਿਤ ਦੱਸੇ- ਅੱਜ ਤੋਂ ਤੁਸੀਂ 'ਸਤਿਗੁਰ ਕੈ ਜਨਮੇ ਗਵਨ ਮਿਟਾਇਆ' ਹੈ ਅਤੇ ਖਾਲਸਾ ਪੰਥ ਵਿਚ ਸ਼ਾਮਲ ਹੋਏ ਹੋ। ਤੁਹਾਡਾ ਧਾਰਮਿਕ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਤੇ ਧਾਰਮਿਕ ਮਾਤਾ ਸਾਹਿਬ ਕੌਰ ਜੀ ਹਨ। ਜਨਮ ਆਪ ਦਾ ਕੇਸ ਗੜ੍ਹ ਸਾਹਿਬ ਦਾ ਤੇ ਵਾਸੀ ਅਨੰਦਪੁਰ ਸਾਹਿਬ ਦੀ ਹੋ। ਤੁਸੀਂ ਇਕ ਪਿਤਾ ਦੇ ਪੁੱਤਰ ਹੋਣ ਕਰਕੇ ਆਪਸ ਵਿਚ ਤੇ ਹੋਰ ਸਾਰੇ ਅੰਮ੍ਰਿਤ-ਧਾਰੀਆਂ ਦੇ ਧਾਰਮਿਕ ਭਰਾਤਾ ਹੋ। ਤੁਸੀਂ ਪਿਛਲੀ ਕੁਲ, ਕਿਰਤ, ਕਰਮ, ਧਰਮ ਦਾ ਤਿਆਗ ਕਰਕੇ ਅਰਥਾਤ ਪਿਛਲੀ ਜ਼ਾਤ-ਪਾਤ, ਜਨਮ, ਦੇਸ਼, ਮਜ਼੍ਹਬ ਦਾ ਖਿਆਲ ਤਕ ਛੱਡ ਕੇ ਨਿਰੋਲ ਖਾਲਸਾ ਬਣ ਗਏ ਹੋ। ਇਕ ਅਕਾਲ ਪੁਰਖ ਤੋਂ ਛੁਟ ਕਿਸੇ ਦੇਵੀ, ਦੇਵਤੇ, ਅਵਤਾਰ, ਪੈਗੰਬਰ ਦੀ ਉਪਾਸ਼ਨਾ ਨਹੀਂ ਕਰਨੀ। ਦਸੋਂ ਗੁਰੂ ਸਾਹਿਬਾਨ ਨੂੰ ਤੇ ਉਨ੍ਹਾਂ ਦੀ ਬਾਣੀ ਤੋਂ ਬਿਨਾਂ ਕਿਸੇ ਹੋਰ ਨੂੰ ਆਪਣਾ ਮੁਕਤੀ ਦਾਤਾ ਨਹੀਂ ਮੰਨਣਾ। ਤੁਸੀਂ ਗੁਰਮੁਖੀ ਜਾਣਦੇ ਹੋ (ਜੇ ਨਹੀਂ ਜਾਣਦੇ ਤਾਂ ਸਿੱਖ ਲਓ) ਅਤੇ ਹਰ ਰੋਜ਼ ਘੱਟ ਤੋਂ ਘੱਟ ਇਹਨਾਂ ਨਿੱਤਨੇਮ ਦੀਆਂ ਬਾਣੀਆਂ ਦਾ ਪਾਠ ਕਰਨਾ, ਜਾਂ ਸੁਣਨਾ: ਜਪੁ, ਜਾਪੁ, ੧੦ ਸਵੱਯੇ (ਸ੍ਰਾਵਗ ਸੁਧ ਵਾਲੇ), ਸੋ ਦਰੁ ਰਹਰਾਸਿ ਤੇ ਸੋਹਿਲਾ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਠ ਕਰਨਾ ਜਾਂ ਸੁਣਨਾ, ਪੰਜਾਂ ਕੱਕਿਆਂ - ਕੇਸ, ਕ੍ਰਿਪਾਨ[2], ਕਛਹਿਰਾ[3], ਕੰਘਾ, ਕੜਾ[4] ਨੂੰ ਹਰ ਵੇਲੇ ਅੰਗ-ਸੰਗ ਰੱਖਣਾ।

---

੧. ਬੀਰ ਆਸਨ:- ਸੱਜਾ ਗੋਡਾ ਜ਼ਿਮੀਂ 'ਤੇ ਧਰ ਕੇ, ਸੱਜੀ ਲੱਤ ਦਾ ਭਾਰ ਪੈਰ 'ਤੇ ਰੱਖ ਕੇ ਬੈਠਣਾ ਤੇ ਖੱਬਾ ਗੋਡਾ ਉੱਚਾ ਕਰ ਕੇ ਰੱਖਣਾ।
੨. ਕ੍ਰਿਪਾਨ ਦੀ ਲੰਬਾਈ ਦੀ ਕੋਈ ਹੱਦ ਨਹੀਂ ਹੋ ਸਕਦੀ।
੩. ਕਛਹਿਰਾ ਕਿਸੇ ਵੀ ਕੱਪੜੇ ਦਾ ਹੋ ਸਕਦਾ ਹੈ, ਪਰ ਗੋਡਿਆਂ ਤੋਂ ਨੀਵਾਂ ਨਾ ਹੋਵੇ।
੪. ਕੜਾ ਸਰਬ-ਲੋਹ ਦਾ ਹੋਵੇ।

ਚੱਲਦਾ...

## ਸ਼੍ਰੋਮਣੀ ਕਮੇਟੀ ਨੇ 550ਵੇਂ ਪ੍ਰਕਾਸ਼ ਪੁਰਬ ਮੌਕੇ ਸੰਗਤੀ ਪ੍ਰਬੰਧਾਂ ਲਈ ਟੈਂਡਰ ਦੇ ਵੇਰਵੇ ਜਾਰੀ ਕੀਤੇ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਮੌਕੇ ਸੁਲਤਾਨਪੁਰ ਲੋਧੀ ਵਿਖੇ ਲਗਾਏ ਗਏ ਪੰਡਾਲ, ਲਾਈਟ ਐਂਡ ਸਾਊਂਡ, ਡਰੋਨ, ਦੀਪਮਾਲਾ ਤੇ ਹੋਰ ਵੱਖ-ਵੱਖ ਸੇਵਾਵਾਂ ਲਈ ਕੀਤੇ ਗਏ ਖਰਚਿਆਂ ਦਾ ਵੇਰਵਾ ਜਾਰੀ ਕੀਤਾ ਗਿਆ ਹੈ। ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਇਹ ਵੇਰਵੇ ਜਾਰੀ ਕੀਤੇ ਹਨ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਇਕ ਸੰਗਤੀ ਅਦਾਰਾ ਹੈ, ਜਿਸ ਅਧੀਨ ਵੱਖ-ਵੱਖ ਅਦਾਰਿਆਂ ਅਤੇ ਗੁਰਦੁਆਰਾ ਸਾਹਿਬਾਨ ਦਾ ਪ੍ਰਬੰਧ ਚੱਲਦਾ ਹੈ। ਉਨ੍ਹਾਂ ਕਿਹਾ ਕਿ ਬੇਸ਼ੱਕ ਹਰ ਮਹੀਨੇ ਸ਼੍ਰੋਮਣੀ ਕਮੇਟੀ ਵੱਲੋਂ ਆਮਦਨ ਅਤੇ ਖਰਚ ਦੇ ਵੇਰਵੇ ਸ਼੍ਰੋਮਣੀ ਕਮੇਟੀ ਦੇ ਮਾਸਿਕ ਪੱਤਰ ਗੁਰਦੁਆਰਾ ਗਜ਼ਟ ਵਿਚ ਜਾਰੀ ਕੀਤੇ ਜਾਂਦੇ ਹਨ, ਪਰੰਤੂ 550ਵੇਂ ਪ੍ਰਕਾਸ਼ ਪੁਰਬ ਮੌਕੇ ਸੰਗਤ ਦੀ ਸਹੂਲਤ ਲਈ ਕੀਤੇ ਪ੍ਰਬੰਧਾਂ ਬਾਰੇ ਵੀ ਸੰਗਤ ਨੂੰ ਤੁਰੰਤ ਪਤਾ ਲੱਗਣਾ ਚਾਹੀਦਾ ਹੈ, ਤਾਂ ਜੋ ਕੁਝ ਲੋਕਾਂ ਵੱਲੋਂ ਕੀਤੀ ਜਾ ਰਹੀ ਮਨਘੜਤ ਬਿਆਨਬਾਜ਼ੀ ਬਾਰੇ ਸਥਿਤੀ ਸਪੱਸ਼ਟ ਹੋ ਸਕੇ।

ਉਨ੍ਹਾਂ ਦੱਸਿਆ ਕਿ ਵਾਤਾਨਕੂਲ ਤੇ ਵਾਟਰਪਰੂਫ ਪੰਡਾਲ, ਮੀਡੀਆ ਸੈਂਟਰ, ਜੋੜਾ ਘਰ, ਵੀ.ਆਈ.ਪੀ. ਲੌਂਜ, ਪਖਾਨੇ ਆਦਿ ਲਈ 3 ਕਰੋੜ 39 ਲੱਖ 72 ਹਜ਼ਾਰ ਰੁਪਏ, ਲਾਈਟ ਐਂਡ ਸਾਊਂਡ ਲਈ 1 ਕਰੋੜ 65 ਲੱਖ 34 ਹਜ਼ਾਰ ਰੁਪਏ, ਗੁਰਦੁਆਰਾ ਸ੍ਰੀ ਬੇਰ ਸਾਹਿਬ ਸਾਹਿਬ ਤੋਂ ਗੁਰੂ ਨਾਨਕ ਸਟੇਡੀਅਮ ਤੱਕ ਲਾਈਟਿੰਗ ਲਈ 1 ਕਰੋੜ 58 ਲੱਖ 45 ਹਜ਼ਾਰ ਰੁਪਏ, ਗੁਰਦੁਆਰਾ ਸ੍ਰੀ ਬੇਰ ਸਾਹਿਬ ਦੀ ਇਮਾਰਤ 'ਤੇ ਲਾਈਟਿੰਗ ਅਤੇ ਵੀਡੀਓ ਪ੍ਰੋਜੈਕਸ਼ਨ ਮੈਪਿੰਗ ਲਈ 35 ਲੱਖ 13 ਹਜ਼ਾਰ ਰੁਪਏ, ਬੇਬੇ ਨਾਨਕੀ ਨਿਵਾਸ 'ਤੇ ਲਾਈਟਾਂ ਅਤੇ ਵੀਡੀਓ ਪ੍ਰੋਜੈਕਸ਼ਨ ਮੈਪਿੰਗ ਲਈ 24 ਲੱਖ 80 ਹਜ਼ਾਰ ਰੁਪਏ, ਲੇਜ਼ਰ ਸ਼ੋਅ ਲਈ 27 ਲੱਖ 56 ਹਜ਼ਾਰ ਰੁਪਏ ਅਤੇ ਡਰੋਨ ਸ਼ੋਅ ਲਈ 1 ਕਰੋੜ 75 ਲੱਖ ਰੁਪਏ ਦਾ ਟੈਂਡਰ ਦਿੱਤਾ ਗਿਆ। ਉਨ੍ਹਾਂ ਦੱਸਿਆ ਕਿ ਇਨ੍ਹਾਂ ਖਰਚਿਆਂ ਉੱਪਰ ਲੱਗਣ ਵਾਲੇ ਜੀ.ਐਸ.ਟੀ. ਦੀ ਰਾਸ਼ੀ ਵੱਖਰੀ ਹੈ।

ਡਾ. ਰੂਪ ਸਿੰਘ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਪਹਿਲੇ ਪਾਤਸ਼ਾਹ ਜੀ ਦੇ ਇਸ ਇਤਿਹਾਸਕ ਦਿਹਾੜੇ ਮੌਕੇ ਪੰਡਾਲ ਸਮੇਤ ਜੋ ਵੀ ਪ੍ਰਬੰਧ ਕੀਤੇ ਗਏ ਉਨ੍ਹਾਂ ਸਬੰਧੀ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਆਰਡਰ ਨੰਬਰ 152, ਮਿਤੀ 5-8-2019 ਰਾਹੀਂ ਇਕ ਹਾਈਪਾਵਰ ਸਬ-ਕਮੇਟੀ ਬਣਾਈ ਗਈ ਸੀ। ਇਸ ਕਮੇਟੀ ਵੱਲੋਂ ਨਿਯਮਾਂ ਅਨੁਸਾਰ ਹੀ ਪੰਡਾਲ ਤੇ ਹੋਰ ਕੰਮਾਂ ਦਾ ਟੈਂਡਰ ਦਿੱਤਾ ਗਿਆ ਸੀ। ਮੁੱਖ ਸਕੱਤਰ ਨੇ ਕਿਹਾ ਕਿ ਇਹੀ ਨਹੀਂ ਅਜਿਹੇ ਹਰ ਵਿਸ਼ਾਲ ਕਾਰਜ ਲਈ ਪ੍ਰਧਾਨ ਸਾਹਿਬ ਵੱਲੋਂ ਕਮੇਟੀਆਂ ਨਿਯਤ ਕੀਤੀਆਂ ਜਾਂਦੀਆਂ ਹਨ ਅਤੇ ਉਨ੍ਹਾਂ ਦੀ ਸਿਫਾਰਸ਼ ਵੀ ਪ੍ਰਧਾਨ ਸਾਹਿਬ ਹੀ ਪ੍ਰਵਾਨ ਕਰਦੇ ਹਨ। ਉਨ੍ਹਾਂ 550ਵੇਂ ਪ੍ਰਕਾਸ਼ ਪੁਰਬ ਮੌਕੇ ਦਿੱਤੇ ਗਏ ਟੈਂਡਰ ਸਬੰਧੀ ਸਪੱਸ਼ਟ ਕੀਤਾ ਕਿ ਅਖ਼ਬਾਰਾਂ ਵਿਚ ਇਸ਼ਤਿਹਾਰ ਦੇਣ ਮਗਰੋਂ ਸ਼ਰਤਾਂ ਪੂਰੀਆਂ ਕਰਨ ਵਾਲੀ ਫਰਮ ਨੂੰ ਹੀ ਸਬ-ਕਮੇਟੀ ਦੀਆਂ ਸਿਫਾਰਸ਼ਾਂ ਅਨੁਸਾਰ ਇਹ ਆਰਡਰ ਸਕੱਤਰ ਧਰਮ ਪ੍ਰਚਾਰ ਕਮੇਟੀ ਵੱਲੋਂ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਮੌਕੇ ਸਾਰੇ ਪ੍ਰਬੰਧ ਸੰਗਤ ਲਈ ਕੀਤੇ ਗਏ ਸਨ, ਜਦਕਿ ਕੁਝ ਲੋਕ ਇਸ ਮਾਮਲੇ ਨੂੰ ਜਾਣਬੁਝ ਕੇ ਤੂਲ ਦੇ ਰਹੇ ਹਨ। ਮੁੱਖ ਸਕੱਤਰ ਨੇ ਆਖਿਆ ਕਿ ਸ਼੍ਰੋਮਣੀ ਕਮੇਟੀ ਦਾ ਹਰ ਕੰਮ ਪਾਰਦਰਸ਼ੀ ਢੰਗ ਨਾਲ ਕੀਤਾ ਜਾਂਦਾ ਹੈ ਅਤੇ ਕੀਤੇ ਜਾਂਦੇ ਖਰਚਿਆਂ ਦਾ ਵੇਰਵਾ ਵੀ ਗੁਰਦੁਆਰਾ ਗਜ਼ਟ ਮਾਸਿਕ ਰਾਹੀਂ ਹਰ ਮਹੀਨੇ ਜਨਤਕ ਕੀਤਾ ਜਾਂਦਾ ਹੈ।

## ਨੌਵੇਂ ਪਾਤਸ਼ਾਹ ਜੀ ਦੇ ਸ਼ਹੀਦੀ ਪੁਰਬ ਸਬੰਧੀ ਅਲੌਕਿਕ ਨਗਰ ਕੀਰਤਨ ਸਜਾਇਆ



ਅੰਮ੍ਰਿਤਸਰ- ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਗੁਰਦੁਆਰਾ ਗੁਰੂ ਕੇ ਮਹਿਲ ਤੱਕ ਅਲੌਕਿਕ ਨਗਰ ਕੀਰਤਨ ਸਜਾਇਆ ਗਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ 'ਚ ਸਜਾਏ ਇਸ ਨਗਰ ਕੀਰਤਨ ਦੀ ਆਰੰਭਤਾ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਅਰਦਾਸ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਫੁੱਲਾਂ ਨਾਲ ਸਜੀ ਸੁਨਹਿਰੀ ਪਾਲਕੀ ਵਿਚ ਸੁਸ਼ੋਭਿਤ ਕੀਤਾ। ਨਗਰ ਕੀਰਤਨ ਵਿਚ ਵੱਖ-ਵੱਖ ਸਕੂਲਾਂ ਕਾਲਜਾਂ ਦੇ ਵਿਦਿਆਰਥੀਆਂ ਅਤੇ ਵੱਡੀ ਗਿਣਤੀ ਵਿਚ ਸੰਗਤਾਂ ਨੇ ਸ਼ਮੂਲੀਅਤ ਕੀਤੀ, ਜਦਕਿ ਵੱਖ-ਵੱਖ ਥਾਵਾਂ 'ਤੇ ਨਗਰ ਕੀਰਤਨ ਦਾ ਭਰਵਾਂ ਸਵਾਗਤ ਹੋਇਆ। ਸਕੂਲੀ ਵਿਦਿਆਰਥੀਆਂ ਦੇ ਬੈਂਡ ਅਤੇ ਗਤਕਾ ਪਾਰਟੀਆਂ ਵੱਲੋਂ ਸਿੱਖ ਸ਼ਸਤਰ ਕਲਾ ਦਾ ਪ੍ਰਦਰਸ਼ਨ ਵੀ ਖਿੱਚ ਦਾ ਕੇਂਦਰ ਬਣੇ। ਇਸ ਦੌਰਾਨ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਮੁੱਖ ਗ੍ਰੰਥੀ ਨੇ ਸੰਗਤ ਨੂੰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਜੀਵਨ ਤੁ ਉਪਦੇਸ਼ਾਂ ਤੋਂ ਪ੍ਰੇਰਣਾ ਲੈਣ ਦੀ ਅਪੀਲ ਕੀਤੀ। ਇਸ ਮੌਕੇ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਆਖਿਆ ਕਿ ਨੌਵੇਂ ਪਾਤਸ਼ਾਹ ਜੀ ਦਾ ਸ਼ਹੀਦੀ ਦਿਹਾੜਾ ਵਿਸ਼ਵ ਦੇ ਧਾਰਮਿਕ ਇਤਿਹਾਸ ਅੰਦਰ ਨਿਵੇਕਲੇ ਸੁਨੇਹੇ ਵਜੋਂ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਨੇ ਹਿੰਦੂ ਧਰਮ ਖ਼ਾਤਰ ਆਪਣੀ ਸ਼ਹਾਦਤ ਦੇ ਕੇ ਸਦਭਾਵਨਾ ਅਤੇ ਸਾਂਝੀਵਾਲਤਾ ਦੇ ਸੰਦੇਸ਼ ਨੂੰ ਰੂਪਮਾਨ ਕੀਤਾ। ਉਨ੍ਹਾਂ ਕਿਹਾ ਕਿ ਬੇਸ਼ੱਕ ਗੁਰੂ ਸਾਹਿਬ ਦੀ ਵਿਚਾਰਧਾਰਾ ਬਿਲਕੁਲ ਮੌਲਿਕ ਅਤੇ ਹਿੰਦੂ ਰੀਤੀ ਰਿਵਾਜ਼ਾਂ ਤੋਂ ਵੱਖਰੀ ਸੀ, ਪਰੰਤੂ ਉਨ੍ਹਾਂ ਨੇ ਸਿਧਾਂਤਕ ਸਾਂਝ ਤੋਂ ਪਰ੍ਹੇ ਜਾ ਕੇ ਮਨੁੱਖਤਾ ਖਾਤਰ ਆਪਣਾ ਆਪ ਕੁਰਬਾਨ ਕੀਤਾ। ਇਸ ਤੋਂ ਸਾਨੂੰ ਆਪਣੇ ਧਰਮ ਦੇ ਸਿਧਾਂਤਾਂ 'ਤੇ ਪ੍ਰਪੱਕ ਰਹਿੰਦਿਆਂ ਦੂਸਰੇ ਧਰਮਾਂ ਦੇ ਸਤਿਕਾਰ ਖਾਤਰ ਤੱਤਪਰ ਰਹਿਣ ਸੀ ਸੇਧ ਪ੍ਰਾਪਤ ਕਰਨੀ ਚਾਹੀਦੀ ਹੈ।

ਨਗਰ ਕੀਰਤਨ ਦੌਰਾਨ ਸ਼ਹਿਰ ਦੀਆਂ ਸੰਗਤਾਂ, ਵੱਖ-ਵੱਖ ਵਿਦਿਅਕ ਅਦਾਰਿਆਂ ਦੇ ਨੁਮਾਇੰਦਿਆਂ ਅਤੇ ਵਿਦਿਆਰਥੀਆਂ ਤੋਂ ਇਲਾਵਾ ਸਾਬਕਾ ਜਥੇਦਾਰ ਗਿਆਨੀ ਗੁਰਬਚਨ ਸਿੰਘ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਬਿਜੈ ਸਿੰਘ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਸ. ਗੁਰਪ੍ਰਤਾਪ ਸਿੰਘ ਟਿੱਕਾ ਜ਼ਿਲ੍ਹਾ ਪ੍ਰਧਾਨ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਸਕੱਤਰ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਤੇਜਿੰਦਰ ਸਿੰਘ ਪੱਡਾ, ਸ. ਹਰਜਿੰਦਰ ਸਿੰਘ ਕੈਰੋਂਵਾਲ, ਸ. ਹਰਜੀਤ ਸਿੰਘ ਲਾਲੂਘੁੰਮਣ, ਸੁਪ੍ਰਿੰਟੈਂਡੈਂਟ ਸ. ਸਤਨਾਮ ਸਿੰਘ ਤੇ ਸ. ਮਲਕੀਤ ਸਿੰਘ ਬਹਿੜਵਾਲ ਆਦਿ ਮੌਜੂਦ ਸਨ।

## ਸ੍ਰੀ ਦਰਬਾਰ ਸਾਹਿਬ ਤਰਨ ਤਾਰਨ ਸਾਹਿਬ ਵਿਖੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ



ਤਰਨ ਤਾਰਨ- ਧਰਮ ਪ੍ਰਚਾਰ ਕਮੇਟੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਤਿਨਾਮ ਸਰਬ ਕਲਿਆਣ ਟਰੱਸਟ ਦੇ ਸਹਿਯੋਗ ਨਾਲ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਤਰਨ ਤਾਰਨ ਸਾਹਿਬ ਵਿਖੇ ਵੱਖ ਵੱਖ ਸਕੂਲਾਂ ਵਿੱਚ ਪੜ੍ਹਨ ਵਾਲੇ ਵਿਦਿਆਰਥੀਆਂ ਦਾ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ ਜਿਸ ਵਿੱਚ 101 ਵਿਦਿਆਰਥੀ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕਰ ਕੇ ਗੁਰੂ ਵਾਲੇ ਬਣੇ। ਇਸ ਸਮਾਗਮ ਲਈ ਮੈਨੇਜਰ ਸ. ਬਲਵਿੰਦਰ ਸਿੰਘ ਉਬੋਕੇ ਨੇ ਵਿਸ਼ੇਸ ਸਹਿਯੋਗ ਦਿੱਤਾ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਸਤਿਨਾਮ ਸਰਬ ਕਲਿਆਣ ਟਰੱਸਟ ਦੇ ਸਹਿਯੋਗ ਨਾਲ ਵੱਖ-ਵੱਖ ਸਕੂਲਾਂ ਦੇ ਬੱਚਿਆਂ ਨੂੰ ਧਰਮ ਨਾਲ ਜੋੜਨ ਲਈ ਕੀਤੇ ਜਾ ਰਹੇ ਉਪਰਾਲੇ ਤਹਿਤ ਸਕੂਲਾਂ ਵਿਚ ਕੈਂਪ ਲਗਾ ਕੇ ਬੱਚਿਆਂ ਨੂੰ ਸਿੱਖ ਵਿਰਸੇ ਅਤੇ ਇਤਿਹਾਸ ਦੀ ਜਾਣਕਾਰੀ ਦਿੱਤੀ ਜਾ ਰਹੀ ਹੈ। ਇਸੇ ਤਹਿਤ ਜਿਲ੍ਹਾ ਤਰਨ ਤਾਰਨ ਦੇ ਵੱਖ-ਵੱਖ ਸਕੂਲਾਂ ਦੇ ਬੱਚਿਆਂ ਲਈ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਤਰਨ ਤਾਰਨ ਵਿਖੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ ਨੇ ਅੰਮ੍ਰਿਤ ਅਭਿਲਾਖੀ ਬੱਚਿਆਂ ਨੂੰ ਸਿੱਖ ਰਹਿਤ ਮਰਿਯਾਦਾ ਵਿਚ ਪ੍ਰਪੱਕ ਰਹਿਣ ਦੀ ਪ੍ਰੇਰਨਾ ਕਰਦਿਆਂ ਅੰਮ੍ਰਿਤ ਛੱਕਣ ਲਈ ਵਧਾਈ ਦਿੱਤੀ। ਅੰਮ੍ਰਿਤ ਅਭਿਲਾਖੀ ਬੱਚਿਆਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਜਸਵਿੰਦਰ ਸਿੰਘ ਸ਼ਹੂਰ, ਭਾਈ ਸਰਬਜੀਤ ਸਿੰਘ ਢੋਟੀਆਂ, ਗਿਆਨੀ ਲਖਮੀਰ ਸਿੰਘ ਕੱਕਾ ਕੰਡਿਆਲਾ, ਭਾਈ ਰਣਜੀਤ ਸਿੰਘ ਸੁਪਰਵਾਇਜ਼ਰ ਸਤਿਨਾਮ ਸਰਬ ਕਲਿਆਣ ਟਰੱਸਟ, ਵਧੀਕ ਮੈਨੇਜਰ ਸ. ਕੁਲਦੀਪ ਸਿੰਘ ਕੈਰੋਂਵਾਲ, ਮੀਤ ਮੈਨੇਜਰ ਸ. ਧਰਮਿੰਦਰ ਸਿੰਘ, ਭਾਈ ਜੋਗਾ ਸਿੰਘ ਗ੍ਰੰਥੀ, ਵੱਖ-ਵੱਖ ਸਕੂਲਾਂ ਦੇ ਅਧਿਆਪਕ ਸਾਹਿਬਾਨ ਤੇ ਸੰਗਤਾਂ ਹਾਜ਼ਰ ਸਨ।



ਗੁਰਦੁਆਰਾ ਸਾਹਿਬ ਪਿੰਡ 12 ਪੀ ਐਸ ਜ਼ਿਲ੍ਹਾ ਗੰਗਾ ਨਗਰ (ਰਾਜਸਥਾਨ) ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ 40 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।

# ਸ਼ਰਧਾ ਨਾਲ ਮਨਾਇਆ ਬਾਬਾ ਦੀਪ ਸਿੰਘ ਜੀ ਦਾ ਸ਼ਹੀਦੀ ਦਿਹਾੜਾ




ਅੰਮ੍ਰਿਤਸਰ- ਬਾਬਾ ਦੀਪ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ ਵਿਖੇ ਸ਼ਰਧਾ ਤੇ ਸਤਿਕਾਰ ਸਹਿਤ ਮਨਾਇਆ ਗਿਆ। ਇਸ ਮੌਕੇ ਹਜ਼ਾਰਾਂ ਦੀ ਗਿਣਤੀ ਵਿਚ ਸੰਗਤਾਂ ਨਤਮਸਤਕ ਹੋਣ ਪਹੁੰਚੀਆਂ। ਸਵੇਰ ਤੋਂ ਰਾਤ ਤੱਕ ਕਥਾ-ਕੀਰਤਨ ਦਾ ਪ੍ਰਵਾਹ ਲਗਾਤਾਰ ਜਾਰੀ ਰਿਹਾ। ਇਸ ਸਬੰਧ ਵਿਚ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕਰਦਿਆਂ ਕਿਹਾ ਕਿ ਬਾਬਾ ਦੀਪ ਸਿੰਘ ਜੀ ਸ਼ਹੀਦ ਦਾ ਜੀਵਨ ਭਗਤੀ ਤੇ ਸ਼ਕਤੀ ਦਾ ਸੁਮੇਲ ਸੀ, ਜਿਸ ਤੋਂ ਸਾਨੂੰ ਗੁਰੂ ਸਾਹਿਬ ਨੂੰ ਸਮਰਪਿਤ ਹੋ ਕੇ ਜੀਵਨ ਜਿਉਣ ਦੀ ਪ੍ਰੇਰਨਾ ਮਿਲਦੀ ਹੈ। ਸਿੰਘ ਸਾਹਿਬ ਨੇ ਸੰਗਤ ਨੂੰ ਬਾਣੀ ਅਤੇ ਬਾਣੇ ਦੇ ਧਾਰਨੀ ਬਣਨ ਦੀ ਪ੍ਰੇਰਨਾ ਵੀ ਕੀਤੀ। ਇਸ ਤੋਂ ਇਲਾਵਾ ਪੰਥ ਪ੍ਰਸਿੱਧ ਢਾਡੀ, ਕਵੀਸ਼ਰੀ ਜਥਿਆਂ ਨੇ ਸੰਗਤਾਂ ਨੂੰ ਬਾਬਾ ਦੀਪ ਸਿੰਘ ਜੀ ਦੀ ਲਾਸਾਨੀ ਸ਼ਹਾਦਤ ਤੋਂ ਜਾਣੂੰ ਕਰਵਾਇਆ ਅਤੇ ਕਵੀ ਦਰਬਾਰ ਦੌਰਾਨ ਹਾਜ਼ਰ ਕਵੀਆਂ ਨੇ ਹਾਜ਼ਰੀ ਭਰੀ। ਇਸੇ ਦੌਰਾਨ ਬਾਅਦ ਦੁਪਹਿਰ ਵਿਸ਼ਾਲ ਗੁਰਮਤਿ ਸਮਾਗਮ ਕਰਵਾਇਆ ਗਿਆ, ਜਿਸ ਵਿਚ ਭਾਈ ਹਰਨਾਮ ਸਿੰਘ ਹਜ਼ੂਰੀ ਰਾਗੀ ਜਥਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਭਾਈ ਬਲਵਿੰਦਰ ਸਿੰਘ ਰੰਗੀਲਾ ਚੰਡੀਗੜ੍ਹ ਵਾਲੇ, ਭਾਈ ਹਰਜੋਤ ਸਿੰਘ ਜ਼ਖਮੀ, ਭਾਈ ਗੁਰਦੇਵ ਸਿੰਘ ਆਸਟਰੇਲੀਆ, ਭਾਈ ਮਹਿਲ ਸਿੰਘ ਕਵੀਸ਼ਰ, ਭਾਈ ਗੁਰਇਕਬਾਲ ਸਿੰਘ ਬੀਬੀ ਕੌਲਾਂ ਜੀ ਭਲਾਈ ਕੇਂਦਰ, ਬਾਬਾ ਦਰਸ਼ਨ ਸਿੰਘ ਗੁਮਟਾਲੇ ਵਾਲੇ, ਭਾਈ ਗਗਨਦੀਪ ਸਿੰਘ ਗੰਗਾਨਗਰ, ਭਾਈ ਹਰਵਿੰਦਰਪਾਲ ਸਿੰਘ ਲਿਟਲ, ਬੀਬਾ ਤਰਨਪ੍ਰੀਤ ਕੌਰ, ਭਾਈ ਦਲੇਰ ਸਿੰਘ ਅੰਮ੍ਰਿਤਸਰ ਨੇ ਸੰਗਤ ਗੁਰਬਾਣੀ ਕੀਰਤਨ ਤੇ ਗੁਰੂ ਜਸ ਸਰਵਣ ਕਰਵਾ ਕੇ ਨਿਹਾਲ ਕੀਤਾ। ਇਸ ਤੋਂ ਇਲਾਵਾ ਸੇਵਕ ਜਥਾ ਕੜਾਹਿ ਪ੍ਰਸ਼ਾਦਿ ਵੱਲੋਂ ਖ਼ੂਨਦਾਨ ਕੈਂਪ ਵੀ ਲਗਾਇਆ ਗਿਆ। ਬੱਚਿਆਂ ਦੇ ਦਸਤਾਰ ਮੁਕਾਬਲੇ ਵੀ ਕਰਵਾਏ ਗਏ, ਜਿਸ ਵਿਚ 350 ਬੱਚਿਆਂ ਨੇ ਭਾਗ ਲਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਸ. ਦਿਆਲ ਸਿੰਘ ਕੋਲਿਆਂਵਾਲੀ, ਭਾਈ ਅਜਾਇਬ ਸਿੰਘ ਅਭਿਆਸੀ, ਜਥੇਦਾਰ ਬਾਵਾ ਸਿੰਘ, ਬਾਬਾ ਕਸ਼ਮੀਰ ਸਿੰਘ ਭੂਰੀਵਾਲੇ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਸ. ਹਰਪ੍ਰੀਤ ਸਿੰਘ, ਪ੍ਰਚਾਰਕ ਭਾਈ ਜਸਵਿੰਦਰ ਸਿੰਘ ਸ਼ਹੂਰ, ਭਾਈ ਤਰਸੇਮ ਸਿੰਘ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

# ਲੰਗਰ ਸ੍ਰੀ ਗੁਰੂ ਰਾਮਦਾਸ ਜੀ ਦੀ ਇਮਾਰਤ ਦੇ ਵਿਸਥਾਰ ਦਾ ਕੰਮ ਬਿਲਕੁਲ ਪਾਰਦਰਸ਼ੀ -ਇੰਜ: ਸੁਖਮਿੰਦਰ ਸਿੰਘ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਦੇ ਵਿਸਥਾਰ ਸਬੰਧੀ ਕੁਝ ਲੋਕਾਂ ਵੱਲੋਂ ਸੋਸ਼ਲ ਮੀਡੀਆ 'ਤੇ ਕੀਤੀ ਜਾ ਰਹੀ ਬਿਆਨਬਾਜ਼ੀ ਨੂੰ ਨਕਾਰਦਿਆਂ ਇਮਾਰਤ ਦੇ ਕੰਮ ਦੀ ਅਲਾਟਮੈਂਟ ਅਤੇ ਹੋਏ ਖ਼ਰਚਿਆਂ ਦੀ ਜਾਣਕਾਰੀ ਨਸ਼ਰ ਕੀਤੀ ਗਈ ਹੈ। ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਇੰਜ: ਸੁਖਮਿੰਦਰ ਸਿੰਘ ਨੇ ਸਪੱਸ਼ਟ ਕੀਤਾ ਕਿ ਲੰਗਰ ਦੀ ਇਮਾਰਤ ਦੇ ਵਿਸਥਾਰ ਦਾ ਕੰਮ ਨਿਯਮਾਂ ਅਨੁਸਾਰ ਪਾਰਦਰਸ਼ੀ ਤਰੀਕੇ ਨਾਲ ਹੋ ਰਿਹਾ ਹੈ। ਇਸ ਕੰਮ ਦੀ ਅਲਾਟਮੈਂਟ ਅਖ਼ਬਾਰਾਂ ਵਿਚ ਇਸ਼ਤਿਹਾਰ ਦੇ ਕੇ ਈ-ਟੈਂਡਰਿੰਗ ਰਾਹੀਂ ਕੀਤੀ ਗਈ ਸੀ। ਇੰਜ: ਸੁਖਮਿੰਦਰ ਸਿੰਘ ਨੇ ਵਿਸਥਾਰ 'ਚ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਮਤਾ ਨੰਬਰ 90, ਮਿਤੀ 15 ਦਸੰਬਰ 2009 ਰਾਹੀਂ ਲੰਗਰ ਦੇ ਵਿਸਥਾਰ ਲਈ ਆਰਕੀਟੈਕਟ ਦੁਆਰਾ ਦਿੱਤੇ ਗਏ ਰਫ ਕਾਸਟ ਐਸਟੀਮੇਟ ਅਨੁਸਾਰ 14 ਕਰੋੜ ਰੁਪਏ ਦੀ ਪ੍ਰਵਾਨਗੀ ਹੋਈ ਸੀ। ਇਸ ਐਸਟੀਮੇਟ ਵਿਚ ਕਵਰਡ ਏਰੀਆ 73,562 ਸਕੇਅਰ ਫੁੱਟ ਹੀ ਲਿਆ ਗਿਆ ਸੀ। ਉਨ੍ਹਾਂ ਦੱਸਿਆ ਕਿ 2013 ਵਿਚ ਪ੍ਰਾਜੈਕਟ ਮੈਨੇਜਮੈਂਟ ਕੰਪਨੀ ਵੱਲੋਂ ਸਿਵਲ ਦੇ ਕੰਮਾਂ ਦਾ ਵਿਸਥਾਰਤ ਐਸਟੀਮੇਟ ਤਿਆਰ ਕੀਤਾ ਗਿਆ, ਜਿਸ ਦੀ ਰਕਮ 17.78 ਕਰੋੜ ਬਣੀ। ਇਹ ਐਸਟੀਮੇਟ 1,12,000 ਸੁਕੇਅਰ ਫੁੱਟ ਏਰੀਏ ਅਨੁਸਾਰ ਸੀ। ਉਨ੍ਹਾਂ ਦੱਸਿਆ ਕਿ ਇਸ ਐਸਟੀਮੇਟ ਅਨੁਸਾਰ 7 ਮਾਰਚ 2013 ਨੂੰ ਅਖ਼ਬਾਰਾਂ ਰਾਹੀਂ ਇਸ਼ਤਿਹਾਰ ਦੇ ਕੇ ਈ-ਟੈਂਡਰਿੰਗ ਰਾਹੀਂ ਪ੍ਰੀ-ਕੁਆਲੀਫੀਕੇਸ਼ਨ ਕੀਤੀ ਗਈ, ਜਿਸ ਵਿਚ 3 ਫਰਮਾਂ ਯੋਗ ਪਾਈਆਂ ਗਈਆਂ। ਇਨ੍ਹਾਂ ਵਿੱਚੋਂ ਐਸ.ਐਸ. ਕੰਸਟ੍ਰਕਸ਼ਨ ਦਾ ਰੇਟ (17.78+7.75%) ਘੱਟ ਹੋਣ ਕਰਕੇ ਉਸ ਨੂੰ 30 ਸਤੰਬਰ 2013 ਨੂੰ ਕੰਮ ਦੇ ਦਿੱਤਾ ਗਿਆ। ਇੰਜ: ਸੁਖਮਿੰਦਰ ਸਿੰਘ ਨੇ ਦੱਸਿਆ ਕਿ ਲੰਗਰ ਘਰ ਦੇ ਵਿਸਥਾਰ ਲਈ ਦਿੱਤੇ ਗਏ ਟੈਂਡਰ ਰੇਟਾਂ ਅਨੁਸਾਰ ਅਤੇ ਚੱਲ ਰਹੀਆਂ ਹੋਰ ਸੇਵਾਵਾਂ (ਬਰਤਨ ਧੋਣ ਲਈ ਸ਼ੈੱਡ ਅਤੇ ਲੰਗਰ ਤਿਆਰ ਕਰਨ ਲਈ ਭੱਠੀਆਂ) ਬਹਾਲ ਰੱਖਣ ਲਈ ਇਨ੍ਹਾਂ ਦਾ ਖ਼ਰਚ ਵਿਚ ਸ਼ਾਮਲ ਕਰਕੇ ਕੰਮ ਦੀ ਲਾਗਤ 19.53 ਕਰੋੜ ਬਣੀ। ਇਸ ਵਿੱਚੋਂ ਹੁਣ ਤੀਕ 17.50 ਕਰੋੜ ਰੁਪਏ ਦੇ ਖ਼ਰਚਿਆਂ ਨਾਲ 95 ਫੀਸਦੀ ਕੰਮ ਮੁਕੰਮਲ ਹੋ ਚੁੱਕਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਇਮਾਰਤ ਵਿਚ ਬਿਜਲੀ, ਸੈਂਟਰੀ ਅਤੇ ਮਕੈਨੀਕਲ ਆਦਿ ਲਈ ਵੱਖ-ਵੱਖ ਸਲਾਹਕਾਰ (ਐਚ.ਪੀ.ਜੀ. ਅਤੇ ਸ. ਨਰਿੰਦਰ ਸਿੰਘ) ਮੁਫ਼ਤ ਸੇਵਾਵਾਂ ਦੇ ਰਹੇ ਹਨ। ਇਨ੍ਹਾਂ ਕੰਮਾਂ 'ਤੇ ਹੋਣ ਵਾਲਾ ਖ਼ਰਚ ਸਿਵਲ ਦੇ ਕੰਮਾਂ ਤੋਂ ਵੱਖਰਾ ਹੈ।

# ਸ਼ਾਹਪੁਰ ਜਾਜਨ ਵਿਖੇ ਹੋਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 76 ਪ੍ਰਾਣੀ ਗੁਰੂ ਵਾਲੇ ਬਣੇ



ਡੇਰਾ ਬਾਬਾ ਨਾਨਕ - ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਧਰਮ ਪ੍ਰਚਾਰ ਲਹਿਰ ਤਹਿਤ ਧਰਮ ਪ੍ਰਚਾਰ ਕਮੇਟੀ ਸ੍ਰੀ ਅੰਮ੍ਰਿਤਸਰ ਅਤੇ ਗੁਰਦੁਆਰਾ ਕੋਠੜੀ ਸਾਹਿਬ, ਸ਼ਾਹਪੁਰ ਜਾਜਨ ਦੀ ਪ੍ਰਬੰਧਕ ਕਮੇਟੀ ਦੇ ਸਾਂਝੇ ਉਪਰਾਲੇ ਸਦਕਾ ਗੁਰਮਤਿ ਸਮਾਗਮ ਤੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਸਮੇਂ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਹਿੰਮਤਬੀਰ ਸਿੰਘ ਨੇ ਸੰਗਤਾਂ ਨੂੰ ਗੁਰੂ ਇਤਿਹਾਸ ਤੋਂ ਜਾਣੂ ਕਰਵਾਉਂਦਿਆਂ ਅੰਮ੍ਰਿਤ ਛੱਕਣ ਦੀ ਪ੍ਰੇਰਨਾ ਕੀਤੀ। ਇਸ ਮੌਕੇ ਹੋਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 76 ਪ੍ਰਾਣੀ ਅੰਮ੍ਰਿਤ ਦੀ ਦਾਤ ਪ੍ਰਾਪਤ ਕਰ ਕੇ ਗੁਰੂ ਵਾਲੇ ਬਣੇ। ਇਸ ਅੰਮ੍ਰਿਤ ਸੰਚਾਰ ਸਮਾਗਮ ਸਮੇਂ ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਅੰਮ੍ਰਿਤਸਰ ਤੋਂ ਵਿਸ਼ੇਸ ਤੌਰ ਤੇ ਪੁੱਜੇ ਪੰਜ ਪਿਆਰੇ ਸਾਹਿਬਾਨ ਨੇ ਅੰਮ੍ਰਿਤ ਸੰਚਾਰ ਦੀ ਸੇਵਾ ਨਿਭਾਈ। ਅੰਮ੍ਰਿਤ ਅਭਿਲਾਖੀਆਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ। ਇਸ ਮੌਕੇ ਪਿੰਡ ਦੀਆਂ ਸੰਗਤਾਂ ਵੱਲੋਂ ਪੰਜ ਪਿਆਰੇ ਸਾਹਿਬਾਨ ਅਤੇ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਹਿੰਮਤਬੀਰ ਸਿੰਘ ਵੀਲ੍ਹਾ ਦਾ ਸਨਮਾਨ ਵੀ ਕੀਤਾ ਗਿਆ। ਇਸ ਸਮਾਗਮ ਸਮੇਂ ਪਿੰਡ ਸ਼ਾਹਪੁਰ ਜਾਜਨ ਦੇ ਨੌਜਵਾਨਾ, ਪਰਵੰਤੇ ਸੱਜਣਾ ਅਤੇ ਸੰਗਤਾਂ ਨੇ ਉਤਸ਼ਾਹ ਨਾਲ ਸੇਵਾ ਕੀਤੀ।

# ਸ਼੍ਰੋਮਣੀ ਕਮੇਟੀ ਵੱਲੋਂ ਮਨਾਇਆ ਗਿਆ ਭਾਈ ਮਰਦਾਨਾ ਜੀ ਦਾ ਅਕਾਲ ਚਲਾਣਾ ਦਿਵਸ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰੂ ਘਰ ਦੇ ਮਹਾਨ ਰਬਾਬੀ ਭਾਈ ਮਰਦਾਨਾ ਜੀ ਦਾ ਅਕਾਲ ਚਲਾਣਾ ਦਿਵਸ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਸਰਵਣ ਕਰਵਾਇਆ। ਅਰਦਾਸ ਉਪਰੰਤ ਸੰਗਤ ਨਾਲ ਵਿਚਾਰ ਸਾਂਝੇ ਕਰਦਿਆਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੇ ਕਥਾਵਾਚਕ ਭਾਈ ਹਰਮਿੱਤਰ ਸਿੰਘ ਨੇ ਭਾਈ ਮਰਦਾਨਾ ਜੀ ਦੇ ਜੀਵਨ ਇਤਿਹਾਸ ਨੂੰ ਸੰਗਤ ਨਾਲ ਸਾਂਝਾ ਕੀਤਾ। ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਕਿਹਾ ਕਿ ਭਾਈ ਮਰਦਾਨਾ ਜੀ ਗੁਰੂ ਘਰ ਦੇ ਪਹਿਲੇ ਰਬਾਬੀ ਕੀਰਤਨੀਏ ਸਨ, ਜਿਨ੍ਹਾਂ ਨੂੰ ਲੰਮਾਂ ਸਮਾਂ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਸਾਥ ਪ੍ਰਾਪਤ ਹੋਇਆ। ਉਨ੍ਹਾਂ ਕਿਹਾ ਕਿ ਭਾਈ ਮਰਦਾਨਾ ਜੀ ਸਿੱਖ ਇਤਿਹਾਸ ਦੇ ਉਹ ਪਾਤਰ ਹਨ, ਜਿਨ੍ਹਾਂ ਨੂੰ ਪਹਿਲੇ ਪਾਤਸ਼ਾਹ ਜੀ ਨੇ ਭਾਈ ਦੀ ਉਪਾਧੀ ਬਖ਼ਸ਼ਿਸ਼ ਕੀਤੀ। ਉਹ ਸਮਰਪਣ ਦੀ ਸਿਖਰਲੀ ਮਿਸਾਲ ਸਨ। ਸਮਾਗਮ ਦੌਰਾਨ ਵਿਸ਼ਵ ਰਬਾਬੀ ਭਾਈ ਮਰਦਾਨਾ ਜੀ ਸੁਸਾਇਟੀ ਪੰਜਾਬ ਦੇ ਨੁਮਾਇੰਦਿਆਂ ਨੂੰ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਅਵਤਾਰ ਸਿੰਘ ਸੈਂਪਲਾ ਤੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ ਨੇ ਸਨਮਾਨਿਤ ਕੀਤਾ। ਇਸ ਮੌਕੇ ਭਾਈ ਮਰਦਾਨਾ ਸੁਸਾਇਟੀ ਦੇ ਮੀਤ ਪ੍ਰਧਾਨ ਸ੍ਰੀ ਜੀਤਾ, ਜਨਰਲ ਸਕੱਤਰ ਸ. ਮੰਗਾ ਸਿੰਘ, ਮੈਂਬਰ ਸ. ਬਲਦੇਵ ਸਿੰਘ ਕਾਦੀਆਂ, ਸ. ਮੰਗਲ ਸਿੰਘ ਠੱਕਰ ਸੰਧੂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਸੁਪ੍ਰਿੰਟੈਂਡੈਂਟ ਸ. ਸਤਨਾਮ ਸਿੰਘ, ਇੰਚਾਰਜ ਸ. ਗੁਰਿੰਦਰਪਾਲ ਸਿੰਘ ਠਰੂ, ਸ. ਸੁਖਬੀਰ ਸਿੰਘ, ਵਧੀਕ ਮੈਨੇਜਰ ਸ. ਸਤਨਾਮ ਸਿੰਘ ਮਾਂਗਾਸਰਾਏ ਤੇ ਹੋਰ ਮੌਜੂਦ ਸਨ।

# ਸਿੱਖ ਮਿਸ਼ਨ ਗੁਜਰਾਤ ਵੱਲੋਂ ਜੂਨਾਗੜ੍ਹ ਵਿਖੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ




ਜੂਨਾਗੜ੍ਹ- ਧਰਮ ਪ੍ਰਚਾਰ ਕਮੇਟੀ (ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ) ਦੇ ਪ੍ਰਬੰਧ ਹੇਠ ਚਲਦੇ ਸਿੱਖ ਮਿਸ਼ਨ ਗੁਜਰਾਤ ਵੱਲੋਂ ਸੂਬੇ ਦੇ ਸ਼ਹਿਰ ਜੂਨਾਗੜ੍ਹ ਵਿਖੇ 26 ਨਵੰਬਰ ਨੂੰ ਸਥਾਨਕ ਸੰਗਤਾਂ ਦੇ ਸਹਿਯੋਗ ਨਾਲ ਗੁਰਮਤਿ ਸਮਾਗਮ ਤੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ। ਧਰਮ ਪ੍ਰਚਾਰ ਲਹਿਰ ਤਹਿਤ ਕਰਵਾਏ ਗਏ ਇਸ ਸਮਾਗਮ ਵਿਚ ਸਿੱਖ ਮਿਸ਼ਨ ਗੁਜਰਾਤ ਦੇ ਇੰਚਾਰਜ ਭਾਈ ਪਰਮਜੀਤ ਸਿੰਘ ਨੇ ਗੁਰਮਤਿ ਵੀਚਾਰਾਂ ਦੀ ਸਾਂਝ ਕਰਦਿਆਂ ਸੰਗਤਾਂ ਨੂੰ ਅੰਮ੍ਰਿਤ ਛੱਕਣ ਲਈ ਪ੍ਰੇਰਨਾ ਕੀਤੀ। ਇਸ ਮੌਕੇ ਪ੍ਰਚਾਰਕ ਭਾਈ ਸ਼ਿਵਤਾਰ ਸਿੰਘ, ਭਾਈ ਗੁਰਵਿੰਦਰ ਸਿੰਘ, ਭਾਈ ਸੰਦੀਪ ਸਿੰਘ ਨੇ ਵੀ ਸੰਗਤਾਂ ਨਾਲ ਵੀਚਾਰਾਂ ਦੀ ਸਾਂਝ ਪਾਈ। ਇਸ ਮੌਕੇ ਹੋਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 70 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। ਇਸ ਸਮਾਗਮ ਸਮੇਂ ਸਿੱਖ ਮਿਸ਼ਨ ਗੁਜਰਾਤ ਦੇ ਪ੍ਰਚਾਰਕਾਂ ਅਤੇ ਸਟਾਫ ਵੱਲੋਂ ਪੰਜ ਪਿਆਰੇ ਸਾਹਿਬਾਨ ਦੀ ਸੇਵਾ ਨਿਭਾਈ ਗਈ।

# ਵੱਖ-ਵੱਖ ਸਕੂਲਾਂ ਦੇ 185 ਵਿਦਿਆਰਥੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ



ਅੰਮ੍ਰਿਤਸਰ- ਧਰਮ ਪ੍ਰਚਾਰ ਕਮੇਟੀ ਵੱਲੋਂ ਸਤਿਨਾਮ ਸਰਬ ਕਲਿਆਣ ਟਰੱਸਟ ਦੇ ਸਹਿਯੋਗ ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਵਿਖੇ ਵੱਖ ਵੱਖ ਸਕੂਲਾਂ ਵਿੱਚ ਪੜ੍ਹਨ ਵਾਲੇ ਵਿਦਿਆਰਥੀਆਂ ਦਾ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ ਜਿਸ ਵਿੱਚ ੧੮੫ ਵਿਦਿਆਰਥੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। ਜਿਕਰਯੋਗ ਹੈ ਕਿ ਧਰਮ ਪ੍ਰਚਾਰ ਕਮੇਟੀ ਵੱਲੋਂ ਟਰੱਸਟ ਦੇ ਸਹਿਯੋਗ ਨਾਲ ਵੱਖ-ਵੱਖ ਸਕੂਲਾਂ ਵਿਚ ਬੱਚਿਆਂ ਨੂੰ ਧਰਮ ਨਾਲ ਜੋੜਨ ਲਈ ਉਪਰਾਲੇ ਕੀਤੇ ਜਾ ਰਹੇ ਹਨ। ਇਸ ਤਹਿਤ ਸਕੂਲਾਂ ਵਿਚ ਕੈਂਪ ਲਗਾ ਕੇ ਬੱਚਿਆਂ ਨੂੰ ਸਿੱਖ ਵਿਰਸੇ ਅਤੇ ਇਤਿਹਾਸ ਦੀ ਜਾਣਕਾਰੀ ਦਿੱਤੀ ਜਾ ਰਹੀ ਹੈ। ਵੱਖ-ਵੱਖ ਸਕੂਲਾਂ ਦੇ ਬੱਚਿਆਂ ਨੇ ਅੰਮ੍ਰਿਤਪਾਨ ਕਰਨ ਦੀ ਇੱਛਾ ਜ਼ਾਹਰ ਕੀਤੀ ਸੀ। ਇਨ੍ਹਾਂ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਕਕਾਰ ਭੇਟਾ ਰਹਿਤ ਦਿੱਤੇ ਗਏ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਮੀਤ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ, ਭਾਈ ਤਰਸੇਮ ਸਿੰਘ ਪ੍ਰਚਾਰਕ, ਭਾਈ ਰਣਜੀਤ ਸਿੰਘ ਸੁਪਰਵਾਇਜ਼ਰ ਸਤਿਨਾਮ ਸਰਬ ਕਲਿਆਣ ਟਰੱਸਟ ਤੇ ਵੱਖ-ਵੱਖ ਸਕੂਲਾਂ ਦੇ ਅਧਿਆਪਕ ਸਾਹਿਬਾਨ ਹਾਜ਼ਰ ਸਨ।



ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਹੋਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 30 ਪ੍ਰਾਣੀਆਂ ਨੇ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕੀਤੀ।

# ਹਲਕਾ ਬਟਾਲਾ ਦੇ ਕਸਬਾ ਕਾਦੀਆਂ ਵਿਖੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ

ਬਟਾਲਾ - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਹਲਕਾ ਬਟਾਲਾ ਦੇ ਕਸਬਾ ਕਾਦੀਆਂ ਦੇ ਗੁਰਦੁਆਰਾ ਗੁਰੂ ਤੇਗ ਬਹਾਦਰ ਸਾਹਿਬ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ ਪੁਰਬ ਨੂੰ ਸਮਰਪਿਤ ਗੁਰਮਤਿ ਸਮਾਗਮ ਤੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ। ਇਸ ਮੌਕੇ ਬੋਲਦਿਆਂ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਸਾਹਿਬ ਨੇ ਮਨੁੱਖਤਾ ਨੂੰ ਸਰਬਸਾਂਝਾ ਉਪਦੇਸ਼ ਬਖਸ਼ਦਿਆਂ ਕਿਰਤ ਕਰਨ, ਨਾਮ ਜਪਣ ਤੇ ਵੰਡ ਛੱਕਣ ਦੀ ਪ੍ਰੇਰਨਾ ਕੀਤੀ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਜੀ ਦੇ 550ਵੇਂ ਪ੍ਰਕਾਸ਼ ਪੁਰਬ ਮੌਕੇ ਸਾਨੂੰ ਆਪਣਾ ਜੀਵਨ ਉਨ੍ਹਾਂ ਦੇ ਉਪਦੇਸ਼ਾਂ ਅਨੁਸਾਰੀ ਬਨਾਉਣਾ ਚਾਹੀਦਾ ਹੈ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਸਾਹਿਬਾਨ ਨੇ ਵੀ ਗੁਰਮਤਿ ਵੀਚਾਰਾਂ ਰਾਹੀਂ ਹਾਜਰੀ ਭਰੀ। ਇਸ ਮੌਕੇ ਹੋਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 148 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। ਅੰਮ੍ਰਿਤ ਅਭਿਲਾਖੀ ਪ੍ਰਾਣੀਆਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ। ਇਸ ਮੌਕੇ ਸ. ਗੁਰਤਿੰਦਰਪਾਲ ਸਿੰਘ ਮੈਨੇਜਰ ਗੁਰਦੁਆਰਾ ਸ੍ਰੀ ਕੰਧ ਸਾਹਿਬ, ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਮਨਜੀਤ ਸਿੰਘ ਕਾਦੀਆਂ, ਭਾਈ ਸਿਮਰਨਜੀਤ ਸਿੰਘ, ਭਾਈ ਗੁਰਮੁੱਖ ਸਿੰਘ, ਭਾਈ ਬਲਬੀਰ ਸਿੰਘ ਸੇਖਵਾਂ, ਕਵੀਸ਼ਰ ਭਾਈ ਮਹਿਤਾਬ ਸਿੰਘ ਦੇ ਜਥੇ ਸਮੇਤ ਸੰਗਤਾਂ ਹਾਜ਼ਰ ਸਨ।



ਸਫ਼ਾ 1 ਦਾ ਬਾਕੀ

## ਲੈਬਾਰਟਰੀ ਦਾ ਉਦਘਾਟਨ...

ਪ੍ਰਮੁੱਖ ਸ਼ਖ਼ਸੀਅਤਾਂ ਵੱਲੋਂ ਸ. ਓਬਰਾਏ ਅਤੇ ਲੈਬ ਦੇ ਸਟਾਫ਼ ਮੈਂਬਰਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਸ. ਸਰਵਨ ਸਿੰਘ ਕੁਲਾਰ, ਬੀਬੀ ਗੁਰਪ੍ਰੀਤ ਕੌਰ ਰੂਹੀ, ਸ. ਗੁਰਮੀਤ ਸਿੰਘ ਬੂਹ, ਸ. ਬਲਦੇਵ ਸਿੰਘ ਕਲਿਆਣ, ਸਕੱਤਰ ਸ. ਮਹਿੰਦਰ ਸਿੰਘ ਆਹਲੀ, ਇੰਜ: ਸਵਰਨ ਸਿੰਘ, ਸ. ਦਰਸ਼ਨ ਸਿੰਘ ਲੌਂਗੋਵਾਲ ਪੀ.ਏ., ਜਥੇਦਾਰ ਗੁਰਦਿਆਲ ਸਿੰਘ ਖ਼ਾਲਸਾ, ਸ. ਸਤਬੀਰ ਸਿੰਘ ਧਾਮੀ, ਸ. ਦਿਲਬਾਗ ਸਿੰਘ ਗਿੱਲ, ਬਾਬਾ ਦਇਆ ਸਿੰਘ, ਬਾਬਾ ਅਮਰੀਕ ਸਿੰਘ ਪੁਖਰੈਣ, ਮੈਨੇਜਰ ਸ. ਸਤਨਾਮ ਸਿੰਘ ਰਿਆੜ, ਸ. ਸਰਬਜੀਤ ਸਿੰਘ ਧੁੰਦਾ, ਟਰੱਸਟ ਦੇ ਮੈਂਬਰ ਸ. ਅਮਰਜੋਤ ਸਿੰਘ, ਡਾ. ਦਲਜੀਤ ਸਿੰਘ ਗਿੱਲ ਆਦਿ ਮੌਜੂਦ ਸਨ।

## ਨਗਰ ਕੀਰਤਨ ਸ਼ਤਾਬਦੀ ਸਬੰਧੀ ਸੰਗਤ 'ਚ ਉਤਸ਼ਾਹ ਪੈਦਾ ਕਰਨ ਵਿਚ ਸਫਲ ਹੋਇਆ-ਜਥੇਦਾਰ ਤੋਤਾ ਸਿੰਘ



ਅੰਮ੍ਰਿਤਸਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਨਨਕਾਣਾ ਸਾਹਿਬ ਪਾਕਿਸਤਾਨ ਤੋਂ ਸਜਾਏ ਗਏ ਕੌਮਾਂਤਰੀ ਨਗਰ ਕੀਰਤਨ ਸਬੰਧੀ ਸਬ-ਕਮੇਟੀ ਦੀ ਹੋਈ ਇਕੱਤਰਤਾ ਵਿਚ ਨਗਰ ਕੀਰਤਨ ਦੌਰਾਨ ਸੰਗਤ ਵੱਲੋਂ ਚੜ੍ਹਾਏ ਗਏ ਪੈਸਿਆਂ ਨਾਲ ਪਹਿਲੇ ਪਾਤਸ਼ਾਹ ਜੀ ਦੇ ਨਾਂ 'ਤੇ ਵਧੀਆ ਸਕੂਲ ਖੋਲ੍ਹਣ ਦੀ ਸਿਫਾਰਸ਼ ਕੀਤੀ ਗਈ ਹੈ। ਨਗਰ ਕੀਰਤਨ ਦੇ ਪ੍ਰਬੰਧਕ ਅਤੇ ਸਬ-ਕਮੇਟੀ ਦੇ ਚੇਅਰਮੈਨ ਜਥੇਦਾਰ ਤੋਤਾ ਸਿੰਘ ਦੀ ਅਗਵਾਈ ਵਿਚ ਹੋਈ ਇਕੱਤਰਤਾ 'ਚ ਆਮਦਨ ਅਤੇ ਖ਼ਰਚਿਆਂ ਸਬੰਧੀ ਰਿਪੋਰਟ 'ਤੇ ਵਿਚਾਰ ਵਟਾਂਦਰੇ ਮਗਰੋਂ ਸਮੂਹ ਮੈਂਬਰਾਂ ਦੀ ਸਹਿਮਤੀ ਨਾਲ ਇਹ ਸਿਫਾਰਸ਼ ਕੀਤੀ ਗਈ। ਇਕੱਤਰਤਾ 'ਚ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਾਮ ਸਿੰਘ, ਜਥੇਦਾਰ ਕਰਨੈਲ ਸਿੰਘ ਪੰਜੋਲੀ, ਸ. ਦਰਬਾਰਾ ਸਿੰਘ ਗੁਰੂ, ਸ. ਬਲਦੇਵ ਸਿੰਘ ਮਾਨ, ਸ. ਦਲਜੀਤ ਸਿੰਘ ਭਿੰਡਰ, ਸ. ਅਜਮੇਰ ਸਿੰਘ ਖੇੜਾ, ਸ. ਸਵਿੰਦਰ ਸਿੰਘ ਸਭਰਵਾਲ, ਸਕੱਤਰ ਸ. ਮਨਜੀਤ ਸਿੰਘ ਤੇ ਮੀਤ ਸਕੱਤਰ ਸ. ਸਕੱਤਰ ਸਿੰਘ ਆਦਿ ਮੌਜੂਦ ਸਨ। ਇਸ ਦੌਰਾਨ ਆਮ ਰਾਏ ਬਣੀ ਕਿ ਸੰਗਤ ਦੇ ਪੈਸੇ ਨਾਲ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਇਤਿਹਾਸਕ ਪੁਰਬ ਨੂੰ ਸਮਰਪਿਤ ਯਾਦਗਾਰ ਵਜੋਂ ਗੁਰੂ ਸਾਹਿਬ ਦੇ ਨਾਂ 'ਤੇ ਵੱਖ-ਵੱਖ ਜ਼ਿਲ੍ਹਿਆਂ 'ਚ ਸੰਗਤ ਦੇ ਸਹਿਯੋਗ ਨਾਲ ਸਕੂਲ ਖੋਲ੍ਹੇ ਜਾਣ।

ਇਕੱਤਰਤਾ ਮਗਰੋਂ ਜਥੇਦਾਰ ਤੋਤਾ ਸਿੰਘ ਨੇ ਕਿਹਾ ਕਿ ਨਗਰ ਕੀਰਤਨ ਦਾ ਪਾਕਿਸਤਾਨ ਅਤੇ ਭਾਰਤ ਦੇ 17 ਰਾਜਾਂ ਅੰਦਰ ਸੰਗਤ ਵੱਲੋਂ ਕੀਤੇ ਗਏ ਭਰਵੇਂ ਸਵਾਗਤ ਲਈ ਸ਼੍ਰੋਮਣੀ ਕਮੇਟੀ ਧੰਨਵਾਦੀ ਹੈ। ਉਨ੍ਹਾਂ ਕਿਹਾ ਕਿ ਇਹ ਕਾਰਜ ਭਾਰਤ ਅਤੇ ਪਾਕਿਸਤਾਨ ਦੀਆਂ ਸਰਕਾਰਾਂ ਦੇ ਵਿਸ਼ੇਸ਼ ਸਹਿਯੋਗ ਨਾਲ ਹੀ ਸੰਭਵ ਹੋ ਸਕਿਆ ਹੈ। ਨਗਰ ਕੀਰਤਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਕਿਰਤ ਕਰੋ, ਨਾਮ ਜਪੋ ਤੇ ਵੰਡ ਛਕੋ ਦੇ ਸੰਦੇਸ਼ ਨੂੰ ਪ੍ਰਚਾਰਨ ਦੇ ਨਾਲ-ਨਾਲ ਸ਼ਤਾਬਦੀ ਸਮਾਗਮਾਂ ਸਬੰਧੀ ਪੂਰੇ ਦੇਸ਼ ਅੰਦਰ ਚੇਤਨਾ ਅਤੇ ਉਤਸ਼ਾਹ ਪੈਦਾ ਕਰਨ ਵਿਚ ਸਫਲ ਹੋਇਆ ਹੈ। ਉਨ੍ਹਾਂ ਕਿਹਾ ਕਿ ਇਸ ਦੌਰਾਨ ਕਈ ਕੇਂਦਰੀ ਮੰਤਰੀ, ਮੈਂਬਰ ਪਾਰਲੀਮੈਂਟ ਅਤੇ ਵੱਖ-ਵੱਖ ਸੂਬਿਆਂ ਦੇ ਮੁੱਖ ਮੰਤਰੀ, ਮੰਤਰੀ, ਵਿਧਾਇਕ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਸਵਾਗਤ ਲਈ ਪੁੱਜਦੀਆਂ ਰਹੀਆਂ। ਇਸ ਵਿਚ ਵੱਖ-ਵੱਖ ਸੂਬਿਆਂ ਦੀਆਂ ਗੁਰਦੁਆਰਾ ਕਮੇਟੀਆਂ ਅਤੇ ਸੰਗਤਾਂ ਵੱਲੋਂ ਦਿੱਤੇ ਗਏ ਸਹਿਯੋਗ ਨੂੰ ਵੀ ਭੁਲਾਇਆ ਨਹੀਂ ਜਾ ਸਕਦਾ। ਉਨ੍ਹਾਂ ਕਿਹਾ ਕਿ ਇਹ ਗੁਰੂ ਸਾਹਿਬ ਦੀ ਬਖ਼ਸ਼ਿਸ਼ ਨਾਲ ਸੰਪੂਰਨ ਹੋਇਆ ਹੈ, ਜਿਸ ਲਈ ਉਹ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਕੋਟਨ ਕੋਟਿ ਸ਼ੁਕਰਾਨਾ ਕਰਦੇ ਹਨ। ਜਥੇਦਾਰ ਤੋਤਾ ਸਿੰਘ ਨੇ ਸ਼੍ਰੋਮਣੀ ਕਮੇਟੀ ਦੇ ਸਮੂਹ ਮੈਂਬਰਾਂ, ਸ਼੍ਰੋਮਣੀ ਅਕਾਲੀ ਦਲ ਸਮੇਤ ਹੋਰ ਵੱਖ-ਵੱਖ ਰਾਜਸੀ ਪਾਰਟੀ ਅਤੇ ਸ਼੍ਰੋਮਣੀ ਕਮੇਟੀ ਦੇ ਮੁਲਾਜ਼ਮਾਂ ਵੱਲੋਂ ਤਨਦੇਹੀ ਨਾਲ ਕੀਤੀ ਗਈ ਸੇਵਾ ਦੀ ਵੀ ਸ਼ਲਾਘਾ ਕੀਤੀ।

ਇਸੇ ਦੌਰਾਨ ਨਗਰ ਕੀਰਤਨ ਦੇ ਕੋਆਰਡੀਨੇਟਰ ਤੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਮਨਜੀਤ ਸਿੰਘ ਬਾਠ ਨੇ ਨਗਰ ਕੀਰਤਨ ਦੌਰਾਨ ਸੰਗਤ ਵੱਲੋਂ ਚੜ੍ਹਾਏ ਗਏ ਪੈਸਿਆਂ ਦੇ ਵੇਰਵੇ ਵੀ ਜਾਰੀ ਕੀਤੇ। ਉਨ੍ਹਾਂ ਦੱਸਿਆ ਕਿ ਭਾਰਤ ਦੇ 17 ਸੂਬਿਆਂ ਅੰਦਰ ਸੰਗਤ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਨਤਮਸਤਕ ਹੋਣ ਸਮੇਂ 10 ਕਰੋੜ 13 ਲੱਖ 68 ਹਜ਼ਾਰ 601 ਰੁਪਏ ਚੜ੍ਹਾਏ ਗਏ, ਜਦਕਿ ਸਾਰੇ ਨਗਰ ਕੀਰਤਨ ਦੌਰਾਨ 1 ਕਰੋੜ 73 ਲੱਖ 4 ਹਜ਼ਾਰ, 444 ਰੁਪਏ ਦਾ ਖ਼ਰਚਾ ਹੋਇਆ। ਉਨ੍ਹਾਂ ਦੱਸਿਆ ਕਿ ਇਸ ਦੌਰਾਨ ਸੰਗਤ ਵੱਲੋਂ ਗੱਡੀਆਂ ਦੀ ਰਿਪੇਅਰ, ਤੇਲ ਅਤੇ ਸੰਗਤ ਦੀ ਰਿਹਾਇਸ਼ ਆਦਿ ਦੀ ਵੀ ਲਾ-ਮਿਸਾਲ ਸੇਵਾ ਕੀਤੀ ਗਈ ਹੈ, ਜਿਸ ਨੂੰ ਭੁਲਿਆ ਨਹੀਂ ਜਾ ਸਕਦਾ। ਇਸ ਤੋਂ ਇਲਾਵਾ ਸੰਗਤ ਨੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕਰਦਿਆਂ ਸੋਨਾ, ਚਾਂਦੀ ਅਤੇ ਵਿਦੇਸ਼ੀ ਕਰੰਸੀ ਆਦਿ ਚੜਾਅ ਕੇ ਵੀ ਸ਼ਰਧਾ ਪ੍ਰਗਟਾਈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਸਮੂਹ ਸੰਗਤਾਂ ਦਾ ਧੰਨਵਾਦ ਕਰਦੀ ਹੈ।

## ਗੁਰਦਾਸਪੁਰ ਵਿਖੇ ਵੱਖ-ਵੱਖ ਸਕੂਲਾਂ ਦੇ ਬੱਚਿਆਂ ਦੇ ਧਾਰਮਿਕ ਮੁਕਾਬਲੇ ਕਰਵਾਏ



ਗੁਰਦਾਸਪੁਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਰੰਭੀ ਗਈ ਧਰਮ ਪ੍ਰਚਾਰ ਲਹਿਤ ਤਹਿਤ ਗੁਰਦੁਆਰਾ ਬਾਬਾ ਲਾਲ ਸਿੰਘ ਜੀ ਗੁਰਦਾਸਪੁਰ ਵਿਖੇ ਬੱਚਿਆਂ ਦੇ ਗੁਰਬਾਣੀ ਕੰਠ, ਪ੍ਰਸ਼ਨੋਤਰੀ ਤੇ ਸੁੰਦਰ ਦਸਤਾਰ ਸਜਾਉਣ ਦੇ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿਚ ਹਲਕੇ ਦੇ 10 ਸਕੂਲਾਂ ਦੇ 200 ਵਿਦਿਆਰਥੀਆਂ ਨੇ ਭਾਗ ਲਿਆ। ਸੀਨੀਅਰ ਵਰਗ ਦੇ ਗੁਰਬਾਣੀ ਕੰਠ ਮੁਕਾਬਲੇ ਵਿਚ ਗੁਰਸਿਮਰਨ ਸਿੰਘ ਗਿਆਨ ਅੰਜਨ ਸਕੂਲ ਨੇ ਪਹਿਲਾ ਸਥਾਨ, ਜਸ਼ਨਪ੍ਰੀਤ ਕੌਰ ਗੁਰੂ ਨਾਨਕ ਪਬਲਿਕ ਸਕੂਲ ਨੇ ਦੂਜਾ ਸਥਾਨ ਅਤੇ ਭਾਈ ਗੁਰਦਾਸ ਪਬਲਿਕ ਸਕੂਲ ਦੀ ਅਰਸ਼ਦੀਪ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਜੂਨੀਅਰ ਵਰਗ ਵਿਚ ਗੁਰਲੀਨ ਕੌਰ ਨੇ ਪਹਿਲਾ, ਅਰਸ਼ਦੀਪ ਕੌਰ ਨੇ ਦੂਜਾ ਤੇ ਹਰਗੁਨਬੀਰ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ। ਪ੍ਰਸ਼ਨੋਤਰੀ ਮੁਕਾਬਲੇ ਵਿਚ ਬਾਬਾ ਅਜੈ ਸਿੰਘ ਖਾਲਸਾ ਸਕੂਲ ਗੁਰਦਾਸ ਨੰਗਲ ਨੇ ਪਹਿਲਾ, ਗਿਆਨ ਅੰਜਨ ਪਬਲਿਕ ਸਕੂਲ ਨੇ ਦੂਜਾ ਤੇ ਗੁਰੂ ਰਾਮਦਾਸ ਅਕੈਡਮੀ ਔਜਲਾ ਨੇ ਤੀਜਾ ਸਥਾਨ ਹਾਸਲ ਕੀਤਾ। ਦਸਤਾਰ ਮੁਕਾਬਲਿਆਂ ਵਿਚ ਬਲਵਿੰਦਰ ਸਿੰਘ ਨੇ ਪਹਿਲਾ, ਕਰਨਜੀਤ ਸਿੰਘ ਨੇ ਦੂਜਾ ਤੇ ਗੁਰਜੀਤ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ। ਇਨ੍ਹਾਂ ਮੁਕਾਬਲਿਆਂ ਵਿਚ ਅਵੱਲ ਆਉਣ ਵਾਲੇ ਤੇ ਭਾਗ ਲੈਣ ਵਾਲੇ ਸਾਰੇ ਵਿਦਿਆਰਥੀਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਸਨਮਾਨ ਚਿੰਨ ਅਤੇ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਗੁਰਨਾਮ ਸਿੰਘ ਦੋਰਾਂਗਲਾ, ਬੀਬੀ ਰਾਜਬੀਰ ਕੌਰ, ਬੀਬੀ ਸਰਬਜੋਤ ਕੌਰ, ਪ੍ਰਧਾਨ ਸ. ਮਨਜੀਤ ਸਿੰਘ, ਸ. ਕੰਵਲਜੀਤ ਸਿੰਘ, ਸ. ਗੁਰਜੰਟ ਸਿੰਘ, ਸ. ਗੁਰਭੇਜ ਸਿੰਘ, ਸ. ਸਤਨਾਮ ਸਿੰਘ ਸਮੇਤ ਸੰਗਤਾਂ ਹਾਜ਼ਰ ਸਨ।

## ਸਿੱਖ ਕੈਦੀਆਂ ਨੂੰ ਰਿਹਾਅ ਕਰਨ ਦਾ ਸ਼੍ਰੋਮਣੀ ਕਮੇਟੀ ਵੱਲੋਂ ਸਵਾਗਤ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੱਠ ਸਿੱਖ ਕੈਦੀਆਂ ਦੀ ਰਿਹਾਈ ਦਾ ਸਵਾਗਤ ਕੀਤਾ ਗਿਆ ਹੈ। ਜਾਰੀ ਇਕ ਪ੍ਰੈੱਸ ਬਿਆਨ ਵਿਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਲੰਮੇ ਸਮੇਂ ਤੋਂ ਜ਼ੇਲ੍ਹਾਂ ਵਿਚ ਬੰਦ ਸਿੱਖ ਕੈਦੀਆਂ ਨੂੰ ਰਿਹਾਅ ਕਰਨਾ ਕੇਂਦਰ ਸਰਕਾਰ ਦਾ ਇਕ ਸਵਾਗਤਯੋਗ ਫੈਸਲਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਮੌਕੇ ਬੰਦੀ ਸਿੰਘਾਂ ਦੀ ਰਿਹਾਈ ਦਾ ਚੁੱਕਿਆ ਗਿਆ ਕਦਮ ਸਹੀ ਦਿਸ਼ਾ ਵਿਚ ਹੈ। ਸ਼੍ਰੋਮਣੀ ਕਮੇਟੀ ਵੱਲੋਂ ਸਿੱਖ ਕੈਦੀਆਂ ਦੀ ਰਿਹਾਈ ਲਈ ਲੰਮੇ ਸਮੇਂ ਤੋਂ ਯਤਨ ਕੀਤੇ ਜਾਂਦੇ ਰਹੇ ਹਨ, ਜਿਸ ਦੇ ਨਤੀਜੇ ਵਜੋਂ ਇਹ ਸੰਭਵ ਹੋ ਸਕਿਆ ਹੈ।

## ਸਿੱਖ ਮਿਸ਼ਨ ਜੰਮੂ ਕਸ਼ਮੀਰ ਵੱਲੋਂ ਅੰਮ੍ਰਿਤ ਸੰਚਾਰ ਸਮਾਗਮ ਕਰਵਾਏ



ਜੰਮੂ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਰੰਭੀ ਧਰਮ ਪ੍ਰਚਾਰ ਲਹਿਰ ਤਹਿਤ ਸਿੱਖ ਮਿਸ਼ਨ ਜੰਮੂ ਕਸ਼ਮੀਰ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਆਦੇਸ਼ਾਂ ਅਨੁਸਾਰ ਸਥਾਨਕ ਸੰਗਤਾਂ ਦੇ ਸਹਿਯੋਗ ਸਦਕਾ ਪਿੰਡ ਚੱਠਾ ਤੇ ਪਿੰਡ ਡੱਬ ਦਿਤਾ ਵਿਖੇ ਵਿਸ਼ੇਸ਼ ਗੁਰਮਤਿ ਸਮਾਗਮ ਤੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਏ ਗਏ। ਇਨ੍ਹਾਂ ਸਮਾਗਮਾਂ ਸਮੇਂ ਸਿੱਖ ਮਿਸ਼ਨ ਜੰਮੂ ਕਸ਼ਮੀਰ ਦੇ ਇੰਚਾਰਜ ਭਾਈ ਹਰਭਿੰਦਰ ਸਿੰਘ ਤੇ ਮਿਸ਼ਨ ਦੇ ਪ੍ਰਚਾਰਕ ਸਿੰਘਾਂ ਨੇ ਸੰਗਤਾਂ ਨੂੰ ਗੁਰੂ ਇਤਿਹਾਸ ਨਾਲ ਜੋੜਦਿਆਂ ਅੰਮ੍ਰਿਤ ਛੱਕਣ ਦੀ ਪ੍ਰੇਰਨਾ ਕੀਤੀ। ਇਸ ਮੌਕੇ ਹੋਏ ਅੰਮ੍ਰਿਤ ਸੰਚਾਰ ਸਮਾਗਮਾਂ ਸਮੇਂ ਪਿੰਡ ਚੱਠਾ ਵਿਖੇ 96 ਪ੍ਰਾਣੀ ਅਤੇ ਪਿੰਡ ਡੱਬ ਦਿਤਾ ਵਿਖੇ 70 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। ਇਨ੍ਹਾਂ ਅੰਮ੍ਰਿਤ ਅਭਿਲਾਖੀ ਪ੍ਰਾਣੀਆਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ। ਇਨ੍ਹਾਂ ਸਮਾਗਮਾਂ ਵਿਚ ਸਿੱਖ ਮਿਸ਼ਨ ਜੰਮੂ ਦੇ ਰਿਕਾਰਡ ਕੀਪਰ ਭਾਈ ਤਰਨਜੀਤ ਸਿੰਘ, ਪ੍ਰਚਾਰਕ ਸਾਹਿਬਾਨ ਤੇ ਸਥਾਨਕ ਸੰਗਤਾਂ ਨੇ ਭਰਵਾਂ ਸਹਿਯੋਗ ਦਿੱਤਾ।

## 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਾਈਰੋਪ੍ਰੈਕਟਿਕ ਮੁਫ਼ਤ ਚੈੱਕਅੱਪ ਕੈਂਪ ਆਯੋਜਿਤ

ਅੰਮ੍ਰਿਤਸਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇੰਡੀਅਨ ਐਸੋਸੀਏਸ਼ਨ ਕਾਈਰੋਪ੍ਰੈਕਟਿਕ ਡਾਕਟਰਜ਼ (ਆਈ.ਏ.ਸੀ.ਡੀ.) ਵੱਲੋਂ ਸ੍ਰੀ ਦਰਬਾਰ ਸਾਹਿਬ ਨਾਲ ਸਬੰਧਤ ਸ੍ਰੀ ਗੁਰੂ ਰਾਮਦਾਸ ਜੀ ਨਿਵਾਸ ਵਿਖੇ ਤਿੰਨ ਦਿਨਾਂ ਮੁਫ਼ਤ ਚੈੱਕਅੱਪ ਕੈਂਪ ਲਗਾਇਆ ਗਿਆ, ਜਿਸ ਦਾ 3500 ਦੇ ਕਰੀਬ ਲੋਕਾਂ ਨੇ ਲਾਭ ਲਿਆ। ਦੱਸਣਯੋਗ ਹੈ ਕਿ ਕਾਈਰੋਪ੍ਰੈਕਟਿਕ ਇਲਾਜ਼ ਪ੍ਰਣਾਲੀ ਨੂੰ ਪੂਰੇ ਵਿਸ਼ਵ ਅੰਦਰ ਉਭਾਰਨ ਲਈ ਇਹ ਸੰਸਥਾ ਯਤਨਸ਼ੀਲ ਹੈ। ਇਸ ਤਹਿਤ ਕਰਮ ਦਰਦ, ਸਿਰ ਦਰਦ, ਗਰਦਨ ਦਰਦ, ਟਰੋਮਾ, ਲੱਤਾਂ ਦਾ ਦਰਦ, ਜੋੜਾਂ ਦਾ ਦਰਦ, ਰੀੜ ਦੀ ਹੱਡੀ ਦਾ ਦਰਦ ਆਦਿ ਤੋਂ ਛੁਟਕਾਰੇ ਲਈ ਇਲਾਜ਼ ਕੀਤਾ ਜਾਂਦਾ ਹੈ। ਖ਼ਾਸ ਤੌਰ 'ਤੇ ਇਹ ਇਲਾਜ਼ ਨਸਾਂ ਅਤੇ ਰੀੜ ਦੀ ਹੱਡੀ ਨਾਲ ਸਬੰਧਤ ਹੁੰਦਾ ਹੈ। ਇਸ ਅਨੁਸਾਰ ਬਿਨਾ ਦਵਾਈ ਤੋਂ ਪਿੱਠ, ਗਰਦਨ ਅਤੇ ਜੋੜਾਂ ਆਦਿ ਦੀ ਕਸਰਤ ਕਰਵਾਈ ਜਾਂਦੀ ਹੈ। ਐਸੋਸੀਏਸ਼ਨ ਦੇ ਚੇਅਰਮੈਨ ਡਾ. ਜਿਮੀ ਨੰਦਾ ਨੇ ਦੱਸਿਆ ਕਿ ਇਹ ਇਲਾਜ਼ ਪ੍ਰਣਾਲੀ ਬਿਲਕੁਲ ਕੁਦਰਤੀ ਹੈ। ਨਸਾਂ ਅਤੇ ਰੀੜ ਦੀ ਹੱਡੀ ਦਾ ਮਨੁੱਖੀ ਸਰੀਰ ਅੰਦਰ ਮਹੱਤਵਪੂਰਨ ਯੋਗਦਾਨ ਹੁੰਦਾ ਹੈ ਅਤੇ ਇਸ ਨੂੰ ਤੰਦਰੁਸਤ ਤੇ ਨਰੋਆ ਰੱਖਣ ਲਈ ਇਸ ਦੀ ਕਸਰਤ ਜ਼ਰੂਰੀ ਹੈ। ਕਾਇਰੋਪ੍ਰੈਕਟਿਕ ਰਾਹੀਂ ਇਹ ਸੰਭਵ ਹੈ। ਉਨ੍ਹਾਂ ਦੱਸਿਆ ਕਿ ਕੈਂਪ ਦੌਰਾਨ 20 ਮਾਹਿਰ ਡਾਕਟਰ ਅਮਰੀਕਾ, ਕੈਨੇਡਾ, ਸਪੇਨ, ਜਰਮਨੀ, ਇਟਲੀ, ਯੂ.ਕੇ. ਆਦਿ ਦੇਸ਼ਾਂ ਤੋਂ ਪੁੱਜੇ ਹਨ। ਉਨ੍ਹਾਂ ਦੱਸਿਆ ਕਿ ਇਸ ਵਕਤ ਪੂਰੇ ਭਾਰਤ ਅੰਦਰ ਇਸ ਦੇ ਕੇਵਲ 16 ਦੇ ਕਰੀਬ ਹੀ ਡਾਕਟਰ ਮੌਜੂਦ ਹਨ, ਜਦਕਿ ਐਸੋਸੀਏਸ਼ਨ ਵੱਲੋਂ ਇਸ ਇਲਾਜ਼ ਪ੍ਰਣਾਲੀ ਦੇ ਉਭਾਰ ਲਈ ਯਤਨ ਕੀਤੇ ਜਾ ਰਹੇ ਹਨ। ਇਸ ਦੌਰਾਨ ਸ਼੍ਰੋਮਣੀ ਕਮੇਟੀ ਨੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਕੈਂਪ ਲਗਾਉਣ ਪੁੱਜੇ ਡਾਕਟਰਾਂ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਉਨ੍ਹਾਂ ਕਿਹਾ ਕਿ ਐਸੋਸੀਏਸ਼ਨ ਦਾ ਇਹ ਯਤਨ ਮਨੁੱਖਤਾ ਦੇ ਭਲੇ ਲਈ ਹੈ ਤੇ ਲੋਕਾਂ ਨੂੰ ਇਸ ਤੋਂ ਲਾਭ ਲੈਣਾ ਚਾਹੀਦਾ ਹੈ।





## ਸ਼੍ਰੋਮਣੀ ਕਮੇਟੀ ਦੇ 99 ਸਾਲਾ ਸਥਾਪਨਾ ਦਿਵਸ ਮੌਕੇ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਸਮਾਗਮ





ਅੰਮ੍ਰਿਤਸਰ- 15 ਨਵੰਬਰ 1920 ਨੂੰ ਹੋਂਦ ਵਿਚ ਆਈ ਸਿੱਖ ਕੌਮ ਦੀ ਮਾਣਮੱਤੀ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ 99 ਸਾਲਾ ਸਥਾਪਨਾ ਦਿਵਸ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਵਿਖੇ ਸਥਿਤ ਇਤਿਹਾਸਕ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਮਨਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਜਿਸ ਮਗਰੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸੁਖਜਿੰਦਰ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ। ਭਾਈ ਕੁਲਵਿੰਦਰ ਸਿੰਘ ਵੱਲੋਂ ਅਰਦਾਸ ਮਗਰੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਵਧੀਕ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਹੁਕਮਨਾਮਾ ਸਰਵਣ ਕਰਵਾਇਆ। ਸਮਾਗਮ ਦੌਰਾਨ ਸ਼੍ਰੋਮਣੀ ਕਮੇਟੀ ਦੇ ਮੈਂਬਰ ਜਥੇਦਾਰ ਤੋਤਾ ਸਿੰਘ ਨੇ ਸੰਸਥਾ ਦੇ ਸ਼ਾਨਾਮੱਤੇ ਇਤਿਹਾਸ ਸਬੰਧੀ ਆਪਣੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੀ ਸਥਾਪਨਾ ਇਤਿਹਾਸਕ ਗੁਰਧਾਮਾਂ ਨੂੰ ਮਹੰਤਾਂ ਦੇ ਹੱਥਾਂ 'ਚੋਂ ਛੁਡਵਾ ਕੇ ਸੰਗਤੀ ਪ੍ਰਬੰਧ ਹੇਠ ਲਿਆਉਣ ਦਾ ਉਹ ਸਫ਼ਰ ਹੈ, ਜਿਸ ਨੂੰ ਤੈਅ ਕਰਨ ਲਈ ਸਿੱਖ ਕੌਮ ਨੇ ਵੱਡੀਆਂ ਸ਼ਹਾਦਤਾਂ ਦਿੱਤੀਆਂ। ਉਨ੍ਹਾਂ ਸ਼੍ਰੋਮਣੀ ਕਮੇਟੀ ਦੀ ਸਥਾਪਨਾ ਤੋਂ ਲੈ ਕੇ ਹੁਣ ਤੱਕ ਇਸ ਵੱਲੋਂ ਇਤਿਹਾਸਕ ਗੁਰਦੁਆਰਿਆਂ ਦਾ ਪੰਥਕ ਮਰਯਾਦਾ ਅਨੁਸਾਰ ਪ੍ਰਬੰਧ ਚਲਾਉਣ ਦੇ ਨਾਲ-ਨਾਲ ਧਰਮ ਪ੍ਰਚਾਰ ਅਤੇ ਲੋਕ ਭਲਾਈ ਦੇ ਖੇਤਰ ਵਿਚ ਕੀਤੇ ਕਾਰਜਾਂ ਨੂੰ ਵੀ ਯਾਦ ਕੀਤਾ। ਇਸ ਮੌਕੇ ਅੰਤ੍ਰਿੰਗ ਮੈਂਬਰ ਭਾਈ ਮਨਜੀਤ ਸਿੰਘ, ਸਕੱਤਰ ਸ. ਮਹਿੰਦਰ ਸਿੰਘ ਆਹਲੀ, ਸ. ਮਨਜੀਤ ਸਿੰਘ ਬਾਠ ਅਤੇ ਸ. ਸੁਖਦੇਵ ਸਿੰਘ ਭੂਰਾਕੋਹਨਾ ਨੇ ਵੀ ਸੰਬੋਧਨ ਕੀਤਾ।

ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸਾਬਕਾ ਮੁੱਖ ਗ੍ਰੰਥੀ ਗਿਆਨੀ ਮੋਹਨ ਸਿੰਘ, ਰਾਗੀ ਭਾਈ ਗੁਰਮੇਲ ਸਿੰਘ, ਸਾਬਕਾ ਅਕਾਊਂਟੈਂਟ ਸ. ਗੁਰਚਰਨ ਸਿੰਘ, ਸਾਬਕਾ ਸੇਵਾਦਾਰ ਸ. ਕਰਨੈਲ ਸਿੰਘ ਤੇ ਸਾਬਕਾ ਸਫਾਈ ਸੇਵਾਦਾਰ ਭਾਈ ਗੁਰਦੇਵ ਚੰਦ ਨੂੰ ਉਨ੍ਹਾਂ ਦੀਆਂ ਸੇਵਾਵਾਂ ਬਦਲੇ ਸਨਮਾਨਿਤ ਵੀ ਕੀਤਾ ਗਿਆ। ਇਸ ਸਮੇਂ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਾਮ ਸਿੰਘ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਸ. ਦਰਬਾਰਾ ਸਿੰਘ ਗੁਰੂ, ਸ. ਰਣਜੀਤ ਸਿੰਘ ਤਲਵੰਡੀ, ਸ. ਕਰਨੈਲ ਸਿੰਘ ਪੰਜੋਲੀ, ਸ. ਅਜਮੇਰ ਸਿੰਘ ਖੇੜਾ, ਬੀਬੀ ਜੋਗਿੰਦਰ ਕੌਰ, ਸ. ਸਵਿੰਦਰ ਸਿੰਘ ਸਭਰਵਾਲ, ਸ. ਕੁਲਦੀਪ ਸਿੰਘ ਤੇੜਾ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਡਾ. ਪਰਮਜੀਤ ਸਿੰਘ ਸਰੋਆ, ਸਾਬਕਾ ਸਕੱਤਰ ਸ. ਜੋਗਿੰਦਰ ਸਿੰਘ ਅਦਲੀਵਾਲ, ਸ. ਸਤਬੀਰ ਸਿੰਘ ਧਾਮੀ, ਮੀਤ ਸਕੱਤਰ ਸ. ਸਕੱਤਰ ਸਿੰਘ, ਸ. ਸਤਿੰਦਰ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਨਿਸ਼ਾਨ ਸਿੰਘ, ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਸੁਲੱਖਣ ਸਿੰਘ ਭੰਗਾਲੀ, ਸ. ਹਰਜਿੰਦਰ ਸਿੰਘ ਕੈਰੋਂਵਾਲ, ਸਹਾਇਕ ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ ਅਤੇ ਸ਼੍ਰੋਮਣੀ ਕਮੇਟੀ ਦਾ ਸਮੁੱਚਾ ਸਟਾਫ਼ ਹਾਜ਼ਰ ਸੀ।

## ਅਮਰੀਕੀ ਸੈਨੇਟ ਵੱਲੋਂ ਸਿੱਖਾਂ ਲਈ ਸ਼ਲਾਘਾ ਮਤੇ ਦਾ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕੀਤਾ ਸਵਾਗਤ

ਅੰਮ੍ਰਿਤਸਰ- ਅਮਰੀਕੀ ਸੈਨੇਟ ਵੱਲੋਂ ਸਿੱਖਾਂ ਸਬੰਧੀ ਸ਼ਲਾਘਾ ਮਤਾ ਪਾਸ ਕਰਨ ਦਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਵਾਗਤ ਕੀਤਾ ਹੈ। ਦੱਸਣਯੋਗ ਹੈ ਕਿ ਅਮਰੀਕਾ ਦੀ ਸੰਸਦ ਦੇ ਉਪਰਲੇ ਸਦਨ ਸੈਨੇਟ ਵਿਚ ਸਿੱਖਾਂ ਦੇ ਸਨਮਾਨ 'ਚ ਸਰਬਸੰਮਤੀ ਨਾਲ ਮਤਾ ਪਾਸ ਕੀਤਾ ਗਿਆ ਹੈ। ਇਸ ਵਿਚ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਦੇ ਇਤਿਹਾਸਕ, ਸੱਭਿਆਚਾਰਕ ਤੇ ਧਾਰਮਿਕ ਮਹੱਤਵ ਨੂੰ ਵੀ ਵਿਸ਼ੇਸ਼ ਤੌਰ 'ਤੇ ਦਰਸਾਇਆ ਗਿਆ ਹੈ। ਮਤੇ ਰਾਹੀਂ 7 ਸਿੱਖਾਂ ਦੇ ਯੋਗਦਾਨ ਨੂੰ ਵੀ ਸਲਾਹਿਆ ਗਿਆ। ਇਹ ਮਤਾ ਵੀਰਵਾਰ ਨੂੰ ਪਾਸ ਕੀਤਾ ਗਿਆ ਸੀ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਸਿੱਖ ਪੂਰੇ ਵਿਸ਼ਵ ਵਿਚ ਆਪਣੀ ਮਿਹਨਤ ਤੇ ਲਿਆਕਤ ਨਾਲ ਉੱਚ ਬੁਲੰਦੀਆਂ ਛੂਹ ਰਹੇ ਹਨ। ਇਹ ਆਪਣੇ ਗੁਰੂ ਸਾਹਿਬਾਨ ਦੀ ਵਿਚਾਰਧਾਰਾ ਅਤੇ ਸਿੱਖ ਰਹਿਣੀ ਅਨੁਸਾਰ ਹਰ ਇਕ ਨਾਲ ਮਿਲਵਰਤਨ ਰੱਖਦੇ ਹਨ। ਅੱਜ ਕਈ ਵਿਕਸਤ ਦੇਸ਼ਾਂ ਅੰਦਰ ਸਿੱਖ ਸਰਕਾਰਾਂ ਦਾ ਹਿੱਸਾ ਹੋਣ ਦੇ ਨਾਲ-ਨਾਲ ਵੱਖ-ਵੱਖ ਉੱਚ ਅਹੁਦਿਆਂ ਤੱਕ ਪਹੁੰਚੇ ਹੋਏ ਹਨ। ਵਿਦੇਸ਼ਾਂ ਅੰਦਰ ਕਾਰੋਬਾਰੀ ਸਿੱਖਾਂ ਦੀ ਵੀ ਸੂਚੀ ਬੇਅੰਤ ਲੰਮੀ ਹੈ।

ਉਨ੍ਹਾਂ ਕਿਹਾ ਕਿ ਸੇਵਾ, ਸਿਮਰਨ ਦੀ ਪ੍ਰੰਪਰਾ ਦੇ ਵਾਰਸ ਸਿੱਖ ਹਰ ਮੁਸ਼ਕਲ ਘੜੀ ਮਨੁੱਖਤਾ ਦੀ ਮੱਦਦ ਵਿਚ ਅੱਗੇ ਰਹੇ। ਅਮਰੀਕਾ ਵੱਲੋਂ ਸਿੱਖਾਂ ਦੇ ਯੋਗਦਾਨ ਦੀ ਸ਼ਲਾਘਾ ਕਰਨੀ ਗੁਰੂ ਸਾਹਿਬ ਜੀ ਦੀ ਸ਼ਾਨਾਮੱਤੀ ਵਿਰਾਸਤ ਤੇ ਵਿਚਾਰਧਾਰਾ ਦਾ ਸਤਿਕਾਰ ਹੈ।